ਖੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

ਪੰਜਾਬੀਅਤ ਦਾ ਪਹਿਰੇਦਾਰ

# ਦੇਸੀ ਪੰਜਾਬ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB MARCH Email : desipunjabchannel@gmail.com



ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519

## ਸੌ ਤੋਂ ਵੱਧ ਗੱਡੀਆਂ ਦਾ ਵਿਸ਼ਾਲ ਕਾਫਲਾ ਲੈ ਕੇ ਮੋਗਾ ਪਹੁੰਚੇ ਕਰੁਣ ਕੌੜਾ, "ਪੰਜਾਬ ਬਦਲਾਅ" ਦਾ ਦਿੱਤਾ ਮਜ਼ਬੂਤ ਸੰਦੇਸ਼ਵੱਡੀ ਗਿਣਤੀ ਵਿੱਚ ਲੋਕਾਂ ਦੀ ਭਾਗੀਦਾਰੀ ਨਾਲ ਬਦਲਾਅ ਅਤੇ ਵਿਕਾਸ ਲਈ ਜਾਗੀ ਨਵੀਂ ਉਮੀਦ

Desi Punjab YouTube www.desipunjab.in



---ਮੋਗਾ, 15 ਮਾਰਚ – ਭਾਰਤੀ ਜਨਤਾ ਪਾਰਟੀ ਦੇ ਆਗੂ ਸ਼੍ਰੀ ਕਰੁਣ ਕੌੜਾ ਜੀ ਦੀ ਅਗਵਾਈ ਹੇਠ ਪੰਜਾਬ ਵਿੱਚ ਬਦਲਾਅ ਅਤੇ ਵਿਕਾਸ ਦੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਵੱਡੇ ਪੱਧਰ 'ਤੇ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਕੜੀ ਵਿੱਚ ਸ਼੍ਰੀ ਕਰੁਣ ਕੌੜਾ ਜੀ ਸੌ ਤੋਂ ਵੱਧ ਗੱਡੀਆਂ ਦੇ ਵਿਸ਼ਾਲ ਕਾਫਲੇ ਨਾਲ ਮੋਗਾ ਪਹੁੰਚੇ ਅਤੇ "ਪੰਜਾਬ ਬਦਲਾਅ" ਦਾ ਸੰਦੇਸ਼ ਲੋਕਾਂ ਤੱਕ ਮਜ਼ਬੂਤੀ ਨਾਲ ਪਹੁੰਚਾਇਆ।ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋਏ ਅਤੇ ਪੰਜਾਬ ਦੇ ਮੌਜੂਦਾ ਹਾਲਾਤਾਂ, ਨੌਜਵਾਨਾਂ ਦੇ ਭਵਿੱਖ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਸੂਬੇ ਦੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਮੋਗਾ ਵਿੱਚ ਆਯੋਜਿਤ ਵਿਸ਼ਾਲ ਇਕੱਠ ਦੌਰਾਨ ਮਾਨਯੋਗ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਜੀ ਦੀ ਹਾਜ਼ਰੀ ਵਿੱਚ ਸ਼ਮੂਲੀਅਤ ਕਰਨ ਦਾ ਸੁਭਾਗ ਵੀ ਪ੍ਰਾਪਤ ਹੋਇਆ।

ਇਸ ਦੌਰਾਨ ਲੋਕਾਂ ਦਾ ਵੱਡਾ ਜਥਾ ਅਤੇ ਉਨ੍ਹਾਂ ਵਿੱਚ ਦੇਖਣ ਨੂੰ ਮਿਲਿਆ ਬੇਮਿਸਾਲ ਉਤਸ਼ਾਹ ਅਤੇ ਜੋਸ਼ ਇਹ ਦਰਸਾਉਂਦਾ ਹੈ ਕਿ ਪੰਜਾਬ ਦੇ ਲੋਕ ਵਿਕਾਸ, ਤਰੱਕੀ ਅਤੇ ਸੁਸ਼ਾਸਨ ਦੀ ਨਵੀਂ ਦਿਸ਼ਾ ਵੱਲ ਅੱਗੇ ਵੱਧਣ ਲਈ ਪੂਰੀ ਤਰ੍ਹਾਂ ਤਿਆਰ ਹਨ।ਇਸ ਮੌਕੇ ਸ਼੍ਰੀ ਕਰੁਣ ਕੌੜਾ ਜੀ ਨੇ ਕਿਹਾ ਕਿ ਲੋਕਾਂ ਦਾ ਵੱਡਾ ਸਮਰਥਨ ਅਤੇ ਸੌ ਤੋਂ ਵੱਧ ਗੱਡੀਆਂ ਦੇ ਇਸ ਵਿਸ਼ਾਲ ਕਾਫਲੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੇ ਇੱਕ ਨਵੇਂ ਦੌਰ ਦਾ ਆਗਾਜ਼ ਹੋ ਚੁੱਕਾ ਹੈ।

## ਫਿਲਮ ਧੁਰੰਦਰ 2 ਵਿਚ ਦਸਤਾਰਧਾਰੀ ਸਿੱਖ ਪਾਤਰ ਦੇ ਨਸ਼ੇ ਵਾਲੇ ਦ੍ਰਿਸ਼ ਬਦਲੇ ਜਾਣ ਨਹੀਂ ਤਾਂ ਹੋਵੇਗੀ ਕਾਨੂੰਨੀ ਕਾਰਵਾਈ ਅਤੇ ਵਿਰੋਧ ਪ੍ਰਦਰਸ਼ਨ: ਗੁਰਮੀਤ ਸਿੰਘ ਸ਼ੰਟੀ

### ਫਿਲਮ ਸੈਂਸਰ ਬੋਰਡ ਨੂੰ ਪੱਤਰ ਲਿਖ ਕੀਤੀ ਗਈ ਮੰਗ , ਦਿੱਲੀ ਕਮੇਟੀ ਵਲੋਂ ਇਸ ਮਾਮਲੇ ਤੇ ਚੁੱਪ ਰਹਿਣਾ ਨਮੋਸ਼ੀਜਨਕ

Desi Punjab YouTube www.desipunjab.in



ਨਵੀਂ ਦਿੱਲੀ 14 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਇੱਕ ਦਸਤਾਰਧਾਰੀ ਸਿੱਖ ਪਾਤਰ ਨੂੰ ਸਿਗਰਟ ਪੀਂਦੇ ਜਾਂ ਹੱਥ ਵਿੱਚ ਫੜੇ ਹੋਏ ਦਿਖਾਉਣਾ ਸਿੱਖ ਧਰਮ ਦੀਆਂ ਮਰਿਯਾਦਾਵਾਂ ਅਤੇ ਸਿਧਾਂਤਾਂ ਦੇ ਪੂਰੀ ਤਰ੍ਹਾਂ ਉਲਟ ਹੈ। ਸਿੱਖ ਰਹਿਤ ਮਰਿਯਾਦਾ ਵਿੱਚ ਤੰਬਾਕੂ (ਜਗਤ ਜੂਠ) ਦਾ ਸੇਵਨ "ਬੱਜਰ ਕੁਰਹਿਤਾਂ" ਵਿੱਚੋਂ ਇੱਕ ਮੰਨਿਆ ਜਾਂਦਾ ਹੈ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਰਦਾਰ ਗੁਰਮੀਤ ਸਿੰਘ ਸ਼ੰਟੀ ਨੈਸ਼ਨਲ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਰਾਸ਼ਟਰੀ ਬੁਲਾਰੇ ਅਤੇ ਸਾਬਕਾ ਜਨਰਲ ਸਕੱਤਰ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਨੇ ਕਿਹਾ ਕਿ ਫਿਲਮ ਧੁਰੰਦਰ 2 ਵਿਚ ਦਿਖਾਏ ਜਾ ਰਹੇ ਸਿੱਖ ਕਿਰਦਾਰ ਦੇ ਦ੍ਰਿਸ਼ਾ ਰਾਹੀਂ ਕੌਮ ਦੀਆਂ ਭਾਵਨਾਵਾਂ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਜੋ ਕਿ ਨਾਬਰਦਾਸ਼ਤ ਯੋਗ ਹੈ। ਉਨ੍ਹਾਂ ਕਿਹਾ ਸਿੱਖ ਧਰਮ ਵਿੱਚ ਕੇਸ ਅਤੇ ਦਸਤਾਰ ਗੁਰੂ ਦੀ ਬਖਸ਼ਿਸ਼ ਅਤੇ ਪਵਿੱਤਰਤਾ ਦਾ ਪ੍ਰਤੀਕ ਹਨ। ਦਸਤਾਰਧਾਰੀ ਵਿਅਕਤੀ ਦਾ ਸਿਗਰਟ ਪੀਣਾ ਸਿੱਖੀ ਦੀਆਂ ਮੂਲ ਕਦਰਾਂ- ਕੀਮਤਾਂ ਦੀ ਉਲੰਘਣਾ ਮੰਨਿਆ ਜਾਂਦਾ ਹੈ। ਇਸ ਲਈ ਅਜਿਹੇ ਦ੍ਰਿਸ਼ ਸਿੱਖ ਭਾਈਚਾਰੇ ਦੇ ਜਜ਼ਬਾਤਾਂ ਨੂੰ ਠੇਸ ਪਹੁੰਚਾ ਸਕਦਾ ਹੈ ਅਤੇ ਇਸ ਨੂੰ ਧਰਮ ਦੀ ਬੇਅਦਬੀ ਵਜੋਂ ਦੇਖਿਆ ਜਾ ਸਕਦਾ ਹੈ। ਉਨ੍ਹਾਂ ਦਸਿਆ ਜੇਕਰ ਫਿਲਮ ਅੰਦਰ ਕਹਾਣੀ ਦੀ ਮੰਗ ਅਨੁਸਾਰ ਕਿਸੇ ਪਾਤਰ ਦੀਆਂ ਬੁਰਾਈਆਂ ਦਿਖਾਉਣੀਆਂ ਹੋਣ, ਤਾਂ ਆਮ ਤੌਰ 'ਤੇ ਉਸ ਨੂੰ ਦਸਤਾਰਧਾਰੀ ਜਾਂ ਅੰਮ੍ਰਿਤਧਾਰੀ ਰੂਪ ਵਿੱਚ ਨਹੀਂ ਦਿਖਾਇਆ ਜਾਂਦਾ, ਕਿਉਂਕਿ ਦਸਤਾਰ ਇੱਕ ਉੱਚੇ ਇਖ਼ਲਾਕੀ ਜੀਵਨ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਇਸ ਲਈ ਅਸੀਂ ਸੈਂਸਰ ਬੋਰਡ ਨੂੰ ਇਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਇਸ ਫਿਲਮ ਉਪਰ ਤੁਰੰਤ ਕਾਰਵਾਈ ਕਰਦਿਆਂ ਸਿੱਖ ਪਾਤਰ ਦੇ ਹੱਥਾਂ ਵਿਚ ਦਿਖਾਈ ਜਾ ਰਹੀ ਨਸ਼ੇ ਦੀ ਸਮਗਰੀ ਵਾਲੇ ਦ੍ਰਿਸ਼ ਹਟਵਾਏ ਜਾਣ ਜ਼ੇਕਰ ਫਿਲਮ ਨਿਰਮਾਤਾ ਨਹੀਂ ਮੰਨਦਾ ਤਾਂ ਫਿਲਮ ਨੂੰ ਬੈਨ ਕੀਤਾ ਜਾਏ। ਉਨ੍ਹਾਂ ਲਿਖਿਆ ਜ਼ੇਕਰ ਤੁਸੀਂ ਇਸ ਵਿਚ ਅਸਫਲ ਹੁੰਦੇ ਹੋ ਤਾਂ ਫਿਲਮ ਵਿਰੁੱਧ ਵੱਡੇ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤੇ ਜਾ ਸਕਦੇ ਹਨ ਜਿਸ ਕਰਕੇ ਇਸਨੂੰ ਸਿਨੇਮਾ ਹਾਲ ਵਾਲੇ ਪ੍ਰਦਰਸ਼ਿਤ ਹੋਣ ਤੇ ਰੋਕ ਸਕਦੇ ਹਨ। ਇਸਦੇ ਨਾਲ ਹੀ ਅਸੀਂ ਤੁਹਾਨੂੰ ਸੂਚਿਤ ਕਰਦੇ ਹਾਂ ਕਿ ਫਿਲਮ ਨਿਰਮਾਤਾ ਵਿਰੁੱਧ ਸਿੱਖ ਪੰਥ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰਣ ਕਰਕੇ ਬਣਦੀ ਕਾਨੂੰਨੀ ਕਾਰਵਾਈ ਵੀ ਕੀਤੀ ਜਾਏਗੀ ਅਤੇ ਅਕਾਲ ਤਖਤ ਸਾਹਿਬ ਤੇ ਵੀ ਇਸ ਬਾਰੇ ਸ਼ਿਕਾਇਤ ਕੀਤੀ ਜਾਏਗੀ। ਉਨ੍ਹਾਂ ਦਸਿਆ ਇਸ ਪੱਤਰ ਦੀ ਕਾਪੀ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਐਸਜੀਪੀਸੀ ਪ੍ਰਧਾਨ, ਅਤੇ ਦਿੱਲੀ ਪੁਲਿਸ ਦੇ ਅਪਰਾਧ ਸ਼ਾਖਾ ਦੇ ਜੋਇੰਟ ਕਮਿਸ਼ਨਰ ਨੂੰ ਬਣਦੀ ਕਾਰਵਾਈ ਲਈ ਭੇਜੀ ਜਾਏਗੀ । ਅੰਤ ਵਿਚ ਉਨ੍ਹਾਂ ਕਿਹਾ ਇਸ ਕੰਮ ਲਈ ਦਿੱਲੀ ਗੁਰਦੁਆਰਾ ਕਮੇਟੀ ਦੇ ਪ੍ਰਬੰਧਕ ਅਤੇ ਧਰਮ ਪ੍ਰਚਾਰ ਵਿੰਗ ਦੇ ਮੁੱਖੀ ਨੂੰ ਇਸ ਮਾਮਲੇ ਵਿਚ ਤੁਰੰਤ ਅੱਗੇ ਆਣਾ ਚਾਹੀਦਾ ਸੀ ਪਰ ਉਨ੍ਹਾਂ ਦੀ ਹਰ ਖੇਤਰ ਵਿਚ ਕਾਰਗੁਜਾਰੀ ਜੀਰੋ ਹੋਣ ਕਰਕੇ ਇਸ ਮਾਮਲੇ ਵਿਚ ਚੁੱਪ ਰਹਿਣਾ ਨਮੋਸ਼ੀਜਨਕ ਹੈ।

## ਸੁਰਜੀਤ ਸਿੰਘ ਰੱਖੜਾ ਵੱਲੋਂ 18 ਮਾਰਚ ਨੂੰ ਹੋਣ ਵਾਲੇ ਰੋਸ ਧਰਨੇ ਸੰਬੰਧੀ ਲਾਮਬੰਦੀ ਜਾਰੀ ਰੋਸ ਧਰਨੇ 'ਚ ਸ਼ਾਮਿਲ ਹੋਣਾ ਸਾਡਾ ਸਭ ਦਾ ਨੈਤਿਕ ਫ਼ਰਜ਼: ਸੁਰਜੀਤ ਸਿੰਘ ਰੱਖੜਾ



Desi Punjab YouTube www.desipunjab.in

ਪਟਿਆਲਾ, 14 ਮਾਰਚ 2026ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ 18 ਮਾਰਚ ਨੂੰ ਡੀਸੀ ਦਫ਼ਤਰ ਪਟਿਆਲਾ ਵਿਖੇ ਹੋਣ ਵਾਲੇ ਰੋਸ ਧਰਨੇ ਦੀ ਤਿਆਰੀਆਂ ਨੂੰ ਤੇਜ਼ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ ਵੱਲੋਂ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਦਾ ਦੌਰ ਜਾਰੀ ਹੈ। ਇਸ ਸੰਬੰਧੀ ਅੱਜ ਪਿੰਡ ਮੰਡੌਰ ਵਿਖੇ ਪਾਰਟੀ ਵਰਕਰਾਂ ਅਤੇ ਆਗੂਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਖ਼ਾਲਸਾ ਪਿਛਲੇ 17 ਮਹੀਨਿਆਂ ਤੋਂ 400 ਫੁੱਟ ਉੱਚੇ ਟਾਵਰ 'ਤੇ ਬੈਠ ਕੇ ਸੰਘਰਸ਼ ਕਰ ਰਹੇ ਹਨ ਅਤੇ ਉਨ੍ਹਾਂ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਇਸ ਲਈ ਉਨ੍ਹਾਂ ਦੀ ਮੰਗ ਦਾ ਸਮਰਥਨ ਕਰਨਾ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਬਣਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਸਮੂਹ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਤੁਰੰਤ ਸਖ਼ਤ ਕਾਨੂੰਨ ਬਣਾਇਆ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਦੁਖਦਾਈ ਘਟਨਾਵਾਂ ਨੂੰ ਰੋਕਿਆ ਜਾ ਸਕੇ। ਇਸ ਮੌਕੇ ਰਣਧੀਰ ਸਿੰਘ ਰੱਖੜਾ ਜ਼ਿਲ੍ਹਾ ਪ੍ਰਧਾਨ, ਸਤਵਿੰਦਰ ਸਿੰਘ ਟੌਹੜਾ ਮੈਂਬਰ ਸ਼੍ਰੋਮਣੀ ਪ੍ਰਬੰਧਕ ਕਮੇਟੀ, ਹਰਜੀਤ ਸਿੰਘ ਸਰਕਲ ਪ੍ਰਧਾਨ, ਹਰੀ ਸਿੰਘ ਪ੍ਰੀਤ ਕੰਬਾਈਨ, ਜਰਨੈਲ ਸਿੰਘ, ਯਾਦਵਿੰਦਰ ਸਿੰਘ ਪੰਚ, ਮਹਿੰਦਰ ਸਿੰਘ, ਦਲੀਪ ਸਿੰਘ, ਰਸ਼ਪਾਲ ਸਿੰਘ, ਜਸਵੀਰ ਸਿੰਘ ਰਿੰਕੂ, ਰਣਜੀਤ ਸਿੰਘ ਪੰਚ, ਪੰਡਿਤ ਹੰਸਰਾਜ, ਰਾਮ ਸਿੰਘ ਭਗਤ, ਹਰਪ੍ਰੀਤ ਸਿੰਘ ਸਰਪੰਚ, ਸ਼ਿੰਗਾਰਾ ਸਿੰਘ ਅਤੇ ਹੋਰ ਪੰਤਵੰਤੇ ਸੱਜਣ ਮੌਜੂਦ ਰਹੇ।

## ਭਾਜਪਾ ਦੀ ਰੈਲੀ 'ਤੇ ਵੜਿੰਗ ਨੇ ਕੱਸਿਆ ਤੰਜ - ਦੱਸਿਆ-ਆਉਟਸੋਰਸ ਕੀਤਾ ਹੋਇਆ ਸ਼ੋਅ, ਬਾਹਰੋਂ ਲਿਆਂਦੇ ਗਏ ਮੇਜ਼ਬਾਨ ਤੇ ਮਹਿਮਾਨਕਿਹਾ: ਮੋਗਾ ਰੈਲੀ ਵਿੱਚ ਪੰਜਾਬੀਆਂ ਨਾਲੋਂ ਬਾਹਰਲੇ ਲੋਕ ਜ਼ਿਆਦਾ ਸਨਸਵਾਲ: ਸ਼ਾਹ ਨੇ ਪੰਜਾਬ ਲਈ ਕੀ ਨਵਾਂ ਦਿੱਤਾ ?

Desi Punjab YouTube www.desipunjab.in



ਚੰਡੀਗੜ੍ਹ, 14 ਮਾਰਚ: ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਦੀਆਂ ਫੜ੍ਹਾਂ ਅਤੇ ਦਾਅਵਿਆਂ ਦੇ ਬਾਵਜੂਦ ਮੋਗਾ ਵਿੱਚ ਹੋਈ ਰੈਲੀ ਪੂਰੀ ਤਰ੍ਹਾਂ ਫਿੱਕੀ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਇਹ ਰੈਲੀ "ਪੂਰੀ ਤਰ੍ਹਾਂ ਆਉਟਸੋਰਸ ਕੀਤਾ ਹੋਇਆ ਸ਼ੋਅ" ਸੀ, ਜਿਸ ਵਿੱਚ ਮੇਜ਼ਬਾਨ ਅਤੇ ਮਹਿਮਾਨ ਦੋਵੇਂ ਧਿਰ ਬਾਹਰੀ ਸਨ।ਵੜਿੰਗ ਨੇ ਕਿਹਾ ਕਿ ਇਹ ਰੈਲੀ ਦਰਅਸਲ ਆਮ ਆਦਮੀ ਪਾਰਟੀ ਸਰਕਾਰ ਦੀ ਪੂਰੀ ਮਦਦ ਨਾਲ ਕਰਵਾਈ ਗਈ ਹੈ ਅਤੇ ਲੋਕਾਂ ਨੂੰ ਰਾਜਸਥਾਨ ਤੇ ਹਰਿਆਣਾ ਵਰਗੇ ਗੁਆਂਢੀ ਸੂਬਿਆਂ ਤੋਂ ਲਿਆਂਦਾ ਗਿਆ ਸੀ, ਜਿਨ੍ਹਾਂ ਦੋਵਾਂ ਸੂਬਿਆਂ ਵਿੱਚ ਭਾਜਪਾ ਦੀ ਸਰਕਾਰ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਇਸ ਪੰਜਾਬ ਰੈਲੀ ਵਿੱਚ ਪੰਜਾਬੀਅਤ ਦਾ ਕੋਈ ਅਸਰ ਨਹੀਂ ਸੀ, ਕਿਉਂਕਿ ਹਰ ਚੀਜ਼ ਬਾਹਰੋਂ ਲਿਆਂਦੀ ਹੋਈ ਸੀ।ਸੂਬਾ ਕਾਂਗਰਸ ਪ੍ਰਧਾਨ ਨੇ ਦਾਅਵਾ ਕੀਤਾ ਕਿ ਪੰਜਾਬ ਸਰਕਾਰ ਨੇ ਇਸ ਰੈਲੀ ਨੂੰ "ਪੂਰੇ ਦਿਲੋਂ" ਸਮਰਥਨ ਦਿੱਤਾ ਸੀ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਉਹਨਾਂ ਲੋਕਾਂ ਨੂੰ ਹਿਰਾਸਤ ਵਿੱਚ ਲੈ ਰਹੀ ਸੀ, ਜਿਨ੍ਹਾਂ 'ਤੇ ਰੈਲੀ ਦਾ ਵਿਰੋਧ ਕਰਨ ਦਾ ਸ਼ੱਕ ਸੀ। ਵੜਿੰਗ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਬੀਜੇਪੀ ਦੀ ਰੈਲੀ ਨੂੰ ਦਿੱਤਾ ਗਿਆ ਇਹ ਸਮਰਥਨ ਪੰਜਾਬ ਦੇ ਲੋਕਾਂ ਤੋਂ ਲੁਕਿਆ ਨਹੀਂ ਰਹਿ ਸਕਿਆ, ਕਿਉਂਕਿ ਲੋਕ ਪਹਿਲਾਂ ਹੀ ਜਾਣਦੇ ਹਨ ਕਿ ਆਮ ਆਦਮੀ ਪਾਰਟੀ ਭਾਜਪਾ ਦਾ ਹੀ ਦੂਜਾ ਰੂਪ ਹੈ।ਵੜਿੰਗ ਨੇ ਜ਼ੋਰ ਦਿੰਦਿਆਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਜੋ ਕੁਝ ਕਿਹਾ, ਉਹ ਪੰਜਾਬ ਦੇ ਲੋਕ ਪਹਿਲਾਂ ਹੀ ਜਾਣਦੇ ਹਨ। ਉਨ੍ਹਾਂ ਸਵਾਲ ਕੀਤਾ ਕਿ ਇਸ ਵਿੱਚ ਨਵਾਂ ਕੀ ਸੀ। ਪੰਜਾਬ ਦੇ ਲੋਕਾਂ ਨੂੰ ਸਮੱਸਿਆਵਾਂ ਦਾ ਪਤਾ ਹੈ, ਤੁਹਾਨੂੰ ਉਹਨਾਂ ਦੇ ਹੱਲ ਦੇਣੇ ਚਾਹੀਦੇ ਸਨ, ਪਰ ਤੁਸੀਂ ਇਸ ਵਿੱਚ ਨਾਕਾਮ ਰਹੇ। ਉਨ੍ਹਾਂ ਸ਼ਾਹ ਨੂੰ ਕਿਹਾ ਕਿ ਲੋਕ ਹੁਣ ਤੁਹਾਡੇ ਖੋਖਲੇ ਭਾਸ਼ਣਾਂ ਨਾਲ ਪ੍ਰਭਾਵਿਤ ਨਹੀਂ ਹੋਣਗੇ।

## ਮੋਗਾ ਦੀ ਬਦਲਾਅ ਰੈਲੀ ਵਿੱਚ ਗੂੰਜਿਆ ਵਿਕਾਸ ਦਾ ਸੰਕਲਪ, 2027 ਵਿੱਚ ਪੰਜਾਬ ਵਿੱਚ ਬਣੇਗੀ ਭਾਜਪਾ ਸਰਕਾਰ: ਸੰਜੀਵ ਖੰਨਾ

Desi Punjab YouTube www.desipunjab.in



ਜ਼ੀਰਕਪੁਰ,14 ਮਾਰਚ(ਹਿਮਾਂਸ਼ੂ ਹੈਰੀ):ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਵਿੱਚ ਆਯੋਜਿਤ ਭਾਰਤੀ ਜਨਤਾ ਪਾਰਟੀ ਦੀ ਬਦਲਾਅ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਕਾਰਕੁਨਾਂ ਅਤੇ ਨੇਤਾਵਾਂ ਦੀ ਭਾਗੀਦਾਰੀ ਦੇਖਣ ਨੂੰ ਮਿਲੀ। ਡੇਰਾਬੱਸੀ ਤੋਂ ਭਾਜਪਾ ਨੇਤਾ ਅਤੇ ਸੂਬਾ ਸਕੱਤਰ ਸੰਜੀਵ ਖੰਨਾ ਵੀ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਨਾਲ ਬੱਸਾਂ ਵਿੱਚ ਸਵਾਰ ਹੋ ਕੇ ਰੈਲੀ ਵਿੱਚ ਪਹੁੰਚੇ ਅਤੇ ਇਸ ਪ੍ਰੋਗਰਾਮ ਨੂੰ ਇਤਿਹਾਸਕ ਦੱਸਿਆ। ਰੈਲੀ ਨੂੰ ਸੰਬੋਧਨ ਕਰਦਿਆਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਦੀ ਮੌਜੂਦਾ ਸਰਕਾਰ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਰਾਜ ਵਿੱਚ ਪ੍ਰਸ਼ਾਸਨਿਕ ਪ੍ਰਬੰਧ ਕਮਜ਼ੋਰ ਨਜ਼ਰ ਆ ਰਹੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸਾਲ 2027 ਵਿੱਚ ਪੰਜਾਬ ਦੀ ਜਨਤਾ ਭਾਜਪਾ ਨੂੰ ਪੂਰਨ ਬਹੁਮਤ ਦੇ ਕੇ ਰਾਜ ਵਿੱਚ ਵਿਕਾਸ ਦੀ ਨਵੀਂ ਸਰਕਾਰ ਬਣਾਏਗੀ। ਸ਼ਾਹ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਿਛਲੇ ਸਾਲਾਂ ਵਿੱਚ ਦੇਸ਼ ਭਰ ਵਿੱਚ ਵਿਕਾਸ ਅਤੇ ਸੁਸ਼ਾਸਨ ਦਾ ਮਾਡਲ ਪੇਸ਼ ਕੀਤਾ ਹੈ, ਜਿਸਦਾ ਲਾਭ ਹਰ ਰਾਜ ਨੂੰ ਮਿਲਿਆ ਹੈ। ਇਸ ਮੌਕੇ ਸੂਬਾ ਸਕੱਤਰ ਸੰਜੀਵ ਖੰਨਾ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੰਜਾਬ ਲਈ ਭਾਜਪਾ ਦਾ ਸਪਸ਼ਟ ਰੋਡਮੈਪ ਸਾਹਮਣੇ ਰੱਖਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਭਾਜਪਾ ਸਰਕਾਰ ਦੇ ਨੇਤ੍ਰਿਤਵ ਹੇਠ ਦੇਸ਼ ਵਿੱਚ ਬੁਨਿਆਦੀ ਢਾਂਚੇ, ਰਾਸ਼ਟਰੀ ਸੁਰੱਖਿਆ ਅਤੇ ਗਰੀਬ ਕਲਿਆਣ ਦੇ ਖੇਤਰ ਵਿੱਚ ਇਤਿਹਾਸਕ ਕੰਮ ਹੋਏ ਹਨ। ਉਨ੍ਹਾਂ ਦੱਸਿਆ ਕਿ ਭਾਜਪਾ ਸ਼ਾਸਿਤ ਰਾਜਾਂ ਵਿੱਚ ਵੀ ਵਿਕਾਸ, ਨਿਵੇਸ਼ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇ ਮਾਡਲ ਸਥਾਪਿਤ ਹੋਏ ਹਨ, ਜੋ ਪੰਜਾਬ ਲਈ ਵੀ ਪ੍ਰੇਰਣਾ ਬਣ ਸਕਦੇ ਹਨ। ਸੰਜੀਵ ਖੰਨਾ ਨੇ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਬਦਲਾਅ ਚਾਹੁੰਦੀ ਹੈ ਅਤੇ ਭਾਜਪਾ ਉਸ ਬਦਲਾਅ ਦੀ ਅਗਵਾਈ ਕਰਨ ਲਈ ਤਿਆਰ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ 2027 ਦੀ ਵਿਧਾਨ ਸਭਾ ਚੋਣ ਵਿੱਚ ਭਾਜਪਾ ਵਿਕਾਸ ਅਤੇ ਸੁਸ਼ਾਸਨ ਦੇ ਏਜੰਡੇ ਨਾਲ ਮੈਦਾਨ ਵਿੱਚ ਉਤਰੇਗੀ ਅਤੇ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ। ਸੰਜੀਵ ਖੰਨਾ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਆਪਣੇ ਸੰਬੋਧਨ ਵਿੱਚ ਇਹ ਵੀ ਸਪਸ਼ਟ ਕੀਤਾ ਕਿ ਭਾਜਪਾ ਪੰਜਾਬ ਵਿੱਚ ਆਪਣੇ ਦਮ 'ਤੇ ਚੋਣ ਲੜੇਗੀ ਅਤੇ ਮਜ਼ਬੂਤ ਸੰਗਠਨ ਨਾਲ ਜਨਤਾ ਦੇ ਵਿਚਕਾਰ ਜਾਵੇਗੀ। ਸੰਜੀਵ ਖੰਨਾ ਨੇ ਰੈਲੀ ਵਿੱਚ ਸ਼ਾਮਲ ਹੋਏ ਸਾਰੇ ਕਾਰਕੁਨਾਂ ਅਤੇ ਨੇਤਾਵਾਂ ਦਾ ਧੰਨਵਾਦ ਕਰਦਿਆਂ ਇਸਨੂੰ ਭਾਜਪਾ ਲਈ ਇਤਿਹਾਸਕ ਅਤੇ ਪ੍ਰੇਰਣਾਦਾਇਕ ਆਯੋਜਨ ਦੱਸਿਆ।

## ਮੋਗਾ ਵਿਖੇ ਅਮਿਤ ਸ਼ਾਹ ਦੇ ਆਉਣ ਤੇ ਪੰਜਾਬੀਆਂ ਤੇ ਸਿੱਖਾਂ ਵੱਲੋਂ ਆਪਣੇ ਘਰਾਂ ਤੇ ਕਾਰੋਬਾਰਾਂ ਤੇ ਕਾਲੇ ਝੰਡੇ ਲਗਾਕੇ ਰੋਸ ਜਾਹਰ ਕਰਨਾ ਵਧੀਆ ਉਪਰਾਲਾ: ਮਾਨ, ਜ਼ਮਹੂਰੀਅਤ ਢੰਗ ਨਾਲ ਰੋਸ਼ ਕਰਨ ਵਾਲੇ ਆਗੂਆਂ ਨੂੰ ਗ੍ਰਿਫਤਾਰ ਕਰਨਾ ਗੈਰ ਕਾਨੂੰਨੀ

Desi Punjab YouTube www.desipunjab.in



ਨਵੀਂ ਦਿੱਲੀ, 14 ਮਾਰਚ (ਮਨਪ੍ਰੀਤ ਸਿੰਘ ਖਾਲਸਾ):- "ਕਿਉਂਕਿ ਸੈਂਟਰ ਦੀ ਮੋਦੀ ਹਕੂਮਤ ਅਤੇ ਉਸ ਵਿਚ ਸਾਮਿਲ ਅਮਿਤ ਸ਼ਾਹ ਅਨੇਕਾ ਹੀ ਵਜੀਰ ਅਤੇ ਇਨ੍ਹਾਂ ਦੀਆਂ ਖੁਫੀਆ ਏਜੰਸੀਆ ਦੇ ਮੁੱਖੀਆ ਵੱਲੋ ਬੀਤੇ ਸਮੇ ਵਿਚ ਇਕ ਸਾਜਿਸ ਤਹਿਤ ਬਾਹਰਲੇ ਮੁਲਕਾਂ ਵਿਚ ਵੱਸਣ ਵਾਲੇ ਸਿਰਕੱਢ ਸਿੱਖਾਂ ਨੂੰ ਨਿਸ਼ਾਨਾਂ ਬਣਾਕੇ ਕਤਲ ਕੀਤੇ ਗਏ । ਇੰਡੀਆ ਦੀ ਮੋਦੀ ਹਕੂਮਤ ਜਿਸ ਵਿਚ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾ ਅਤੇ ਸਾਬਕਾ ਰਾਅ ਮੁੱਖੀ ਨੇ ਕੈਨੇਡਾ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਦੇ ਕਤਲ ਕਰਵਾਏ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ । ਜਦੋ ਤੋ ਸੈਂਟਰ ਵਿਚ ਮੋਦੀ ਹਕੂਮਤ ਬਣੀ ਹੈ, ਉਸ ਸਮੇ ਤੋ ਹੀ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨਾਲ ਵਿਤਕਰੇ ਅਤੇ ਜ਼ਬਰ ਘੱਟਣ ਦੀ ਬਜਾਇ ਵੱਧ ਗਿਆ ਹੈ । ਅੱਜ ਵੀ ਸਿੱਖ ਨੌਜਵਾਨਾਂ ਨੂੰ ਝੂਠੇ ਪੁਲਿਸ ਮੁਕਾਬਲਿਆ ਵਿਚ ਕਤਲ ਕੀਤਾ ਜਾਂਦਾ ਆ ਰਿਹਾ ਹੈ । ਪੰਜਾਬ ਦੀ ਆਰਥਿਕਤਾ ਨੂੰ ਮਜਬੂਤੀ ਦੇਣ ਲਈ ਇਸ ਮੋਦੀ ਹਕੂਮਤ ਵੱਲੋ ਆਪਣੇ 11 ਸਾਲਾਂ ਵਿਚ ਪੰਜਾਬ ਨੂੰ ਕੁਝ ਵੀ ਨਹੀ ਦਿੱਤਾ ਗਿਆ । ਬਲਕਿ ਸਾਡੀਆ ਸਰਹੱਦਾਂ ਨਾ ਖੋਲ੍ਹਕੇ ਸਾਡੀ ਆਰਥਿਕਤਾ ਨੂੰ ਹੋਰ ਵੀ ਡੂੰਘੀ ਸੱਟ ਮਾਰੀ ਜਾ ਰਹੀ ਹੈ । ਕੇਂਦਰ ਦੀਆਂ ਪੰਜਾਬ ਤੇ ਸਿੱਖ ਕੌਮ ਵਿਰੋਧੀ ਨੀਤੀਆਂ ਦੀ ਬਦੌਲਤ ਹੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਦਲ ਖਾਲਸਾ ਨੇ ਸਾਂਝੇ ਤੌਰ ਤੇ ਸਿੱਖ ਕੌਮ ਨੇ 14 ਮਾਰਚ ਨੂੰ ਆਪਣੇ ਘਰਾਂ ਤੇ ਕਾਰੋਬਾਰਾਂ ਉਤੇ ਕਾਲੇ ਝੰਡੇ ਲਗਾਕੇ ਸਿੱਖ ਕੌਮ ਦੇ ਇਨ੍ਹਾਂ ਕਾਤਲਾਂ ਤੇ ਪੰਜਾਬ ਵਿਰੋਧੀ ਤਾਕਤਾਂ ਵਿਰੁੱਧ ਰੋਸ ਜਾਹਰ ਕਰਨ ਦੀ ਕਾਲ ਦਿੱਤੀ ਸੀ । ਜਿਸ ਨੂੰ ਪੰਜਾਬੀਆਂ ਤੇ ਸਿੱਖਾਂ ਨੇ ਪ੍ਰਵਾਨ ਕਰਕੇ ਵੱਡੇ ਪੱਧਰ ਤੇ ਕਾਲੇ ਝੰਡੇ ਵੀ ਲਗਾਏ ਅਤੇ ਮੋਗਾ ਵਿਖੇ ਰੈਲੀ ਵਿਚ ਸਾਮਿਲ ਹੋਣ ਲਈ ਪਹੁੰਚਕੇ ਰੋਸ ਜਾਹਰ ਕਰਨ ਵਾਲੇ ਸਿੱਖਾਂ ਨੂੰ ਜਬਰੀ ਗ੍ਰਿਫਤਾਰ ਕਰਕੇ ਜਮਹੂਰੀਅਤ ਅਤੇ ਸਮਾਜਿਕ ਲੀਹਾਂ ਦਾ ਕੇਂਦਰ ਤੇ ਪੰਜਾਬ ਸਰਕਾਰ ਨੇ ਘਾਣ ਕੀਤਾ ਹੈ । ਜਿਸਦੀ ਅਸੀ ਕਰੜੇ ਸ਼ਬਦਾਂ ਵਿਚ ਜਿਥੇ ਨਿੰਦਾ ਕਰਦੇ ਹਾਂ, ਉਥੇ ਮੌਜੂਦਾ ਜਿਥੇ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋ ਅਪਣਾਈ ਜਾਬਰ ਨੀਤੀ ਦੇ ਨਤੀਜਿਆ ਨੂੰ ਭੁਗਤਣ ਲਈ ਖਬਰਦਾਰ ਵੀ ਕਰਦੇ ਹਾਂ ।"ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬੀਆਂ ਤੇ ਸਿੱਖਾਂ ਵੱਲੋ ਅਮਿਤ ਸ਼ਾਹ ਵੱਲੋ ਪੰਜਾਬ ਵਿਚ ਦਾਖਲ ਹੋਣ ਤੇ ਕਾਲੀਆਂ ਝੰਡੀਆਂ ਨਾਲ ਰੋਸ ਜਾਹਰ ਕਰਨ ਦੇ ਪ੍ਰੋਗਰਾਮ ਲਈ ਪੰਜਾਬੀਆਂ, ਸਿੱਖਾਂ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਅਹੁਦੇਦਾਰਾਂ ਦਾ ਧੰਨਵਾਦ ਕਰਦੇ ਹੋਏ ਪ੍ਰਗਟ ਕੀਤੇ। ਉਥੇ ਉਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜਰਨਲ ਸਕੱਤਰ ਸ. ਹਰਪਾਲ ਸਿੰਘ ਬਲੇਰ, ਜਥੇਬੰਦਕ ਸਕੱਤਰ ਜਸਵੀਰ ਸਿੰਘ ਬੱਚੜੇ, ਦਿਲਬਾਗ ਸਿੰਘ ਸੇਰੋ, ਬਲਵੀਰ ਸਿੰਘ ਬੱਛੋਆਣਾ, ਚਾਨਣ ਸਿੰਘ ਘਰਿਆਲਾ, ਮੋਗਾ, ਫਰੀਦਕੋਟ, ਮਾਨਸਾ, ਸੰਗਰੂਰ, ਬਰਨਾਲਾ ਆਦਿ ਜ਼ਿਲ੍ਹਿਆ ਦੇ ਵਰਕਰਾਂ ਨੂੰ ਘਰਾਂ ਵਿਚੋ ਗ੍ਰਿਫਤਾਰ ਕਰਨ ਦੇ ਅਮਲ ਕੇਂਦਰ ਅਤੇ ਪੰਜਾਬ ਸਰਕਾਰ ਦੀ ਲੋਕਾਂ ਵਿਚ ਵਿਰੋਧਤਾ ਤੇ ਪੈਦਾ ਹੋ ਰਹੀ ਬੁਖਲਾਹਟ ਨੂੰ ਪ੍ਰਤੱਖ ਕਰਦੇ ਹਨ । ਸ. ਮਾਨ ਨੇ ਪੰਜਾਬੀਆਂ ਤੇ ਸਿੱਖਾਂ ਨੂੰ ਹਾਰਦਿਕ ਸੰਦੇਸ ਦਿੰਦੇ ਹੋਏ ਕਿਹਾ ਕਿ ਜੋ ਪੰਜਾਬ ਸੂਬੇ ਤੇ ਸਿੱਖ ਵਿਰੋਧੀ ਜਮਾਤਾਂ ਪੰਜਾਬੀਆਂ ਨੂੰ ਕਈ ਤਰ੍ਹਾਂ ਦੇ ਥੋੜਚਿਰੇ ਲਾਲਚ ਦੇ ਕੇ ਅਤੇ ਸਬਜਬਾਗ ਦਿਖਾਕੇ ਕੇਵਲ ਤੇ ਕੇਵਲ ਪੰਜਾਬੀਆਂ ਦੀ ਅਣਖ ਭਰੀ ਸੋਚ ਤੇ ਸੂਬੇ ਉਤੇ ਕਾਬਜ ਹੋਣਾ ਲੋਚਦੇ ਹਨ ਜਦੋਕਿ ਇਨ੍ਹਾਂ ਕੋਲ ਪੰਜਾਬ ਸੂਬੇ ਦੀ ਬਿਹਤਰੀ ਅਤੇ ਪੰਜਾਬੀਆਂ ਦੇ ਲੰਮੇ ਸਮੇ ਤੋ ਲਟਕਦੇ ਆ ਰਹੇ ਮਸਲਿਆਂ ਲਈ ਕੋਈ ਯੋਜਨਾ ਨਹੀ ਹੈ । ਇਸ ਲਈ ਪੰਜਾਬੀਆਂ ਨੂੰ ਚਾਹੀਦਾ ਹੈ ਕਿ ਇਨ੍ਹਾਂ ਦੇ ਇਕੱਠਾਂ ਦਾ ਬਾਈਕਾਟ ਕਰਕੇ ਆਉਣ ਵਾਲੇ ਸਮੇਂ ਵਿਚ ਜਦੋ ਵੀ ਪੰਜਾਬ ਸੂਬੇ ਦੀਆਂ ਚੋਣਾਂ ਹੋਣ ਤਾਂ ਬੀਜੇਪੀ-ਆਰ.ਐਸ.ਐਸ ਕਾਂਗਰਸ, ਆਮ ਆਦਮੀ ਪਾਰਟੀ ਅਤੇ ਪੰਜਾਬ ਵਿਰੋਧੀ ਤਾਕਤਾਂ ਨੂੰ ਸਮੂਹਿਕ ਰੂਪ ਵਿਚ ਵੱਡੀ ਹਾਰ ਦੇ ਕੇ ਪੰਜਾਬ ਸੂਬੇ ਪੱਖੀ ਪੰਥਕ ਸਰਕਾਰ ਕਾਇਮ ਕਰਨ ਵਿਚ ਯੋਗਦਾਨ ਪਾਉਣ ।

# ਪਿੰਡ ਮੋਹਣਮਾਜਰਾ ਦੇ ਅੱਧੇ ਪਿੰਡ ਪੀਣ ਵਾਲੇ ਪਾਣੀ ਨੂੰ ਤਰਸੇ

ਨਵਾਂਸ਼ਹਿਰ /ਕਾਠਗੜ੍ਹ 14 ਮਾਰਚ (ਜਤਿੰਦਰ ਪਾਲ ਸਿੰਘ ਕਲੇਰ ) ਕਾਠਗੜ੍ਹ ਦੇ ਨੇੜੇ ਪਿੰਡ ਮੋਹਣਮਾਜਰਾ ਵਿਖੇ ਲੱਗਭਗ ਅੱਧੇ ਪਿੰਡ ਪੀਣ ਵਾਲੇ ਪਾਣੀ ਦੀ ਸਪਲਾਈ ਨਾ ਮਿਲਣ ਪਿੰਡ ਵਾਸੀਆਂ ਹਾਹਾਕਾਰ ਮਚ ਗਈ । ਪਿੰਡ ਵਾਸੀ ਔਰਤਾਂ ਅਤੇ ਹੋਰ ਲੋਕਾਂ ਨੇ ਦੱਸਿਆ ਕੇ ਸਾਡੇ ਪਿੰਡ ਨੂੰ ਨਿੰਘੀ ਵਾਟਰ ਵਰਕਸ ਤੋਂ ਪਾਣੀ ਦੀ ਸਪਲਾਈ ਮਿਲਦੀ ਹੈ। ਪਰ ਗਰਮੀ ਦੀ ਸ਼ੁਰੂਆਤ ਹੋਣ ਦੇ ਨਾਲ ਹੀ ਅੱਧੇ ਪਿੰਡ ਵਿੱਚ ਜੋ ਕੇ ਪਿੰਡ ਨੇ ਉੱਚੀ ਜਗ੍ਹਾ ਤੇ ਆਪਣੇ ਮਕਾਨ ਬਣਾਏ ਹੋਏ ਹਨ। ਉੱਥੇ ਪਿਛਲੇ ਚਾਰ ਦਿਨਾਂ ਤੋਂ ਨਹੀ ਪੁੱਜ ਰਿਹਾ ਜਦੋਂ ਕੇ ਪਿਛਲੇ ਸਮੇਂ ਦੌਰਾਨ ਪਾਣੀ ਆਮ ਵਾਂਗ ਹਰ ਜਗ੍ਹਾ ਪੁੱਜਦਾ ਸੀ ।ਕੁਝ ਨਗਰ ਨਿਵਾਸੀਆਂ ਨੇ ਦੱਸਿਆ ਕੇ ਅਸੀਂ ਇਸ ਦੀ ਸ਼ਿਕਾਇਤ ਟਿਊਬਵੈੱਲ ਉਪਰੇਟਰ ਕੀਤੀ ਸੀ ।ਪਰ ਉਸ ਸਮੱਸਿਆ ਦਾ ਅਜੇ ਤੱਕ ਹੱਲ ਨਹੀਂ ਹੋ ਸਕਿਆ। ਜਦੋਂ ਲੋਕਾਂ ਦੀ ਸਮੱਸਿਆ ਸਬੰਧੀ ਵਾਟਰ ਸਪਲਾਈ ਦੇ ਜੇ ਈ ਮੋਹਿਤ ਕੁਮਾਰ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਵਾਰ ਵਾਰ ਫੋਨ ਤੇ ਉਨ੍ਹਾਂ ਨੇ ਫੋਨ ਚੁੱਕਣ ਦੀ ਖੇਚਲ ਨਹੀ ਕੀਤੀ। ਜਦੋਂ ਇਸ ਬਾਅਦ



ਐਸ ਡੀ ਓ ਮਨਜੀਤ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਵਿਸ਼ਵਾਸ ਦਿਵਾਇਆ ਕੇ ਇਸ ਮਸਲੇ ਦਾ ਤਰੁੰਤ ਹੱਲ ਕਰਕੇ ਪਿੰਡ ਵਾਸੀਆਂ ਨੂੰ ਪਾਣੀ ਲਗਾਤਾਰ ਜਾਰੀ ਕੀਤੀ ਜਾਵੇਗੀ।

# ਘੱਟ ਗਿਣਤੀ ਤੇ ਦਲਿਤ ਦਲ ਦੀ ਮੀਟਿੰਗ ’ਚ ਸੰਘਾਤਮਕ ਢਾਂਚੇ ਅਤੇ ਰਾਜਾਂ ਦੇ ਅਧਿਕਾਰਾਂ ’ਤੇ ਚਰਚਾ



ਬੱਸੀ ਪਠਾਣਾਂ, 14 ਮਾਰਚ (ਚੰਨਪ੍ਰੀਤ ਪਨੇਸਰ) : ਘੱਟ ਗਿਣਤੀ ਅਤੇ ਦਲਿਤ ਦਲ ਦੀ ਇੱਕ ਵਿਸ਼ੇਸ਼ ਮੀਟਿੰਗ ਜਥੇਬੰਦੀ ਦੇ ਮੁੱਖ ਦਫ਼ਤਰ ਬੱਸੀ ਪਠਾਣਾਂ ਵਿਖੇ ਸੂਬਾ ਪ੍ਰਧਾਨ ਅਤੇ ਸ਼੍ਰੋਮਣੀ ਆਕਾਲੀ ਦਲ (ਪੁਨਰ ਸੁਰਜੀਤ) ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਹਰਵੇਲ ਸਿੰਘ ਮਾਧੋਪੁਰ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਦੇਸ਼ ਦੇ ਸੰਘਾਤਮਕ ਢਾਂਚੇ ਦੀ ਮਜ਼ਬੂਤੀ ਅਤੇ ਰਾਜਾਂ ਨੂੰ ਵੱਧ ਅਧਿਕਾਰ ਦੇਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਹਰਵੇਲ ਸਿੰਘ ਮਾਧੋਪੁਰ ਨੇ ਕਿਹਾ ਕਿ ਘੱਟ ਗਿਣਤੀ ਵਰਗਾਂ ਨੂੰ ਆਪਣੀ ਪਹਿਚਾਣ, ਸਭਿਆਚਾਰ ਅਤੇ ਅਧਿਕਾਰਾਂ ਦੀ ਰੱਖਿਆ ਲਈ ਇਕਜੁੱਟ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਰਾਜਾਂ ਦੀਆਂ ਖੇਤਰੀ ਪਾਰਟੀਆਂ ਨਾਲ ਸਾਂਝ ਬਣਾਕੇ ਹੀ ਸੰਘਾਤਮਕ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਕੇਂਦਰ ਵਿੱਚ ਬੈਠੀਆਂ ਰਾਸ਼ਟਰੀ ਪਾਰਟੀਆਂ ਵੱਲੋਂ ਰਾਜਾਂ ਦੇ ਅਧਿਕਾਰ ਘਟਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਦੇ ਖਿਲਾਫ ਖੇਤਰੀ ਪਾਰਟੀਆਂ ਨੂੰ ਇਕੱਠਾ ਹੋ ਕੇ ਆਵਾਜ਼ ਉਠਾਉਣੀ ਚਾਹੀਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਵਿੱਚ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਜ਼ਰੂਰੀ ਹੈ ਕਿ ਰਾਜਾਂ ਨੂੰ ਸੰਵਿਧਾਨਕ ਹੱਕ ਪੂਰੀ ਤਰ੍ਹਾਂ ਮਿਲਣ ਅਤੇ ਸੂਬਾਈ ਪੱਧਰ ’ਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ। ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਦੇ ਹੱਕਾਂ ਲਈ ਸੰਘਰਸ਼ ਜਾਰੀ ਰੱਖਣ ਦਾ ਫੈਸਲਾ ਕੀਤਾ।

ਮੀਟਿੰਗ ਵਿੱਚ ਭਗਤ ਸਿੰਘ ਪੰਜਕੋਹਾ, ਦਲਬਾਰਾ ਸਿੰਘ, ਅਜਮੇਰ ਸਿੰਘ ਬਡਲਾ, ਮੇਜਰ ਸਿੰਘ ਸ਼ਹੀਦਗੜ੍ਹ, ਪਰਮਿੰਦਰ ਸਿੰਘ, ਰਾਕੇਸ਼ ਕੁਮਾਰ, ਸੁਰਜੀਤ ਸਿੰਘ ਖਾਲਸਪੁਰ, ਗੁਰਨਾਮ ਸਿੰਘ ਨੌਗਾਵਾਂ, ਸੁਖਦੇਵ ਸੁਖ, ਪਰੇਮ ਸਿੰਘ ਖਾਲਸਾ, ਹਰਬੰਸ ਸਿੰਘ ਭੜੀ, ਜਸਵਿੰਦਰ ਸਿੰਘ ਸੁਹਾਵੀ, ਅਮਰਜੀਤ ਸਿੰਘ ਹਾਜੀਪੁਰ, ਜੋਧ ਸਿੰਘ ਕਲੌੜ, ਜੋਗਾ ਸਿੰਘ ਡੰਘੇੜੀਆਂ, ਸੁਖਵਿੰਦਰ ਸਿੰਘ ਝਾਮਪੁਰ, ਗੁਰਪਾਲ ਸਿੰਘ ਨੌਗਾਵਾਂ, ਉਜਾਗਰ ਸਿੰਘ, ਸੰਪੂਰਨ ਸਿੰਘ, ਮਲਜੀਤ ਸਿੰਘ ਬਧੌਛੀ, ਦਰਸ਼ਨ ਸਿੰਘ ਹਮੰਡਗੜ੍ਹ, ਅਵਤਾਰ ਸਿੰਘ ਫਗਣਮਾਜਰਾ, ਸ਼ਿੰਗਾਰਾ ਸਿੰਘ ਬੱਸੀ ਅਤੇ ਗੁਰਮੇਲ ਸਿੰਘ ਜੜਖੇਲਾਂ ਸਮੇਤ ਕਈ ਆਗੂ ਹਾਜ਼ਰ ਸਨ।

# ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ 17 ਮਾਰਚ ਨੂੰ ਧੂਰੀ ਵਿਖੇ ਹੋ ਰਹੀ ਰੈਲੀ ਸਬੰਧੀ ਬਾਲੀਆਂ ਜੋਨ ਦੇ ਵੱਖ ਵੱਖ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਲਾਮਬੰਦ ਕੀਤਾ

ਧੂਰੀ 14 ਮਾਰਚ ( ਸੁਰਿੰਦਰ ਸਿੰਘ ) ਬਾਲੀਆਂ ਜੋਨ ਤੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ 17 ਮਾਰਚ ਨੂੰ ਧੂਰੀ ਵਿਖੇ ਹੋ ਰਹੀ ਰੈਲੀ ਸਬੰਧੀ ਬਾਲੀਆਂ ਜੋਨ ਦੇ ਵੱਖ ਵੱਖ ਪਿੰਡਾਂ ਵਿੱਚ ਪਹੁੰਚ ਕੇ ਲੋਕਾਂ ਨੂੰ ਲਾਮਬੰਦ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਅਤੇ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ ਕਾਂਝਲਾ ਨੇ ਕਿਹਾ ਕਿ ਬਾਲੀਆਂ ਜੋਨ



ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਰੈਲੀ ਨੂੰ ਲੇ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਜਿੱਥੇ ਪੰਜਾਬ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਅਤੇ ਉੱਥੇ ਹੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਧੂਰੀ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ । ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਧੂਰੀ ਹਲਕੇ ਦੇ ਲੋਕ ਮੁੱਖ ਮੰਤਰੀ ਭਗਵੰਤ ਮਾਨ ਦੀ ਰੈਲੀ ਵਿੱਚ ਪਹੁੰਚਣ ਲਈ ਉਤਾਵਲੇ ਹਨ । ਇਸ ਮੌਕੇ ਰਣਜੋਧ ਸਿੰਘ ਕਾਂਝਲਾ ਚੇਅਰਮੈਨ ਜ਼ਿਲ੍ਹਾ ਬਲਾਕ ਸੰਮਤੀ ਧੂਰੀ , ਕੁਲਵਿੰਦਰ ਸਿੰਘ ਹਸਨਪੁਰ , ਅਮਰਦੀਪ ਸਿੰਘ ਧਾਂਦਰਾ , ਸੁਖਵੰਤ ਸਿੰਘ ਬਾਲੀਆਂ , ਗੁਗਨੀ, ਜੱਗਾ ਬਟੂਹਾ , ਬਲਕਾਰ ਨੱਤਾ , ਨੰਬਰਦਾਰ ਕਿਲਾ ਹਕੀਮਾਂ , ਬੂਟਾ ਸੁਲਤਾਨਪੁਰ , ਮੱਖਣ ਕਾਂਝਲਾ ਅਤੇ ਹੋਰ ਬਲਾਕ ਸੰਮਤੀ ਮੈਂਬਰ ਅਤੇ ਸਰਪੰਚ ਪੰਚ ਹਾਜ਼ਰ ਸਨ ।

# ਕਰਮਜੀਤ ਸਿੰਘ ਢੀਂਡਸਾ ਇੰਟਕ ਫੈਡਰੇਸ਼ਨ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਨਿਯੁਕਤ

ਬੱਸੀ ਪਠਾਣਾਂ, 14 ਮਾਰਚ (ਚੰਨਪ੍ਰੀਤ ਪਨੇਸਰ) : ਉੱਘੇ ਸਮਾਜ ਸੇਵਕ ਅਤੇ ਸੀਨੀਅਰ ਕਾਂਗਰਸੀ ਆਗੂ ਕਰਮਜੀਤ ਸਿੰਘ ਢੀਂਡਸਾ ਨੂੰ ਆਲ ਇੰਡੀਆ ਨੈਸ਼ਨਲ ਟ੍ਰੇਡ ਯੂਨੀਅਨ ਕਾਂਗਰਸ (ਇੰਟਕ) ਫੈਡਰੇਸ਼ਨ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਇੰਟਕ ਪੰਜਾਬ ਅਤੇ ਚੰਡੀਗੜ੍ਹ ਦੇ ਪ੍ਰਧਾਨ ਡਾ. ਮਨੋਹਰ ਸਿੰਘ ਵੱਲੋਂ ਜਾਰੀ ਨਿਯੁਕਤੀ ਪੱਤਰ ਰਾਹੀਂ ਕੀਤੀ ਗਈ।



ਡਾ. ਮਨੋਹਰ ਸਿੰਘ ਨੇ ਕਿਹਾ ਕਿ ਕਰਮਜੀਤ ਸਿੰਘ ਢੀਂਡਸਾ ਲੰਮੇ ਸਮੇਂ ਤੋਂ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਅਤੇ ਖ਼ਾਸ ਕਰਕੇ ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਵਿੱਚ ਸਮਾਜਿਕ, ਧਾਰਮਿਕ ਸੰਸਥਾਵਾਂ ਅਤੇ ਮਜ਼ਦੂਰ ਜਥੇਬੰਦੀਆਂ ਨਾਲ ਜੁੜੇ ਹੋਏ ਹਨ। ਉਨ੍ਹਾਂ ਦੀ ਸਰਗਰਮ ਸੇਵਾ ਨੂੰ ਦੇਖਦਿਆਂ ਉਨ੍ਹਾਂ ਨੂੰ ਇਹ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਕਿਹਾ ਕਿ ਢੀਂਡਸਾ ਦੀ ਨਿਯੁਕਤੀ ਨਾਲ ਜ਼ਿਲ੍ਹੇ ਵਿੱਚ ਇੰਟਕ ਫੈਡਰੇਸ਼ਨ ਅਤੇ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ।ਜ਼ਿਕਰਯੋਗ ਹੈ ਕਿ ਉਨ੍ਹਾਂ ਦੀ ਧਰਮ ਪਤਨੀ ਬਲਜੀਤ ਕੌਰ ਵੀ ਨਗਰ ਕੌਂਸਲ ਬੱਸੀ ਪਠਾਣਾਂ ਦੇ ਮੀਤ ਪ੍ਰਧਾਨ ਵਜੋਂ ਸੇਵਾਵਾਂ ਨਿਭਾ ਰਹੇ ਹਨ।

ਇਸ ਮੌਕੇ ਕਰਮਜੀਤ ਸਿੰਘ ਢੀਂਡਸਾ ਨੇ ਡਾ. ਮਨੋਹਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇੰਟਕ ਫੈਡਰੇਸ਼ਨ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਨਿਭਾਉਣਗੇ। ਉਨ੍ਹਾਂ ਇੰਟਕ ਦੇ ਨੈਸ਼ਨਲ ਪ੍ਰੈਸੀਡੈਂਟ ਹੌਸ਼ੀਲਾ ਪ੍ਰਸਾਦ ਅਤੇ ਵਰਕਿੰਗ ਪ੍ਰੈਸੀਡੈਂਟ ਸ਼ੈਤਾਨ ਸਿੰਘ ਦਾ ਵੀ ਧੰਨਵਾਦ ਕੀਤਾ। ਢੀਂਡਸਾ ਨੇ ਦੱਸਿਆ ਕਿ ਜਲਦੀ ਹੀ ਡਾ. ਮਨੋਹਰ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਬੱਸੀ ਪਠਾਣਾਂ ਅਤੇ ਅਮਲੋਹ ਹਲਕਿਆਂ ਵਿੱਚ ਇੰਟਕ ਦੀਆਂ ਇਕਾਈਆਂ ਦਾ ਗਠਨ ਕੀਤਾ ਜਾਵੇਗਾ,ਤਾਂ ਜੋ ਜ਼ਿਲ੍ਹੇ ਅੰਦਰ ਇੰਟਕ ਅਤੇ ਕਾਂਗਰਸ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾ ਸਕੇ।

ਇਸ ਮੌਕੇ ਓਮ ਪ੍ਰਕਾਸ਼ ਤਾਂਗੜੀ, ਰਮੇਸ਼ ਗੁਪਤਾ, ਭੁਪਿੰਦਰ ਸਿੰਘ ਹੁਸੈਨਪੁਰ, ਮਨਜੀਤ ਸਿੰਘ ਨੰਦਪੁਰ, ਸਾਬਕਾ ਕੌਂਸਲਰ ਸ਼ਾਮ ਸਿੰਘ, ਕਿਸ਼ੋਰੀ ਲਾਲ ਚੁੱਘ, ਪਵਨ ਸ਼ਰਮਾ, ਜ਼ੈਲਦਾਰ ਘੁਮੰਡਗੜ੍ਹ, ਸਾਬਕਾ ਸਰਪੰਚ ਸੁਖਪ੍ਰੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਗੌਲਡੀ ਸਮੇਤ ਹੋਰ ਆਗੂ ਮੌਜੂਦ ਸਨ।

# ਫ਼ਿਜ਼ੀਕਲ ਕਾਲਜ ਪਟਿਆਲਾ ਵਲੋਂ ਲਗਾਇਆ ਗਿਆ ਸੱਤ ਰੋਜ਼ਾ ਐੱਨ.ਐੱਸ.ਐੱਸ.ਕੈਂਪ

ਪ੍ਰੋ. ਗੁਰਸੇਵਕ ਸਿੰਘ ਗੌਰਮਿੰਟ ਕਾਲਜ ਆਫ਼ ਫ਼ਿਜ਼ੀਕਲ ਐਜੂਕੇਸ਼ਨ ਵਲੋਂ ਸਮਾਜ ਸੇਵਾ ਅਤੇ ਅਨੁਸ਼ਾਸਨ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਹਿੱਤ ਕਾਲਜ ਦੇ ਪ੍ਰਿੰਸੀਪਲ ਕਰਨਲ ਪਰਮਿੰਦਰ ਸਿੰਘ ਦੀ ਅਗਵਾਈ ਹੇਠ 5 ਤੋਂ 12 ਮਾਰਚ ਤੱਕ ਸੱਤ ਰੋਜ਼ਾ ਐੱਨ.ਐੱਸ.ਐੱਸ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਕਾਲਜ ਦੇ ਐੱਨ.ਐੱਸ.ਐੱਸ ਵਲੰਟੀਅਰਾਂ ਨੇ ਭਰਪੂਰ ਸਹਿਯੋਗ ਦਿੱਤਾ ਅਤੇ ਵਲੰਟੀਅਰਾਂ ਵਲੋਂ ਕਾਲਜ ਵਿਚ ਕਈ ਰੁੱਖ ਅਤੇ ਪੌਦੇ ਲਗਾਏ ਗਏ। ਵਲੰਟੀਅਰਾਂ ਨੇ ਭਾਦਸੋਂ ਰੋਡ ‘ਤੇ ਪੈਂਦੇ ਪਿੰਡ ਸਿੱਧੂਵਾਲ ਨੂੰ ਸੇਵਾ ਲਈ ਅਪਣਾਇਆ ਗਿਆ। ਇਸ ਪਿੰਡ ਦੀਆਂ ਕਈਂ ਥਾਵਾਂ ‘ਤੇ ਵਲੰਟੀਅਰਾਂ ਵਲੋਂ ਸਫ਼ਾਈ ਮੁਹਿੰਮ ਜਾਰੀ ਰੱਖੀ ਗਈ ਅਤੇ ਪਿੰਡ ਵਾਸੀਆਂ ਨੂੰ ਵੀ ਸੇਵਾ ਅਤੇ ਸਫ਼ਾਈ




ਦੀ ਅਹਿਮੀਅਤ ਬਾਰੇ ਜਾਣੂ ਕਰਾਇਆ। ਕੈਂਪ ਦੌਰਾਨ ਵਿਦਿਆਰਥੀਆਂ ਨੂੰ ਸਮਾਜ ਸੇਵਾ ਪ੍ਰਤੀ ਉਤਸ਼ਾਹਿਤ ਕਰਨ ਲਈ ਪ੍ਰਸਿੱਧ ਸਮਾਜ ਸੇਵੀ ਤਲਵਾੜ ਜੀ ਦਾ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਉਹਨਾਂ ਕਿਹਾ ਕਿ ਇਸ ਕਿਸਮ ਦੇ ਕੈਂਪਾਂ ਵਿੱਚ ਲਗਾਤਾਰ ਜੁੜੇ ਰਹਿ ਕੇ ਵਿਦਿਆਰਥੀ ਰਾਸ਼ਟਰ ਪ੍ਰਤੀ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਅ ਸਕਦੇ ਹਨ। ਇਹੋ ਜਿਹੇ ਕੈਂਪ ਹੀ ਵਿਦਿਆਰਥੀਆਂ ਨੂੰ ਸਮਾਜ ਦੇ ਬਿਹਤਰ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਸਹਾਈ ਹੁੰਦੇ ਹਨ। ਵਿਦਿਆਰਥੀਆਂ ਨੇ ਸਮਾਜ ਸੇਵਾ ਦੀ ਥੀਮ ਅਧੀਨ ਜਾਗਰੂਕਤਾ ਲਈ ਪੋਸਟਰ ਤਿਆਰ ਕੀਤੇ ਅਤੇ ਖੇਡਾਂ ਵੀ ਕਰਵਾਈਆਂ। ਕੈਂਪ ਦੇ ਅੰਤਿਮ ਦਿਨ ‘ਨੁੱਕੜਵਾਲਾ ਗਰੁੱਪ’ ਤੋਂ ਰਾਜੇਸ਼ ਸ਼ਰਮਾ ਵਲੋਂ ਸਮਾਜ ਸੇਵਾ ਦੀ ਥੀਮ ਤੇ ਇੱਕ ਨੁੱਕੜ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਕਾਲਜ ਦੇ ਅਫ਼ਸਰ ਡਾ.ਲਖਵਿੰਦਰ ਸਿੰਘ ਨੇ ਐੱਨ.ਐੱਨ.ਐੱਸ ਦੀ ਮਹੱਤਤਾ ਦੱਸਦੇ ਹੋਏ ਵਿਦਿਆਰਥੀਆਂ ਨੂੰ ‘ਮੈਂ ਨਹੀਂ ਤੁਸੀਂ’ ਦੇ ਮੋਟੋ ਨਾਲ ਜਾਣੂ ਕਰਾਇਆ। ਕੈਂਪ ਦੀਆਂ ਸਮੂਹ ਗਤੀਵਿਧੀਆਂ ਦੌਰਾਨ ਪ੍ਰੋ. ਸੁਪ੍ਰੀਤ ਸਿੰਘ ਸਹਾਇਕ ਅਫ਼ਸਰ ਵਜੋਂ ਗਤੀਸ਼ੀਲ ਰਹੇ।

# ਗੁਰਦੁਆਰਾ ਸ਼ਹੀਦਾਂ ਲੱਧੇਵਾਲ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ

ਦਲਵਿੰਦਰ ਸਿੰਘ ਮਨੋਚਾ, ਗੜ੍ਹਸ਼ੰਕਰ: ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਦੇਸ਼ ਵਿਦੇਸ਼ ਦੀ ਸਮੂਹ ਸੰਗਤ ਵੱਲੋਂ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਸੇਵਾ ਸੋਸਾਇਟੀ ਮਾਹਿਲਪੁਰ ਦੇ ਸਹਿਯੋਗ ਨਾਲ ਨਾਨਕਸ਼ਾਹੀ ਸੰਮਤ 557 ਨਵੇਂ ਸਾਲ 1 ਚੇਤ ਦੀ ਆਮਦ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਭਾਈ ਗੁਰਭੇਜ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਬਲਵੀਰ ਸਿੰਘ ਹੁਸੈਨਪੁਰੀ ਕਵੀਸ਼ਰੀ ਜਥਾ, ਗਿਆਨੀ ਮਨਜੀਤ ਸਿੰਘ ਜੀ ਢਾਡੀ ਜਥਾ, ਭਾਈ ਪਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਜੀਂਦੋਵਾਲ, ਭਾਈ ਹਰਮੇਸ਼ ਸਿੰਘ ਹਜ਼ੂਰੀ ਢਾਡੀ ਗੁਰਦੁਆਰਾ



ਸ਼ਹੀਦਾਂ ਲੱਧੇਵਾਲ ਅਤੇ ਭਾਈ ਗੁਰਜਿੰਦਰ ਸਿੰਘ ਕਥਾਵਾਚਕ ਨੇ ਸੰਗਤ ਨੂੰ ਗੁਰਬਾਣੀ ਕੀਰਤਨ, ਢਾਡੀ ਵਾਰਾਂ ਅਤੇ ਕਥਾ ਵਿਚਾਰ ਰਾਹੀਂ ਨਿਹਾਲ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸੰਤ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲੇ, ਬਾਬਾ ਜੰਗ ਸਿੰਘ ਜੀ, ਬਲਦੇਵ ਸਿੰਘ ਕਲਿਆਣ ਜੂਨੀਅਰ ਮੀਤ ਪ੍ਰਧਾਨ, ਡਾਕਟਰ ਦਲਜੀਤ ਸਿੰਘ ਭਿੰਡਰ, ਡਾਕਟਰ ਜੰਗ ਬਹਾਦਰ ਸਿੰਘ ਰਾਏ, ਅੰਤਰਿੰਗ ਕਮੇਟੀ ਮੈਂਬਰ, ਹਰਮਿੰਦਰ ਸਿੰਘ ਸੰਧੂ ਹਲਕਾ ਇੰਚਾਰਜ ਚੱਬੇਵਾਲ ਸ਼੍ਰੋਮਣੀ ਅਕਾਲੀ ਦਲ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ , ਸੰਤ ਹਰਮੀਤ ਸਿੰਘ,ਸੰਤ ਜਗਤਾਰ ਸਿੰਘ, ਮੈਨੇਜਰ ਗੁਰਦਿਆਲ ਸਿੰਘ, ਠੇਕੇਦਾਰ ਹਰਦੀਪ ਸਿੰਘ ਸਰਪੰਚ, ਇਕਬਾਲ ਸਿੰਘ ਖੇੜਾ, ਰਜੇਸ਼ ਗੁਪਤਾ, ਕਮਲਪ੍ਰੀਤ ਸਿੰਘ ,ਲਖਵੀਰ ਸਿੰਘ ਰਾਣਾ, ਪਰਮਜੀਤ ਸਿੰਘ ਮੇਗੋਵਾਲ, ਬੱਬੂ ਸਕਰੂਲੀ, ਮਨੋਹਰ ਸਿੰਘ, ਦਇਆ ਸਿੰਘ ਮੇਗੋਵਾਲ, ਪਰਮਿੰਦਰ ਸਿੰਘ ਮਾਹਿਲਪੁਰੀ, ਹਰਬੰਸ ਸਿੰਘ ਸਰਹਾਲਾ, ਲਵਪ੍ਰੀਤ ਸਿੰਘ ਖਾਨਪੁਰ, ਜਸਪਾਲ ਸਿੰਘ ਖਾਨਪੁਰ, ਜਗਮੋਹਨ ਸਿੰਘ ਜੱਗੀ, ਕੁਲਬੀਰ ਸਿੰਘ ਗੋਬਿੰਦਪੁਰੀ, ਅਵਤਾਰ ਸਿੰਘ ਬਾਹੋਵਾਲ ਆਦਿ ਹਾਜ਼ਰ ਸਨ।

# ਵਿਧਾਇਕ ਗੁਰਲਾਲ ਘਨੌਰ ਵੱਲੋਂ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਮੌਕੇ ਘਨੌਰ ਅਨਾਜ ਮੰਡੀ ਵਿੱਚ ਵਿਸ਼ਾਲ ਸੰਤ ਸੰਮੇਲਨ

ਘਨੌਰ, 14 ਮਾਰਚ:ਹਲਕਾ ਘਨੌਰ ਦੇ ਵਿਧਾਇਕ ਸ. ਗੁਰਲਾਲ ਘਨੌਰ ਵੱਲੋਂ ਹਲਕਾ ਨਿਵਾਸੀਆਂ ਦੇ ਸਹਿਯੋਗ ਨਾਲ ਅਤੇ ਸਤਗੁਰ ਨਿਰੰਜਨ ਦਾਸ ਜੀ, ਮੌਜੂਦਾ ਗੱਦੀ ਨਸ਼ੀਨ, ਡੇਰਾ ਸੱਚਖੰਡ ਬੱਲਾਂ ਦੇ ਅਸ਼ੀਰਵਾਦ ਸਦਕਾ ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ਾਲ ਸੰਤ ਸੰਮੇਲਨ ਘਨੌਰ ਦੀ ਅਨਾਜ ਮੰਡੀ ਵਿਖੇ ਬੜੀ ਸ਼ਰਧਾ, ਭਾਵਨਾ ਅਤੇ ਧਾਰਮਿਕ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਸਮਾਗਮ ਵਿੱਚ ਇਲਾਕੇ ਦੀਆਂ ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਾ ਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਸ਼ਰਧਾ ਭੇਟ ਕੀਤੀ।



ਇਸ ਦੌਰਾਨ ਵਿਧਾਇਕ ਸ. ਗੁਰਲਾਲ ਘਨੌਰ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਭਲਾਈ ਲਈ ਕਈ ਮਹੱਤਵਪੂਰਨ ਯੋਜਨਾਵਾਂ ਜਿਵੇਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਵਰਗੀਆਂ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਲਾਭ ਵੱਡੀ ਗਿਣਤੀ ਵਿੱਚ ਲੋਕਾਂ ਤੱਕ ਪਹੁੰਚ ਰਿਹਾ ਹੈ।

ਵਿਧਾਇਕ ਸ. ਗੁਰਲਾਲ ਘਨੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਸਾਰੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਹੈ ਅਤੇ ਉਨ੍ਹਾਂ ਦੇ ਉਪਦੇਸ਼ ਸਾਨੂੰ ਸਦਾ ਸੱਚਾਈ, ਇਨਸਾਫ ਅਤੇ ਸਮਾਨਤਾ ਦੇ ਰਾਹ ’ਤੇ ਚੱਲਣ ਦੀ ਸਿੱਖਿਆ ਦਿੰਦੇ ਹਨ। ਉਨ੍ਹਾਂ ਕਿਹਾ ਕਿ ਅਜੇਹੇ ਧਾਰਮਿਕ ਸਮਾਗਮ ਸਮਾਜ ਵਿੱਚ ਸਕਾਰਾਤਮਕ ਸੋਚ ਅਤੇ ਇਕਤਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਦੌਰਾਨ ਸੰਤ ਬਾਬਾ ਮਨਦੀਪ ਸਿੰਘ ਜੀ ਨੇ ਧਾਰਮਿਕ ਕੀਰਤਨ, ਵਚਨ ਅਤੇ ਗੁਰਬਾਣੀ ਦੇ ਰਸਭਰੇ ਕੀਰਤਨ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ। ਵੱਡੀ ਗਿਣਤੀ ਵਿੱਚ ਸੰਗਤ ਦੀ ਹਾਜ਼ਰੀ ਨਾਲ ਪੂਰੇ ਮਾਹੌਲ ਵਿੱਚ ਭਗਤੀ ਅਤੇ ਸ਼ਰਧਾ ਦਾ ਰੰਗ ਦੇਖਣ ਨੂੰ ਮਿਲਿਆ। ਇਸ ਮੌਕੇ ਸੰਤ ਮਨਦੀਪ ਦਾਸ ਜੀ (ਰਾਸ਼ਟਰੀ ਉਪ ਪ੍ਰਧਾਨ, ਅਖਿਲ ਭਾਰਤੀਯ ਰਵੀਦਾਸੀਆ ਸੰਗਠਨ) ਨੇ ਸ੍ਰੀ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਉਨ੍ਹਾਂ ਦੇ ਮਹਾਨ ਉਪਦੇਸ਼ਾਂ ਬਾਰੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਨੇ ਮਨੁੱਖਤਾ ਨੂੰ ਸਮਾਨਤਾ, ਭਾਈਚਾਰੇ ਅਤੇ ਸੱਚਾਈ ਦਾ ਸਨੇਹਾ ਦਿੱਤਾ ਹੈ।


ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੁਰੂ ਰਵਿਦਾਸ ਜੀ ਦੀ ਸੋਚ ਅਤੇ ਉਪਦੇਸ਼ਾਂ ’ਤੇ ਚੱਲ ਕੇ ਹੀ ਸਮਾਜ ਵਿੱਚ ਇਕਤਾ ਅਤੇ ਆਪਸੀ ਪਿਆਰ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਰਾਹੀਂ ਮਨੁੱਖਤਾ ਨੂੰ ਅੰਧ ਵਿਸ਼ਵਾਸਾਂ ਤੋਂ ਦੂਰ ਰਹਿ ਕੇ ਸੱਚ ਅਤੇ ਨੇਕੀ ਦੇ ਰਾਹ ’ਤੇ ਚੱਲਣ ਦਾ ਉਪਦੇਸ਼ ਦਿੱਤਾ। ਉਨ੍ਹਾਂ ਨੇ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੇ ਦਰਸਾਏ ਰਾਹ ’ਤੇ ਚੱਲ ਕੇ ਸਮਾਜ ਵਿੱਚ ਸਾਂਝ, ਸਦਭਾਵਨਾ ਅਤੇ ਭਾਈਚਾਰੇ ਨੂੰ ਹੋਰ ਮਜ਼ਬੂਤ ਕੀਤਾ ਜਾਵੇ।

ਇਸ ਮੌਕੇ ਸੰਤ ਬਾਬਾ ਮਨਦੀਪ ਦਾਸ ਜੀ ਨੇ ਕਿਹਾ ਕਿ ਇਹ ਸਮਾਗਮ ਸਾਰੇ ਧਰਮਾਂ ਨੂੰ ਇੱਕ ਸਮਝ ਕੇ ਬੜੇ ਸੁਚੱਜੇ ਤਰੀਕੇ ਨਾਲ ਕਰਵਾਇਆ ਗਿਆ ਹੈ, ਜੋ ਸਮਾਜ ਵਿੱਚ ਆਪਸੀ ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ।

ਇਸ ਮੌਕੇ ਸਹਿਜਪਾਲ ਲਾਡਾ , ਗੁਰਮੇਲ ਸਿੰਘ, ਨਰਿੰਦਰ ਸਿੰਘ, ਕਪਤਾਨ ਸਿੰਘ , ਲਖਬੀਰ ਗੁੱਜਰ, ਇੰਦਰ ਜੀਤ ਸਿੰਘ ਸਿਆਲੂ, ਗੁਰਤਾਜ ਸੰਧੂ, ਕੁਲਵੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤ ਮਜੂਦ ਸੀ।

# ਖੰਨਾ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿੱਚ ਵੱਧ ਰਹੇ ਭਰਿਸ਼ਟਾਚਾਰ ਨੂੰ ਰੋਕਣ ਲਈ ਖੰਨਾ ਵਿੱਚ ਵਿਜੀਲੈਂਸ ਬਿਊਰੋ ਦਾ ਦਫਤਰ ਖੋਲਣ ਮੁੱਖ ਮੰਤਰੀ ਨੂੰ ਮੰਗ ਪੱਤਰ ਲਿਖਿਆ----- ਸੰਤੋਖ ਸਿੰਘ ਬੈਨੀਪਾਲ

ਖੰਨਾ ,14 ਮਾਰਚ( ਅਰਵਿੰਦਰ ਸਿੰਘ ਸਵੈਚ, ਗੀਤਾ ਰਾਣੀ) ਪੁਲਿਸ ਜ਼ਿਲ੍ਹਾ ਖੰਨਾ ਅਧੀਨ ਆਉਂਦੀਆਂ ਤਿੰਨ ਤਹਿਸੀਲਾਂ ਖੰਨਾ, ਸਮਰਾਲਾ ਅਤੇ ਪਾਇਲ ਵਿੱਚ ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ ਵਿੱਚ ਭਰਿਸ਼ਟਾਚਾਰ ਨੂੰ ਰੋਕਣ ਲਈ ਖੰਨਾ ਸ਼ਹਿਰ ਵਿੱਚ ਵਿਜੀਲੈਂਸ ਬਿਊਰੋ ਦਾ ਦਫਤਰ ਸਥਾਪਿਤ ਕਰਨ ਲਈ ਇੱਕ ਮੰਗ ਪੱਤਰ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੂੰ ਭੇਜਿਆ ਗਿਆ। ਜਿੱਥੇ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਵਿਭਾਗਾਂ ਵਿੱਚ ਭਰਿਸ਼ਟਾਚਾਰ ਰੋਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ ਗਈ, ਉੱਥੇ ਵੱਖ-ਵੱਖ ਭ੍ਰਿਸ਼ਟ ਅਧਿਕਾਰੀਆਂ ਵੱਲੋਂ ਲੋਕਾਂ ਤੋਂ ਕੀਤੀ ਜਾ ਰਹੀ ਉਗਰਾਹੀ ਨੂੰ ਰੋਕਣ ਲਈ ਵਿਜੀਲੈਂਸ ਬਿਊਰੋ ਦਾ ਖੰਨਾ ਵਿੱਚ ਦਫਤਰ ਹੋਣਾ ਬਹੁਤ ਹੀ ਜਰੂਰੀ ਹੈ। ਵੱਖ ਵੱਖ ਵਿਭਾਗਾਂ ਵਿੱਚ ਬਹੁਤ ਚੰਗੇ ਅਤੇ ਇਮਾਨਦਾਰ ਅਧਿਕਾਰੀ ਵੀ ਹਨ ਜੋ ਲੋਕਾਂ ਦਾ ਕੰਮ ਪਹਿਲ ਦੇ ਅਧਾਰ ਤੇ ਕਰਦੇ ਹਨ ਪਰ ਕੁਝ ਕੁ ਭਰਿਸ਼ਟ ਅਧਿਕਾਰੀ ਲੋਕਾਂ ਨੂੰ ਖੱਜਲ ਖਵਾਰ ਕਰਦੇ ਹਨ। ਉਹ ਲੋਕਾਂ ਤੋਂ ਵਿੰਗੇ ਟੇਢੇ ਢੰਗ ਨਾਲ ਤੋਂ ਪੈਸੇ ਦੀ ਮੰਗ ਕਰਦੇ ਹਨ। ਇਹਨਾਂ ਭਰਿਸ਼ਟ ਅਧਿਕਾਰੀਆਂ ਜਾਂ ਕਰਮਚਾਰੀਆਂ ਦੇ ਖਿਲਾਫ ਲੋਕਾਂ ਨੂੰ ਸ਼ਿਕਾਇਤ ਦੇਣ ਲਈ ਵਿਜੀਲੈਂਸ ਬਿਊਰੋ ਲੁਧਿਆਣਾ ਜਾਣਾ ਪੈਂਦਾ ਹੈ। ਲੁਧਿਆਣਾ ਜ਼ਿਲ੍ਹਾ ਵੱਡਾ ਹੋਣ ਕਾਰਨ ਵਿਲੈਂਸ ਬਿਊਰੋ ਦਫਤਰ ਲੁਧਿਆਣਾ ਉੱਪਰ ਕੰਮ ਦਾ ਕਾਫੀ ਬੋਝ ਹੈ। ਜਿਸ ਕਾਰਨ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ ।ਭਰਿਸ਼ਟ ਅਧਿਕਾਰੀਆਂ ਜਾਂ ਕਰਮਚਾਰੀਆਂ ਉੱਪਰ ਤੁਰੰਤ



ਕਾਰਵਾਈ ਦੀ ਜ਼ਰੂਰਤ ਹੁੰਦੀ ਹੈ ਪਰ ਵਿਜੀਲੈਂਸ ਬਿਊਰੋ ਲੁਧਿਆਣਾ ਉੱਪਰ ਕੰਮ ਦਾ ਬੋਝ ਹੋਣ ਕਾਰਨ ਇਹਨਾਂ ਉੱਪਰ ਕਾਰਵਾਈ ਕਰਨ ਵਿੱਚ ਦੇਰੀ ਹੋ ਜਾਂਦੀ ਹੈ। ਉਦੋਂ ਤੱਕ ਸੰਬੰਧਿਤ ਭਰਿਸ਼ਟ ਅਧਿਕਾਰੀ ਆਪਣੇ ਪੈਸੇ ਮੰਗਣ ਦੇ ਢੰਗ ਤਰੀਕੇ ਬਦਲ ਲੈਂਦੇ ਹਨ ਸੋ। ਲੋਕਾਂ ਦੀ ਮੰਗ ਅਤੇ ਮੁਸ਼ਕਿਲ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਤੋਂ ਮੰਗ ਕੀਤੀ ਗਈ ਹੈ ਕਿ ਖੰਨਾ ਵਿੱਚ ਜਲਦ ਤੋਂ ਜਲਦ ਵਿਜੀਲੈਂਸ ਬਿਊਰੋ ਦਾ ਦਫਤਰ ਸਥਾਪਿਤ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਮਿਲ ਸਕੇ। ਇਸ ਮੌਕੇ ਬੈਨੀਪਾਲ ਦੇ ਨਾਲ ਪਿਆਰਾ ਸਿੰਘ ਕੌੜੀ ਪ੍ਰਦੀਪ ਸਿੰਘ, ਵਿਪਨ ਕੁਮਾਰ ਅਤੇ ਫੌਜੀ ਆਦਿ ਹਾਜ਼ਰ ਸਨ।

## ਅਨੋਖੇ ਸਿੱਖ ਧਰਮ ਨੂੰ ਛੱਡ ਕਈ ਸਿੱਖ, ਹਿੰਦੂ ਧਰਮ ਦੇ ਕਰਮਕਾਂਡਾਂ ਤੇ ਵਹਿਮਾਂ ਭਰਮਾਂ 'ਚ ਫ਼ਸੇ ਹੋਏ ਹਨ, ਸਿੱਖ ਪ੍ਰਚਾਰਕਾਂ ਨੂੰ ਸਰਗਰਮ ਹੋਣ ਦੀ ਲੋੜ- ਸੰਤ ਅਮਰੀਕ ਸਿੰਘ ਖੁਖਰੈਣ

Desi Punjab YouTube www.desipunjab.in

ਅੰਮ੍ਰਿਤਸਰ ਰਣਜੀਤ ਸਿੰਘ ਮਸੌਣ

ਸਿੱਖਾਂ ਦੇ ਨਵੇਂ ਸਾਲ ਚੇਤਰ ਮਹੀਨੇ ਦੀ ਸੰਗਰਾਂਦ ਦਾ ਸ਼ੁਭ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਗੁਰਦੁਆਰਾ ਡੇਰਾ ਭਾਈ ਹਰਿ ਜੀ ਸਾਹਿਬ ਖੁਖਰੈਣ, ਕਪੂਰਥਲਾ ਵਿਖੇ ਮਨਾਇਆ ਗਿਆ, ਸ੍ਰੀ ਅਖੰਡ ਪਾਠ ਸਾਹਿਬ ਦੇ ਸੰਪੂਰਨ ਭੋਗ ਪਾਏ ਗਏ, ਧਾਰਮਿਕ ਦੀਵਾਨ ਸਜਾਏ ਗਏ, ਨਿਸ਼ਾਨ ਸਾਹਿਬ ਦੇ ਚੋਲੇ ਦੀ ਸੇਵਾ ਕੀਤੀ ਗਈ, ਪੰਥ ਦੇ ਨਾਮਵਰ ਧਰਮ ਪ੍ਰਚਾਰਕਾਂ ਨੇ ਹਾਜ਼ਰੀ ਲਵਾਈ ਅਤੇ ਆਈ ਸੰਗਤ ਗੁਰਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੁਨਹਿਰੀ ਵਿਰਸੇ ਨਾਲ ਜੋੜਿਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਤੇ ਗੱਦੀ ਨਸ਼ੀਨ ਸੰਤ ਮਹਾਂਪੁਰਸ਼ ਬਾਬਾ ਅਮਰੀਕ ਸਿੰਘ ਜੀ ਖੁਖਰੈਣ ਨੇ ਚੇਤਰ ਮਹੀਨੇ ਦੀ ਸੰਗਰਾਂਦ ਸਬੰਧੀ ਗੁਰਬਾਣੀ ਕਥਾ ਵਿਚਾਰ ਨਾਲ ਨਿਹਾਲ ਕੀਤਾ।



ਇਸ ਸਬੰਧੀ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੀਆਂ ਹਾਜ਼ਰੀਆਂ ਭਰਨ ਉਪਰੰਤ ਪ੍ਰੈਸ ਨੂੰ ਦਿੱਤੀ, ਭਾਈ ਖਾਲਸਾ ਨੇ ਕਿਹਾ ਕਿ ਗੁਰਦੁਆਰਾ ਡੇਰਾ ਭਾਈ ਹਰਿ ਜੀ ਸਾਹਿਬ ਖੁਖਰੈਣ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਅਮਰੀਕ ਸਿੰਘ ਵੱਲੋਂ ਹਰ ਮਹੀਨੇ ਸੰਗਰਾਂਦ ਮਨਾਉਣ ਦੀ ਮਰਿਯਾਦਾ ਤਹਿਤ ਪਰਸੋਂ ਦੇ ਰੋਜ਼ ਤੋਂ ਗੁਰਦੁਆਰਾ ਡੇਰਾ ਭਾਈ ਹਰ ਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ, ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਤੋਂ ਬਾਅਦ ਧਾਰਮਿਕ ਸਮਾਗਮ ਦੀ ਆਰੰਭਤਾ ਇਤਿਹਾਸਕ ਗੁਰਦੁਆਰਾ ਛੇਵੀਂ ਪਾਤਸ਼ਾਹੀ ਗੁਰੂ ਸਰ ਸੈਫਲਾਬਾਦ ਦੇ ਹਜ਼ੂਰੀ ਰਾਗੀ ਭਾਈ ਹਰਜਿੰਦਰ ਸਿੰਘ ਜੱਥੇ ਦੇ ਗੁਰਬਾਣੀ ਕੀਰਤਨ ਤੋਂ ਉਪਰੰਤ ਸ਼ੁਰੂ ਹੋਇਆਂ, ਜਿਸ ਵਿੱਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਨੇ ਹਾਜ਼ਰੀ ਭਰੀ ਤੇ ਸੰਗਤਾਂ ਨੂੰ ਗੁਰੂਬਾਣੀ ਗੁਰੂ ਗ੍ਰੰਥ ਸਾਹਿਬ ਦੇ ਨਾਲ-ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ ਗਿਆ

ਮੁੱਖ ਪ੍ਰਬੰਧਕ ਤੇ ਗੱਦੀ ਨਸ਼ੀਨ ਸੰਤ ਮਹਾਂਪੁਰਸ਼ ਬਾਬਾ ਅਮਰੀਕ ਸਿੰਘ ਖੁਖਰੈਣ ਨੇ ਚੇਤ ਮਹੀਨੇ ਦੀ ਕਥਾ ਵਿਚਾਰ ਕਰਦਿਆਂ ਸੰਗਤਾਂ ਨੂੰ ਸਪੱਸ਼ਟ ਕੀਤਾ ਕਿ ਸਿੱਖਾਂ ਦਾ ਸਿੱਖ ਧਰਮ ਦੇ ਮੁਤਾਬਕ ਅੱਜ ਚੇਤ ਮਹੀਨੇ ਤੋਂ ਨਵਾਂ ਸਾਲ ਅਰੰਭ ਹੋਇਆ ਹੈ, ਉਹਨਾਂ ਸਮੂਹ ਸੰਗਤਾਂ ਨੂੰ ਨਵੇਂ ਸਾਲ ਦੀਆ ਮੁਬਾਰਕਾਂ ਦਿੰਦਿਆਂ ਕਿਹਾ ਕਿ ਸਿੱਖ ਧਰਮ ਇੱਕ ਨਿਰਾਲਾ ਤੇ ਉਚਾ ਸੁੱਚਾ ਧਰਮ ਹੈ, ਉਹਨਾਂ ਕਿਹਾ ਕਿ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਸਿੱਖ ਅਜੇ ਵੀ ਹਿੰਦੂ ਧਰਮ ਦੇ ਫੋਕਟ ਕਰਮ ਕਾਂਡਾਂ ਤੇ ਵਹਿਮਾਂ ਭਰਮਾਂ ਦੇ ਜਾਲ ਵਿੱਚ ਫ਼ਸੇ ਹੋਏ ਹਨ, ਉਨ੍ਹਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਉੱਚ ਵਿੱਦਿਆ ਦੇ ਨਾਲ-ਨਾਲ ਸਿੱਖ ਧਰਮ ਦੇ ਪਵਿੱਤਰ ਇਤਿਹਾਸ ਨਾਲ ਜੋੜਨ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ, ਸਮੂਹ ਧਾਰਮਿਕ ਬੁਲਾਰਿਆਂ ਨੂੰ ਮੁੱਖ ਪ੍ਰਬੰਧਕ ਸੰਤ ਬਾਬਾ ਅਮਰੀਕ ਸਿੰਘ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਤੇ ਹਜ਼ਾਰਾਂ ਸੰਗਤਾਂ ਨੇ ਹਾਜ਼ਰੀ ਲਵਾਈ ਤੇ ਆਪਣੇ ਮਨੁੱਖੀ ਜੀਵਨ ਨੂੰ ਸਫ਼ਲ ਬਣਾਇਆ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵੀਂ ਨਿਯੁਕਤੀ: ਜਗਚਾਨਣ ਸਿੰਘ ਗਿੱਲ ਬਣੇ ਹਲਕਾ ਕੇਂਦਰੀ ਅੰਮ੍ਰਿਤਸਰ ਦੇ ਪ੍ਰਧਾਨ

### ਸੁਖਬੀਰ ਬਾਦਲ ਅਤੇ ਮਜੀਠੀਆ ਨੇ ਮਿਹਨਤੀ ਆਗੂ 'ਤੇ ਜਤਾਇਆ ਭਰੋਸਾ; ਗਿੱਲ ਨੇ ਹਾਈਕਮਾਂਡ ਅਤੇ ਸੀਨੀਅਰ ਲੀਡਰਸ਼ਿਪ ਦਾ ਕੀਤਾ ਧੰਨਵਾਦ

Desi Punjab YouTube www.desipunjab.in



ਅੰਮ੍ਰਿਤਸਰ: 14 ਮਾਰਚ (ਗੁਰਪ੍ਰੀਤ ਸਿੰਘ ਡੱਬ) ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਦੇ ਮਕਸਦ ਨਾਲ ਪਾਰਟੀ ਵੱਲੋਂ ਅਹਿਮ ਨਿਯੁਕਤੀ ਕੀਤੀ ਗਈ ਹੈ। ਪਾਰਟੀ ਦੇ ਮਿਹਨਤੀ ਅਤੇ ਅਗਾਂਹਵਧੂ ਆਗੂ ਜਗਚਾਨਣ ਸਿੰਘ ਗਿੱਲ ਨੂੰ ਹਲਕਾ ਕੇਂਦਰੀ ਅੰਮ੍ਰਿਤਸਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਸਬੰਧੀ ਰਸਮੀ ਐਲਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਅਤੇ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।

ਪਾਰਟੀ ਹਾਈਕਮਾਂਡ ਅਨੁਸਾਰ, ਇਹ ਫੈਸਲਾ ਜਗਚਾਨਣ ਸਿੰਘ ਗਿੱਲ ਦੀਆਂ ਪਿਛਲੇ ਲੰਮੇ ਸਮੇਂ ਦੀਆਂ ਪਾਰਟੀ ਪ੍ਰਤੀ ਨਿਸ਼ਕਾਮ ਸੇਵਾਵਾਂ ਅਤੇ ਬਿਹਤਰੀਨ ਕਾਰਗੁਜ਼ਾਰੀ ਨੂੰ ਮੁੱਖ ਰੱਖਦਿਆਂ ਲਿਆ ਗਿਆ ਹੈ। ਆਪਣੀ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਜਗਚਾਨਣ ਸਿੰਘ ਗਿੱਲ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਅਤੇ ਨਰਿੰਦਰ ਸਿੰਘ ਬਹਿਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਗਿਆ ਹੈ, ਉਹ ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਹਲਕੇ ਦੇ ਸਮੂਹ ਵਰਕਰਾਂ ਨੂੰ ਲਾਮਬੰਦ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣਗੇ ਅਤੇ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ।

## ਅਮਿਤ ਸ਼ਾਹ ਦੀ ਮੋਗਾ ਰੈਲੀ ਵੀ ਚੋਣ ਜੁਮਲੇ ਤੋਂ ਵੱਧ ਕੁਝ ਨਹੀਂ, ਜਿਸਨੇ ਪੰਜਾਬ ਦੀਆਂ ਉਮੀਦਾਂ ਤੇ ਫੇਰਿਆ ਪਾਣੀ : ਵਿਧਾਇਕ ਧਾਲੀਵਾਲ

### -ਕਰਤਾਰਪੁਰ ਲਾਂਘੇ, ਸਰਹੱਦ ਪਾਰ ਤਸਕਰੀ ਅਤੇ ਕਿਸਾਨੀ ਮੁੱਦਿਆਂ ਤੋਂ ਅਮਿਤ ਸ਼ਾਹ ਨੇ ਬਣਾਈ ਦੂਰੀ

Desi Punjab YouTube www.desipunjab.in



ਫਗਵਾੜਾ (ਸ਼ਿਵ ਕੌੜਾ) 14 ਮਾਰਚ 2026 ਸਾਬਕਾ ਆਈਏਐਸ ਅਧਿਕਾਰੀ ਅਤੇ ਕਾਂਗਰਸ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਪੰਜਾਬ ਦੇ ਸਾਹਮਣੇ ਕਈ ਮੁੱਖ ਮੁੱਦਿਆਂ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸੂਬੇ ਦੇ ਲੋਕ ਹੁਣ ਰਾਜਨੀਤਿਕ ਵਾਅਦਿਆਂ ਅਤੇ ਜ਼ਮੀਨੀ ਹਕੀਕਤਾਂ ਵਿਚਕਾਰ ਵਧ ਰਹੇ ਪਾੜੇ 'ਤੇ ਸਵਾਲ ਉਠਾ ਰਹੇ ਹਨ। ਮੋਗਾ ਵਿੱਚ ਭਾਜਪਾ ਦੀ ਰੈਲੀ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਧਾਲੀਵਾਲ ਨੇ ਕਿਹਾ ਕਿ ਰਾਸ਼ਟਰੀ ਨੇਤਾ ਵੱਡੀਆਂ ਰੈਲੀਆਂ ਵਿੱਚ ਵੱਡੇ-ਵੱਡੇ ਦਾਅਵੇ ਕਰ ਰਹੇ ਹਨ, ਪਰ ਆਮ ਆਦਮੀ ਨੂੰ ਉਨ੍ਹਾਂ ਤੋਂ ਕੋਈ ਲਾਭ ਨਹੀਂ ਮਿਲ ਰਿਹਾ। ਆਮ ਲੋਕ ਉਨ੍ਹਾਂ ਮੁੱਦਿਆਂ 'ਤੇ ਸਪੱਸ਼ਟ ਜਵਾਬ ਅਤੇ ਠੋਸ ਕਾਰਵਾਈ ਚਾਹੁੰਦੇ ਹਨ ਜੋ ਉਨ੍ਹਾਂ ਦੇ ਰੋਜ਼ਾਨਾ ਜੀਵਨ ਨੂੰ ਸਿੱਧੇ ਤੌਰ 'ਤੇ ਪ੍ਰਭਾਵਤ ਕਰਦੇ ਹਨ।

ਸਰਹੱਦੀ ਸੁਰੱਖਿਆ ਦਾ ਮੁੱਦਾ ਉਠਾਉਂਦੇ ਹੋਏ, ਧਾਲੀਵਾਲ ਨੇ ਕਿਹਾ ਕਿ ਸੰਵੇਦਨਸ਼ੀਲ ਖੇਤਰਾਂ ਵਿੱਚ ਅੰਤਰਰਾਸ਼ਟਰੀ ਸਰਹੱਦ ਦੇ ਲਗਭਗ 50 ਕਿਲੋਮੀਟਰ ਦੀ ਰਾਖੀ ਕਰਨ ਵਾਲੇ ਸੀਮਾ ਸੁਰੱਖਿਆ ਬਲ ਦੇ ਬਾਵਜੂਦ, ਪੰਜਾਬ ਵਿੱਚ ਡਰੋਨ ਘੁਸਪੈਠ ਦੀਆਂ ਘਟਨਾਵਾਂ ਲਗਾਤਾਰ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਸੁਰੱਖਿਆ ਪ੍ਰਣਾਲੀ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ ਅਤੇ ਸਰਹੱਦੀ ਸੂਬੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਧੇਰੇ ਪਾਰਦਰਸ਼ਤਾ ਅਤੇ ਸਖ਼ਤ ਉਪਾਵਾਂ ਦੀ ਲੋੜ ਹੈ।

ਕਾਂਗਰਸ ਆਗੂ ਨੇ ਕਰਤਾਰਪੁਰ ਲਾਂਘੇ ਦਾ ਮੁੱਦਾ ਵੀ ਉਠਾਇਆ, ਜੋ ਕਿ ਦੁਨੀਆ ਭਰ ਦੇ ਸਿੱਖ ਸ਼ਰਧਾਲੂਆਂ ਲਈ ਡੂੰਘੀ ਧਾਰਮਿਕ ਆਸਥਾ ਦਾ ਮਾਮਲਾ ਹੈ। ਧਾਲੀਵਾਲ ਨੇ ਕਿਹਾ ਕਿ ਲੱਖਾਂ ਸ਼ਰਧਾਲੂਆਂ ਲਈ, ਇਹ ਲਾਂਘਾ ਸਿਰਫ਼ ਇੱਕ ਕੂਟਨੀਤਕ ਜਾਂ ਪ੍ਰਸ਼ਾਸਕੀ ਪ੍ਰਬੰਧ ਨਹੀਂ ਹੈ, ਸਗੋਂ ਇੱਕ ਮਹੱਤਵਪੂਰਨ ਅਧਿਆਤਮਿਕ ਕੜੀ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਲਾਂਘੇ ਦੀ ਸਥਿਤੀ ਬਾਰੇ ਸਪੱਸ਼ਟਤਾ ਪ੍ਰਦਾਨ ਕਰੇ ਅਤੇ ਇੱਕ ਸਪੱਸ਼ਟ ਅਤੇ ਸਥਿਰ ਨੀਤੀ ਅਪਣਾਏ ਜੋ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਤਿਕਾਰ ਕਰੇ।

ਪੰਜਾਬ ਨੂੰ ਦਰਪੇਸ਼ ਵਿਆਪਕ ਚੁਣੌਤੀਆਂ ਦਾ ਹਵਾਲਾ ਦਿੰਦੇ ਹੋਏ, ਧਾਲੀਵਾਲ ਨੇ ਕਿਹਾ ਕਿ ਕਿਸਾਨ ਵਧਦੀਆਂ ਲਾਗਤਾਂ, ਅਸਥਿਰ ਫਸਲਾਂ ਦੀਆਂ ਕੀਮਤਾਂ ਅਤੇ ਵਧਦੇ ਕਰਜ਼ੇ ਦੇ ਬੋਝ ਨਾਲ ਜੂਝ ਰਹੇ ਹਨ। ਸੀਮਤ ਰੁਜ਼ਗਾਰ ਦੇ ਮੌਕੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੂੰ ਬਿਹਤਰ ਭਵਿੱਖ ਦੀ ਭਾਲ ਵਿੱਚ ਵਿਦੇਸ਼ਾਂ ਵਿੱਚ ਪਰਵਾਸ ਕਰਨ ਲਈ ਮਜਬੂਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਛੋਟੇ ਕਾਰੋਬਾਰ ਅਤੇ ਸਥਾਨਕ ਉਦਯੋਗ ਵੀ ਆਰਥਿਕ ਦਬਾਅ ਦਾ ਸਾਹਮਣਾ ਕਰ ਰਹੇ ਹਨ, ਜਿਨ੍ਹਾਂ ਨੂੰ ਤੁਰੰਤ ਨੀਤੀਗਤ ਸਹਾਇਤਾ ਦੀ ਲੋੜ ਹੈ।

ਧਾਲੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਹਮੇਸ਼ਾ ਆਪਣੀ ਮਿਹਨਤ ਅਤੇ ਲਗਨ ਰਾਹੀਂ ਦੇਸ਼ ਦੇ ਵਿਕਾਸ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਪਰ ਹੁਣ ਸੂਬੇ ਨੂੰ ਅਜਿਹੀ ਲੀਡਰਸ਼ਿਪ ਦੀ ਲੋੜ ਹੈ ਜੋ ਸਿਰਫ਼ ਰਾਜਨੀਤਿਕ ਬਿਆਨਬਾਜ਼ੀ ਨਹੀਂ ਸਗੋਂ ਵਿਹਾਰਕ ਹੱਲਾਂ ਅਤੇ ਲੰਬੇ ਸਮੇਂ ਦੀ ਯੋਜਨਾਬੰਦੀ 'ਤੇ ਕੇਂਦ੍ਰਿਤ ਹੋਵੇ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਖੇਤੀਬਾੜੀ ਸਥਿਰਤਾ, ਰੁਜ਼ਗਾਰ ਸਿਰਜਣ, ਸਰਹੱਦੀ ਸੁਰੱਖਿਆ ਅਤੇ ਖੇਤਰੀ ਆਰਥਿਕ ਵਿਕਾਸ ਵਰਗੇ ਮੁੱਦਿਆਂ ਨੂੰ ਇੱਕ ਸਪੱਸ਼ਟ ਅਤੇ ਠੋਸ ਕਾਰਜ ਯੋਜਨਾ ਰਾਹੀਂ ਹੱਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਪੰਜਾਬ ਦੇ ਸਥਿਰ ਅਤੇ ਖੁਸ਼ਹਾਲ ਭਵਿੱਖ ਨੂੰ ਯਕੀਨੀ ਬਣਾਇਆ ਜਾ ਸਕੇ।

## ਬਟਾਲਾ ਫਤਿਹਗੜ੍ਹ ਚੂੜੀਆਂ ਰੋਡ 'ਤੇ ਭਿਆਨਕ ਹਾਦਸਾ: ਮੋਟਰਸਾਈਕਲ–ਨੋਵਾ ਕਾਰ ਟੱਕਰ ਤੋਂ ਬਾਅਦ ਟਿੱਪਰ ਹੇਠਾਂ ਆਏ ਦੋ ਨੌਜਵਾਨ, ਮੌਕੇ 'ਤੇ ਮੌਤ

Desi Punjab YouTube www.desipunjab.in




ਬਟਾਲਾ, 14 ਮਾਰਚ:(ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ)ਬਟਾਲਾ ਫਤਿਹਗੜ੍ਹ ਚੂੜੀਆਂ ਰੋਡ ਉੱਤੇ ਕਾਲਾ ਅਫਗਾਨਾ ਅੱਡੇ ਨੇੜੇ ਅੱਜ ਸਵੇਰੇ ਇਕ ਭਿਆਨਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿੱਚ ਦੋ ਨੌਜਵਾਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਮ੍ਰਿਤਕਾਂ ਦੀ ਪਛਾਣ ਪਿੰਡ ਪਿੰਡੀ ਦੇ ਵਿਲੀਅਮ ਮਸੀਹ ਅਤੇ ਪਿੰਡ ਹਰਦੋਰਵਾਲ ਕਲਾਂ ਦੇ 28 ਸਾਲਾ ਪਰਮਿੰਦਰ ਸਿੰਘ ਵਜੋਂ ਹੋਈ ਹੈ।ਮਿਲੀ ਜਾਣਕਾਰੀ ਮੁਤਾਬਕ ਦੋਵੇਂ ਨੌਜਵਾਨ ਸਵੇਰੇ ਮੋਟਰਸਾਈਕਲ 'ਤੇ ਬਟਾਲਾ ਵੱਲ ਜਾ ਰਹੇ ਸਨ। ਜਦੋਂ ਉਹ ਕਾਲਾ ਅਫਗਾਨਾ ਅੱਡੇ ਨੇੜੇ ਪਹੁੰਚੇ ਤਾਂ ਇੱਕ ਤੇਜ਼ ਰਫ਼ਤਾਰ ਨੋਵਾ ਕਾਰ ਨੇ ਓਵਰਟੇਕ ਕਰਦੇ ਹੋਏ ਮੋਟਰਸਾਈਕਲ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟੱਕਰ ਨਾਲ ਦੋਵੇਂ ਨੌਜਵਾਨ ਸੜਕ 'ਤੇ ਡਿੱਗ ਗਏ ਅਤੇ ਪਿੱਛੋਂ ਆ ਰਹੇ ਟਿੱਪਰ ਹੇਠਾਂ ਆ ਗਏ, ਜਿਸ ਕਾਰਨ ਦੋਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਮ੍ਰਿਤਕਾਂ ਦੇ ਗੁਆਂਢੀ ਬਲਜੀਤ ਸਿੰਘ ਨੇ ਦੱਸਿਆ ਕਿ ਵਿਲੀਅਮ ਮਸੀਹ ਆਪਣੇ ਪਿੱਛੇ ਤਿੰਨ ਛੋਟੇ ਬੱਚੇ ਛੱਡ ਗਿਆ ਹੈ, ਜਦਕਿ ਪਰਮਿੰਦਰ ਸਿੰਘ ਦੇ ਘਰ ਵੀ ਇੱਕ ਛੋਟਾ ਬੱਚਾ ਹੈ। ਹਾਦਸੇ ਦੀ ਖਬਰ ਮਿਲਦੇ ਹੀ ਦੋਵੇਂ ਪਰਿਵਾਰਾਂ ਵਿੱਚ ਸੋਗ ਦੀ ਲਹਿਰ ਦੌੜ ਗਈ ਅਤੇ ਘਰਾਂ ਵਿੱਚ ਰੋ-ਰੋ ਕੇ ਬੁਰਾ ਹਾਲ ਹੈ।ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ (ਐਸਐਚਓ) ਸੁਰਿੰਦਰ ਪਾਲ ਸਿੰਘ ਪੁਲਿਸ ਟੀਮ ਸਮੇਤ ਮੌਕੇ 'ਤੇ ਪਹੁੰਚੇ ਅਤੇ ਦੋਹਾਂ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਬਟਾਲਾ ਭੇਜ ਦਿੱਤਾ। ਪੁਲਿਸ ਨੇ ਨੋਵਾ ਕਾਰ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਮਾਮਲੇ ਦੀ ਜਾਂਚ ਕਰਦੇ ਹੋਏ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ

## ਐਲ ਪੀ ਜੀ ਦੀ ਘਾਟ ਨੇ ਲੋਕਾਂ ਨੂੰ ਨੋਟ ਬੰਦੀ ਦੀ ਖੱਜਲ ਖੁਆਰੀ ਯਾਦ ਕਰਵਾਈ ...ਗੁਰਪ੍ਰੀਤ ਵਿਕੀ

Desi Punjab YouTube www.desipunjab.in



ਮਾਨਸਾ, 14 ਮਾਰਚ:- (ਗੁਰਪ੍ਰੀਤ ਧਾਲੀਵਾਲ) ਸਾਬਕਾ ਕਾਰਜਕਾਰੀ ਪ੍ਰਧਾਨ, ਜ਼ਿਲਾ ਕਾਂਗਰਸ ਕਮੇਟੀ ਮਾਨਸਾ ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ ਨੇ ਦੇਸ਼ ਭਰ ਵਿੱਚ ਖ਼ਾਸ ਕਰਕੇ ਪੰਜਾਬ ਦੇ ਪਿੰਡਾਂ ਵਿੱਚ ਐਲਪੀਜੀ ਗੈਸ ਸਿਲੰਡਰਾਂ ਦੀ ਘਾਟ 'ਤੇ ਕੇਂਦਰ ਸਰਕਾਰ ਨੂੰ ਕੜੇ ਸ਼ਬਦਾਂ ਵਿੱਚ ਘੇਰਿਆ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਪਿੰਡਾਂ ਅਤੇ ਛੋਟੇ ਸ਼ਹਿਰਾਂ ਦੇ ਲੋਕ ਘਰੇਲੂ ਰਸੋਈ ਗੈਸ ਪ੍ਰਾਪਤ ਕਰਨ ਲਈ ਬਹੁਤ ਪਰੇਸ਼ਾਨ ਹੋ ਰਹੇ ਹਨ। ਕਈ ਗੈਸ ਏਜੰਸੀਆਂ ਨੇ ਆਨਲਾਈਨ ਬੁਕਿੰਗ ਦੀ ਸਹੂਲਤ ਬੰਦ ਕਰ ਦਿੱਤੀ ਹੈ, ਜਿਸ ਕਾਰਨ ਲੋਕਾਂ ਨੂੰ ਸਵੇਰੇ ਤੋਂ ਹੀ ਲੰਬੀਆਂ ਕਤਾਰਾਂ ਵਿੱਚ ਖੜ੍ਹਾ ਹੋਣਾ ਪੈ ਰਿਹਾ ਹੈ ਅਤੇ ਫਿਰ ਵੀ ਇਹ ਯਕੀਨ ਨਹੀਂ ਹੁੰਦਾ ਕਿ ਉਨ੍ਹਾਂ ਨੂੰ ਸਿਲੰਡਰ ਮਿਲੇਗਾ ਜਾਂ ਨਹੀਂ।

ਗੁਰਪ੍ਰੀਤ ਸਿੰਘ ਵਿਕੀ ਨੇ ਕਿਹਾ ਕਿ ਗੈਸ ਏਜੰਸੀਆਂ ਦੇ ਬਾਹਰ ਲੱਗੀਆਂ ਇਹ ਲੰਬੀਆਂ ਕਤਾਰਾਂ ਲੋਕਾਂ ਨੂੰ ਨੋਟ ਬੰਦੀ ਦੇ ਸਮੇਂ ਦੀ ਯਾਦ ਦਿਵਾਉਂਦੀਆਂ ਹਨ, ਜਦੋਂ ਲੋਕਾਂ ਨੂੰ ਘੰਟਿਆਂ ਤੱਕ ਬੈਂਕਾਂ ਅਤੇ ਏਟੀਐਮਾਂ ਦੇ ਬਾਹਰ ਖੜ੍ਹਾ ਰਹਿਣਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਇਹ ਹਾਲਾਤ ਉਸ ਦੌਰ ਦੀ ਵੀ ਯਾਦ ਦਿਵਾਉਂਦੇ ਹਨ ਜਦੋਂ ਕਰੋਨਾ ਦੌਰਾਨ ਕੇਂਦਰ ਸਰਕਾਰ ਦੀ ਕਥਿਤ ਗਲਤ ਮੈਨੇਜਮੈਂਟ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ।

ਵਿੱਕੀ ਨੇ ਦੋਸ਼ ਲਗਾਇਆ ਕਿ ਨਰਿੰਦਰ ਮੋਦੀ ਦੀ ਅਗਵਾਈ ਦੀ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ ਅਤੇ ਊਰਜਾ ਨੀਤੀ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਦੇਸ਼ ਦੇ ਊਰਜਾ ਹਿੱਤਾਂ ਨਾਲ ਸਮਝੌਤਾ ਕਰਦਿਆਂ ਵਿਦੇਸ਼ੀ ਦਬਾਅ ਅੱਗੇ ਝੁਕਣ ਦਾ ਕੰਮ ਕੀਤਾ ਹੈ ਅਤੇ ਖ਼ਾਸ ਕਰਕੇ ਅਮਰੀਕਾ ਦੇ ਪ੍ਰਭਾਵ ਹੇਠ ਭਾਰਤ ਦੀ ਊਰਜਾ ਨੀਤੀ ਨੂੰ ਚਲਣ ਦਿੱਤਾ ਹੈ, ਜੋ ਕਿ 1.4 ਅਰਬ ਦੀ ਆਬਾਦੀ ਵਾਲੇ ਦੇਸ਼ ਲਈ ਠੀਕ ਨਹੀਂ ਹੈ।ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ ਦੀ ਵਿਦੇਸ਼ ਨੀਤੀ ਪੂਰੀ ਤਰ੍ਹਾਂ ਨਾਕਾਮ ਅਤੇ ਦਿਸ਼ਾਹੀਣ ਸਾਬਤ ਹੋਈ ਹੈ, ਜਿਸ ਦਾ ਖ਼ਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਗੁਰਪ੍ਰੀਤ ਸਿੰਘ ਵਿਕੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਗੈਸ ਸਿਲੰਡਰਾਂ ਦੀ ਸਪਲਾਈ ਤੁਰੰਤ ਸੁਧਾਰੀ ਜਾਵੇ, ਆਨਲਾਈਨ ਬੁਕਿੰਗ ਮੁੜ ਸ਼ੁਰੂ ਕੀਤੀ ਜਾਵੇ ਉਹਨਾਂ ਪੰਜਾਬ ਸਰਕਾਰ ਨੂੰ ਵੀ ਗੈਸ ਸਿਲੰਡਰਾ ਤੇ ਕਾਲਾ ਬਜ਼ਾਰੀ ਕਰਨ ਵਾਲੇ ਲੋਕਾਂ ਨੂੰ ਨੱਥ ਪਾਉਣ ਦੀ ਗੱਲ ਕਹਿ ਤਾ ਜੋ ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਨੂੰ ਖਤਮ ਕਰਨ ਲਈ ਫੌਰੀ ਕਦਮ ਚੁੱਕੇ ਜਾਣ।

## ਨਾਭਾ ਵਿੱਚ ਮਿਸ਼ਨ ਰੇਬੀਜ਼ ਮੁਹਿੰਮ ਨਾਲ ਰੇਬੀਜ਼ ਰੋਕਥਾਮ ਵੱਲ ਮਹੱਤਵਪੂਰਨ ਕਦਮ



Desi Punjab YouTube www.desipunjab.in

ਨਾਭਾ ਮਾਰਚ (ਅਮਨ ਗਰਗ ) WVS HOPE ਵੱਲੋਂ ਚਲਾਈ ਜਾ ਰਹੀ Mission Rabies ਪਹਲ ਦੇ ਤਹਿਤ ਪੰਜਾਬ ਦੇ ਨਾਭਾ ਖੇਤਰ ਵਿੱਚ ਰੇਬੀਜ਼ ਦੀ ਰੋਕਥਾਮ ਅਤੇ ਜਾਗਰੂਕਤਾ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਇਹ ਮੁਹਿੰਮ ਸਥਾਨਕ ਐਨਜੀਓਆਂ ਅਤੇ ਨਗਰ ਕੌਂਸਲ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਹੈ।

ਇਸ ਪ੍ਰੋਜੈਕਟ ਵਿੱਚ Guardians of All Voiceless Animals, Compassionate Animal Welfare Association (CAWA), Animal Welfare Help Society (AWHS) ਅਤੇ Municipal Council Nabha ਵੱਲੋਂ ਮਹੱਤਵਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਸ ਮੁਹਿੰਮ ਦੇ ਤਹਿਤ ਟੀਮਾਂ ਵੱਲੋਂ ਕਮਿਊਨਿਟੀ ਕੁੱਤਿਆਂ ਦਾ ਐਂਟੀ-ਰੇਬੀਜ਼ ਟੀਕਾਕਰਨ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਸਕੂਲਾਂ ਅਤੇ ਸਥਾਨਕ ਸਮੂਹਾਂ ਵਿੱਚ ਜਾਗਰੂਕਤਾ ਸੈਸ਼ਨ ਕਰਵਾਏ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਰੇਬੀਜ਼ ਤੋਂ ਬਚਾਅ, ਜਾਨਵਰਾਂ ਨਾਲ ਸੁਰੱਖਿਅਤ ਵਿਹਾਰ ਅਤੇ ਸਮੇਂ ਸਿਰ ਟੀਕਾਕਰਨ ਦੀ ਮਹੱਤਤਾ ਬਾਰੇ ਜਾਣਕਾਰੀ ਮਿਲ ਸਕੇ।

ਇਨ੍ਹਾਂ ਸਾਂਝੇ ਉਪਰਾਲਿਆਂ ਦਾ ਮਕਸਦ ਸਮਾਜ ਵਿੱਚ ਰੇਬੀਜ਼ ਬਾਰੇ ਜਾਗਰੂਕਤਾ ਵਧਾਉਣਾ, ਮਨੁੱਖ ਅਤੇ ਜਾਨਵਰਾਂ ਦੇ ਸੁਰੱਖਿਅਤ ਸਹਿ-ਅਸਤਿਤਵ ਨੂੰ ਉਤਸ਼ਾਹਿਤ ਕਰਨਾ ਅਤੇ ਸਿਹਤਮੰਦ ਤੇ ਸੁਰੱਖਿਅਤ ਸਮਾਜ ਦੀ ਰਚਨਾ ਵੱਲ ਅੱਗੇ ਵਧਣਾ ਹੈ।

## ਦੇਸ਼ ਇੱਕ, ਪਰ ਨਿਆਂ ਵਿੱਚ ਦੋਹਰੇ ਮਾਪਦੰਡ – ਸਿੱਖਾਂ ਨਾਲ ਭੇਦਭਾਵ ਕਿਉਂ : ਸ਼ਮਸ਼ੇਰ ਸਿੰਘ ਪੱਧਰੀ

### ਸੋਨਮ ਵਾਂਗਚੁਕ ਰਿਹਾਅ, ਇੰਜੀਨੀਅਰ ਰਾਸ਼ਿਦ ਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ – ਭਾਈ ਅੰਮ੍ਰਿਤਪਾਲ ਸਿੰਘ ਕਿਉਂ ਵਾਂਝੇ

Desi Punjab YouTube www.desipunjab.in



ਅੰਮ੍ਰਿਤਸਰ 14 ਮਾਰਚ ( ) ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕੇਂਦਰ ਸਰਕਾਰ ਵੱਲੋਂ ਸਮਾਜਿਕ ਕਾਰਕੁਨ ਸੋਨਮ ਵਾਂਗਚੁਕ 'ਤੇ ਲੱਗੀ ਰਾਸ਼ਟਰੀ ਸੁਰੱਖਿਆ ਐਕਟ (ਐਨ ਐਸ ਏ) ਦੀ ਕਾਰਵਾਈ ਰੱਦ ਕਰਕੇ ਉਸਨੂੰ ਰਿਹਾਅ ਕਰਨ ਦੇ ਫੈਸਲੇ 'ਤੇ ਇਕ ਪ੍ਰੈਸ ਨੋਟ ਰਾਹੀਂ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਕਦਮ ਜਿੱਥੇ ਇਕ ਪਾਸੇ ਸਵਾਗਤਯੋਗ ਹੈ, ਉਥੇ ਹੀ ਇਹ ਦੇਸ਼ ਵਿੱਚ ਨਿਆਂ ਦੇ ਦੋਹਰੇ ਮਾਪਦੰਡਾਂ ਨੂੰ ਵੀ ਬੇਨਕਾਬ ਕਰਦਾ ਹੈ। ਇੱਕ ਪਾਸੇ ਸਰਕਾਰ ਐਨ ਐਸ ਏ ਹੇਠ ਹਿਰਾਸਤ ਵਿੱਚ ਰੱਖੇ ਵਿਅਕਤੀ ਨੂੰ ਤੁਰੰਤ ਰਿਹਾਅ ਕਰ ਦਿੰਦੀ ਹੈ, ਪਰ ਦੂਜੇ ਪਾਸੇ ਪੰਜਾਬ ਦੇ ਲੋਕਾਂ ਵੱਲੋਂ ਚੁਣੇ ਗਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਨੂੰ ਲਗਭਗ ਤਿੰਨ ਸਾਲ ਤੋਂ ਐਨ ਐਸ ਏ ਹੇਠ ਨਜ਼ਰਬੰਦ ਰੱਖਿਆ ਹੋਇਆ ਹੈ, ਜੋ ਕਿ ਲੋਕਤੰਤਰਿਕ ਅਧਿਕਾਰਾਂ ਦੇ ਖ਼ਿਲਾਫ਼ ਹੈ। ਭਾਈ ਪੱਧਰੀ ਨੇ ਕਿਹਾ ਕਿ ਹੋਰ ਵੀ ਹੈਰਾਨੀ ਦੀ ਗੱਲ ਇਹ ਹੈ ਕਿ ਇੰਜੀਨੀਅਰ ਰਾਸ਼ਿਦ , ਜੋ ਕਿ ਐਨ ਐਸ ਏ ਹੇਠ ਹੀ ਨਜ਼ਰਬੰਦ ਹਨ ਅਤੇ ਲੋਕ ਸਭਾ ਦੇ ਮੈਂਬਰ ਹਨ,

ਉਨ੍ਹਾਂ ਨੂੰ ਸੰਸਦ ਵਿੱਚ ਜਾ ਕੇ ਬੋਲਣ ਦੀ ਇਜਾਜ਼ਤ ਦਿੱਤੀ ਜਾ ਚੁੱਕੀ ਹੈ। ਪਰ ਪੰਜਾਬ ਦੇ ਲੋਕਾਂ ਦੀ ਭਾਰੀ ਹਮਾਇਤ ਨਾਲ ਚੁਣੇ ਗਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਨੂੰ ਆਪਣੇ ਹਲਕੇ ਦੇ ਲੋਕਾਂ ਦੀ ਆਵਾਜ਼ ਸੰਸਦ ਵਿੱਚ ਉਠਾਉਣ ਦਾ ਮੌਕਾ ਨਹੀਂ ਦਿੱਤਾ ਜਾ ਰਿਹਾ ਜੋ ਕਿ ਸਪੱਸ਼ਟ ਤੌਰ 'ਤੇ ਦੋਹਰਾ ਮਾਪਦੰਡ ਹੈ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਹ ਵੀ ਕਿਹਾ ਕਿ ਦੇਸ਼ ਦੀਆਂ ਜੇਲ੍ਹਾਂ ਵਿੱਚ ਕਈ ਸਜ਼ਾ ਪੂਰੀ ਕਰ ਚੁੱਕੇ ਸਿੱਖ ਬੰਦੀ ਸਿੰਘ ਦਹਾਕਿਆਂ ਤੋਂ ਕੈਦ ਹਨ, ਜਿਨ੍ਹਾਂ ਦੀ ਕਾਨੂੰਨੀ ਸਜ਼ਾ ਵੀ ਪੂਰੀ ਹੋ ਚੁੱਕੀ ਹੈ, ਪਰ ਫਿਰ ਵੀ ਉਨ੍ਹਾਂ ਨੂੰ ਰਿਹਾਈ ਨਹੀਂ ਦਿੱਤੀ ਜਾ ਰਹੀ। ਇਹ ਵੀ ਨਿਆਂ ਅਤੇ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ। ਉਹਨਾਂ ਕਿਹਾ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਸਰਹੱਦਾਂ ਦੀ ਰੱਖਿਆ ਤੱਕ ਹਰ ਮੋਰਚੇ 'ਤੇ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ, ਪਰ ਜਦੋਂ ਉਹ ਆਪਣੇਂ ਹੱਕਾਂ ਦੀ ਗੱਲ ਕਰਦੇ ਹਨ ਤਾਂ ਉਹਨਾਂ ਵੱਖਵਾਦੀ ਤੇ ਅੱਤਵਾਦੀ ਦਾ ਟੈਗ ਲਗਾ ਦਿੱਤਾ ਜਾਂਦਾ ਹੈ। ਅੱਜ ਇਹ ਸਵਾਲ ਉਠਦਾ ਹੈ ਕਿ ਦੇਸ਼ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਕੌਮ ਤੋਂ ਐਨਾਂ ਡਰ ਕਿਉਂ ? ਅੰਤ ਵਿੱਚ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨਿਆਂ ਦਾ ਇੱਕੋ ਮਾਪਦੰਡ ਲਾਗੂ ਕਰਦੇ ਹੋਏ ਸਜ਼ਾ ਪੂਰੀ ਕਰ ਚੁੱਕੇ ਸਾਰੇ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ ਅਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ 'ਤੇ ਲੱਗੀ ਐਨ ਐਸ ਏ ਨੂੰ ਵੀ ਤੁਰੰਤ ਰੱਦ ਕਰਕੇ ਉਨ੍ਹਾਂ ਨੂੰ ਰਿਹਾਅ ਕੀਤਾ ਜਾਵੇ ਨਹੀਂ ਤਾਂ ਘੱਟੋ-ਘੱਟ ਬਤੌਰ ਮੈਂਬਰ ਪਾਰਲੀਮੈਂਟ ਲੋਕ ਸਭਾ ਵਿੱਚ ਬੋਲਣ ਦੀ ਇਜਾਜ਼ਤ ਹੀ ਦਿੱਤੀ ਜਾਵੇ , ਤਾਂ ਜੋ ਉਹ ਆਪਣੇ ਹਲਕੇ ਦੇ ਲੋਕਾਂ ਦੀ ਆਵਾਜ਼ ਸੰਸਦ ਵਿੱਚ ਉਠਾ ਸਕਣ।

## ਐਵਰੈਸਟ ਗਰੁੱਪ ਆਫ ਸਕੂਲ ਦੇ ਸੰਸਥਾਪਕ ਸਵ: ਰਜਿੰਦਰ ਸ਼ਰਮਾ ਦੇ ਪਰਿਵਾਰ ਨਾਲ ਐਮ.ਪੀ. ਵੜਿੰਗ ਨੇ ਕੀਤਾ ਹਮਦਰਦੀ ਦਾ ਪ੍ਰਗਟਾਵਾ


Desi Punjab YouTube www.desipunjab.in



ਲੁਧਿਆਣਾ 14 ਮਾਰਚ (ਕਰਨੈਲ ਸਿੰਘ ਐੱਮ.ਏ.) ਲੋਕ ਸਭਾ ਹਲਕਾ ਲੁਧਿਆਣਾ ਤੋਂ ਮੈਂਬਰ ਪਾਰਲੀਮੈਂਟ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਵੱਲੋਂ ਐਵਰੇਸਟ ਗਰੁੱਪ ਆਫ ਸਕੂਲ ਦੇ ਸੰਸਥਾਪਕ ਸਵਰਗੀ ਰਜਿੰਦਰ ਸ਼ਰਮਾ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਰਜਿੰਦਰ ਸ਼ਰਮਾ ਦੀ ਧਰਮ ਪਤਨੀ ਮੈਡਮ ਆਸ਼ਾ ਸ਼ਰਮਾ, ਧੀਰਜ ਸ਼ਰਮਾ, ਪੰਕਜ ਸ਼ਰਮਾ ਸਮੁੱਚੇ ਪਰਿਵਾਰ ਦੇ ਨਾਲ ਗੱਲਬਾਤ ਦੌਰਾਨ ਵੜਿੰਗ ਨੇ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਰੁਝੇਵਿਆਂ ਦੇ ਚੱਲਦਿਆਂ ਸ਼ਰਮਾ ਜੀ ਦੇ ਜਾਣ ਤੋਂ ਬਾਅਦ ਉਹ ਪਰਿਵਾਰ ਕੋਲ ਨਹੀਂ ਪਹੁੰਚ ਸਕੇ ਸਨ। ਪ੍ਰੰਤੂ ਅੱਜ ਉਹ ਵਿਸ਼ੇਸ਼ ਤੌਰ ਤੇ ਪਰਿਵਾਰ ਦੇ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਨ ਲਈ ਪਹੁੰਚੇ ਹਨ। ਉਹਨਾਂ ਕਿਹਾ ਕਿ ਰਜਿੰਦਰ ਸ਼ਰਮਾ ਜੀ ਦੀਆਂ ਬੱਚਿਆਂ ਦੇ ਭਵਿੱਖ ਅਤੇ ਸਿੱਖਿਆ ਦੇ ਖੇਤਰ ਸਮੇਤ ਸਮਾਜਿਕ ਤੌਰ ਤੇ ਵੀ ਵੱਡੀਆਂ ਤੇ ਅਨਮੋਲ ਦੇਣਾ ਹਨ। ਜਿਨ੍ਹਾਂ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ। ਇਸ ਮੌਕੇ ਰਾਜਾ ਵੜਿੰਗ ਨੇ ਪਰਿਵਾਰ ਨੂੰ ਵਿਸ਼ਵਾਸ਼ ਦਿਵਾਇਆ ਕਿ ਕਿਸੇ ਵੀ ਤਰ੍ਹਾਂ ਦੀ ਮਦਦ ਲਈ ਉਹ ਹਰ ਸਮੇਂ ਪਰਿਵਾਰ ਦੇ ਨਾਲ ਖੜ੍ਹੇ ਹਨ। ਇਸ ਮੌਕੇ ਉਹਨਾਂ ਦੇ ਨਾਲ ਕਾਂਗਰਸ ਜ਼ਿਲ੍ਹਾ ਪ੍ਰਧਾਨ ਸੰਜੇ ਤਲਵਾੜ, ਸਿਮਰਜੀਤ ਸਿੰਘ ਬੈਂਸ, ਪਵਨ ਦੀਵਾਨ, ਸੁਸ਼ੀਲ ਮਲਹੋਤਰਾ, ਹੈਪੀ ਲਾਲੀ ਯੂਥ ਪ੍ਰਧਾਨ, ਬਲਾਕ ਪ੍ਰਧਾਨ ਬਲਜੀਤ ਮਾਨ, ਮੋਨੂ ਖਿੰਡਾ, ਸੰਜੀਵ ਸ਼ਰਮਾ ਆਦਿ ਹਾਜ਼ਰ ਸਨ।

## ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਪ੍ਰੋ. ਗੁਰਭਜਨ ਸਿੰਘ ਗਿੱਲ ਦੀ ਗ਼ਜ਼ਲ ਪੁਸਤਕ 'ਮਿਰਗਾਵਲੀ' ਲੋਕ ਅਰਪਣ

Desi Punjab YouTube www.desipunjab.in



ਅੰਮ੍ਰਿਤਸਰ, 14 ਮਾਰਚ ( ਰਣਜੀਤ ਸਿੰਘ ਮਸੌਣ/ਸੁਰਿੰਦਰ ਸਿੰਘ) ਇਤਿਹਾਸਕ ਵਿੱਦਿਅਕ ਸੰਸਥਾ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਪੰਜਾਬੀ ਦੇ ਪ੍ਰਸਿੱਧ ਸ਼ਾਇਰ ਪ੍ਰੋ. ਗੁਰਭਜਨ ਗਿੱਲ ਦੀ ਨਵੀਂ ਗ਼ਜ਼ਲ ਪੁਸਤਕ 'ਮਿਰਗਾਵਲੀ' ਲੋਕ ਅਰਪਣ ਕਰਨ ਲਈ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ। ਇਸ ਪੁਸਤਕ ਨੂੰ ਕਾਲਜ ਦੇ ਪ੍ਰਿੰਸੀਪਲ ਤੇ ਪੰਜਾਬ ਸਾਹਿੱਤ ਅਕਾਡਮੀ ਦੇ ਪ੍ਰਧਾਨ ਡਾ. ਆਤਮ ਸਿੰਘ ਰੰਧਾਵਾ ਅਤੇ ਹੋਰ ਪ੍ਰਮੁੱਖ ਵਿਦਿਅਕ ਤੇ ਸਾਹਿੱਤਕ ਸ਼ਖ਼ਸ਼ੀਅਤਾਂ ਵੱਲੋਂ ਸਾਂਝੇ ਰੂਪ ਵਿੱਚ ਲੋਕ ਅਰਪਣ ਕੀਤਾ ਗਿਆ।
ਪੁਸਤਕ ਲੋਕ ਅਰਪਣ ਕਰਦਿਆਂ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਨੇ ਪ੍ਰੋ. ਗੁਰਭਜਨ ਗਿੱਲ ਦੇ ਸਾਹਿਤਕ ਯੋਗਦਾਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਗੁਰਭਜਨ ਗਿੱਲ ਦੀ ਲਿਖ਼ਤ ਪੰਜਾਬੀ ਸੱਭਿਆਚਾਰ ਅਤੇ ਮਾਨਵੀ ਸਰੋਕਾਰਾਂ ਦੀ ਤਰਜਮਾਨੀ ਕਰਦੀ ਹੈ ਅਤੇ 'ਮਿਰਗਾਵਲੀ' ਪੁਸਤਕ ਦਾ ਤੀਜਾ ਐਡੀਸ਼ਨ ਪੰਜਾਬੀ ਸਾਹਿਤ ਦੇ ਭੰਡਾਰ ਵਿੱਚ ਇੱਕ ਮੁੱਲਵਾਨ ਵਾਧਾ ਸਾਬਤ ਹੋਵੇਗੀ। ਇਸੇ ਸਾਲ ਫ਼ਰਵਰੀ ਮਹੀਨੇ ਉਨ੍ਹਾਂ ਦੀ ਪਿਛਲੇ ਪੰਜਾਹ ਸਾਲਾਂ ਦੀ ਨਿਰੰਤਰ ਸਾਹਿੱਤਕ ਘਾਲਣਾ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਾਹਿੱਤ ਅਕਾਡਮੀ ਵੱਲੋਂ ਪੰਜਾਬ ਗੌਰਵ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ।
ਇਸ ਪੁਸਤਕ ਦਾ ਮੁੱਖ ਬੰਦ ਲਿਖ਼ਣ ਵਾਲੇ ਵਿਦਵਾਨ ਤੇ "ਸੁਰਤਿ" ਮੈਗਜ਼ੀਨ ਦੇ ਸੰਪਾਦਕ ਡਾ. ਗੁਰਬੀਰ ਸਿੰਘ ਪੰਜਾਬੀ ਵਿਭਾਗ, ਗੁਰੂ ਨਾਨਕ ਕਾਲਿਜ ਬਟਾਲਾ ਨੇ ਕਿਹਾ ਕਿ ਇਹ ਸ਼ਾਇਰੀ ਉਸ ਲੁੱਟ-ਖਸੁੱਟ ਦੇ ਵਿਰੁੱਧ ਇੱਕ ਜੱਥੇਬੰਦਕ ਸੁਰ ਹੈ, ਜੋ ਆਮ ਮਨੁੱਖ ਦੇ ਹੱਕਾਂ ਨੂੰ ਆਪਣੇ ਪੈਰਾਂ ਹੇਠ ਲਿਤਾੜਦੀ ਹੈ। ਉਹ ਜ਼ਬਰ ਦੇ ਸਾਹਮਣੇ ਸਿਰ ਸੁੱਟਣ ਦੀ ਥਾਂ, ਸ਼ਬਦਾਂ ਨੂੰ ਢਾਲ ਬਣਾ ਕੇ ਖਲੋਂਦੇ ਹਨ। ਉਨ੍ਹਾਂ ਦੀਆਂ ਗ਼ਜ਼ਲਾਂ ਵਿੱਚ ਮੌਜੂਦ ਤਿੱਖਾਪਣ ਕਿਸੇ ਨਿੱਜੀ ਰੰਜਿਸ਼ ਦਾ ਨਤੀਜ਼ਾ ਨਹੀਂ, ਸਗੋਂ ਉਸ ਸਮੂਹਿਕ ਪੀੜ ਦਾ ਪ੍ਰਗਟਾਵਾ ਹੈ, ਜੋ ਸਮਾਜ ਦਾ ਲਿਤਾੜਿਆ ਵਰਗ ਹੰਢਾ ਰਿਹਾ ਹੈ। ਜਦੋਂ ਗੁਰਭਜਨ ਗਿੱਲ ਲੁੱਟ-ਖਸੁੱਟ ਦੀ ਗੱਲ ਕਰਦਾ ਹੈ, ਤਾਂ ਉਸ ਦੇ ਸ਼ਬਦਾਂ ਵਿੱਚ ਅਜਿਹੀ ਨਾਬਰੀ ਪ੍ਰਤੱਖ ਹੁੰਦੀ ਹੈ ਜੋ ਸਥਾਪਿਤ ਨਿਜ਼ਾਮ ਦੇ ਬੇਦੇਪਣ ਨੂੰ ਨੰਗਾ ਕਰਦੀ ਹੈ। ਇਹ ਗ਼ਜ਼ਲਾਂ ਸਿਰਫ਼ ਕਾਵਿਕ ਉਡਾਰੀ ਹੀ ਨਹੀਂ ਹਨ, ਸਗੋਂ ਇਨਸਾਨੀਅਤ ਦੀ ਰਾਖੀ ਲਈ ਲੜਿਆ ਜਾਣ ਵਾਲਾ ਬੌਧਿਕ ਯੁੱਧ ਹਨ।
ਇਸ ਮੌਕੇ ਡਾ. ਤਮਿੰਦਰ ਸਿੰਘ ਭਾਟੀਆ (ਡੀਨ ਅਕਾਦਮਿਕ ਮਾਮਲੇ), ਡਾ. ਦਲਜੀਤ ਸਿੰਘ (ਡੀਨ ਵਿਦਿਆਰਥੀ ਭਲਾਈ) ਤੇ ਡਾ. ਪਰਮਿੰਦਰ ਸਿੰਘ (ਮੁੱਖੀ ਪੰਜਾਬੀ ਵਿਭਾਗ) ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਮਾਗਮ ਦੌਰਾਨ ਬੁਲਾਰਿਆਂ ਨੇ ਪੁਸਤਕ ਦੇ ਵਿਸ਼ੇ ਅਤੇ ਪ੍ਰੋ. ਗਿੱਲ ਦੀ ਕਾਵਿ-ਸ਼ੈਲੀ ਬਾਰੇ ਚਰਚਾ ਕਰਦਿਆਂ ਦੱਸਿਆਂ ਕਿ ਇਹ ਰਚਨਾ ਪਾਠਕਾਂ ਨੂੰ ਮਾਨਸਿਕ ਸਕੂਨ ਦੇਣ ਦੇ ਨਾਲ-ਨਾਲ ਸਮਾਜਿਕ ਮੁੱਦਿਆਂ 'ਤੇ ਸੋਚਣ ਲਈ ਵੀ ਮਜ਼ਬੂਰ ਕਰਦੀ ਹੈ। ਪੰਜਾਬੀ ਵਿਭਾਗ ਦੇ ਮੁੱਖੀ ਡਾ. ਪ੍ਰਮਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਕਾਲਜ ਵੱਲੋਂ ਸਾਹਿਤਕ ਗਤੀਵਿਧੀਆਂ ਨੂੰ ਨਿਰੰਤਰ ਜਾਰੀ ਰੱਖਣ ਦਾ ਪ੍ਰਣ ਦੁਹਰਾਇਆ। ਇਸ ਮੌਕੇ ਕਾਲਜ ਦੇ ਹੋਰ ਸਟਾਫ਼ ਮੈਂਬਰ ਅਤੇ ਸਾਹਿਤ ਪ੍ਰੇਮੀ ਵੀ ਵੱਡੀ ਗਿਣਤੀ ਵਿੱਚ ਮੌਜ਼ੂਦ ਸਨ।

## ਜਵੱਦੀ ਟਕਸਾਲ ਵਿਖੇ ਨਾਨਕਸ਼ਾਹੀ ਸੰਮਤ 558 ਦੀ ਆਰੰਭਤਾ ਨੂੰ ਸਮਰਪਿਤ ਮਹੀਨਾਵਾਰ ਸਮਾਗਮ ਹੋਇਆ



Desi Punjab YouTube www.desipunjab.in

ਲੁਧਿਆਣਾ 14 ਮਾਰਚ (ਕਰਨੈਲ ਸਿੰਘ ਐੱਮ.ਏ.)- ਜਵੱਦੀ ਟਕਸਾਲ ਵਿਖੇ ਨਾਨਕਸ਼ਾਹੀ ਸੰਮਤ 558 ਦੀ ਆਰੰਭਤਾ ਨੂੰ ਸਮਰਪਿਤ ਮਹੀਨਾਵਾਰ ਸਮਾਗਮ ਦੌਰਾਨ ਜੁੜੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸੰਤ ਬਾਬਾ ਅਮੀਰ ਸਿੰਘ ਜੀ ਨੇ ਗੁਰਬਾਣੀ ਸ਼ਬਦਾਂ ਦੇ ਦ੍ਰਿਸ਼ਟਾਂਤ ਦਿੰਦਿਆਂ ਸਮਝਾਇਆ ਕਿ ਮਨੁੱਖਾ ਜੀਵਨ ਰੂਪੀ ਚੇਤ ਮਹੀਨੇ ਵਿੱਚ ਜੇਕਰ ਅਕਾਲ ਪੁਰਖ ਵਾਹਿਗੁਰੂ ਜੀ ਨੂੰ ਯਾਦ ਕਰੀਏ ਤਾਂ ਡੂੰਘਾ ਆਨੰਦ ਮਿਲਦਾ ਹੈ। ਪਰਮੇਸ਼ਰ ਨਾਲ ਜੁੜੀਆਂ ਰੂਹਾਂ ਨਾਲ ਮਿਲ ਬੈਠ ਕੇ, ਜੀਭਾ ਨਾਲ ਗੁਰਬਾਣੀ ਨਾਮ ਸਿਮਰਨ ਕਰਨਾ ਸੌਖਾ ਤੇ ਸੰਭਵ ਹੋ ਜਾਂਦਾ ਹੈ। ਮਹਾਂਪੁਰਸ਼ਾਂ ਨੇ ਬਾਰਹ ਮਾਹਾ ਸ਼ਬਦ ਦੇ ਅੰਤਰੀਵ ਭਾਵ ਸਮਝਾਉਂਦਿਆਂ ਜ਼ੋਰ ਦਿੱਤਾ ਕਿ ਪ੍ਰਭੂ ਭਗਤੀ ਦੇ ਵਾਸਤੇ ਚੰਗੀ ਸੰਗਤ ਲੱਭਣ ਦੀ ਲੋੜ ਹੈ। ਜਿੱਥੋਂ ਮਨੁੱਖ ਨੂੰ ਭੜਕਣ ਤੋਂ ਬਚਾਅ ਹੋਵੇ ਅਤੇ ਰੂਹਾਨੀ ਮੰਜ਼ਿਲ ਵੱਲ ਤੋਰਨ ਦੀ ਜਾਂਚ ਆਵੇ। ਮਹਾਂਪੁਰਸ਼ਾਂ ਨੇ ਸਪੱਸ਼ਟ ਕੀਤਾ ਕਿ ਜਿਸ ਮਨੁੱਖ ਨੇ ਪਰਮੇਸ਼ਰ ਨੂੰ ਪਾ ਲਿਆ ਉਸ ਨੂੰ ਹੀ ਇਸ ਸੰਸਾਰ ਅੰਦਰ ਆਇਆ ਗਿਣੀਏ। ਉਹ ਵਾਹਿਗੁਰੂ ਜੀ ਦੀ ਯਾਦ ਬਿਨਾਂ, ਉਸਨੂੰ ਚਿਤਵਣ ਬਿਨਾ ਨਹੀਂ ਰਹਿੰਦਾ। ਉਹ ਚਾਰ-ਚੁਫੇਰੇ ਜਲ-ਥਲ ਅਤੇ ਬਨਸਪਤੀ ਵਿਚ ਵਾਹਿਗੁਰੂ ਜੀ ਦਾ ਪਸਾਰਾ ਵੇਖਦਾ ਹੈ। ਵਾਹਿਗੁਰੂ ਦੀ ਯਾਦ ਨਾ ਆਉਣਾ ਉਸ ਲਈ ਸਭ ਤੋਂ ਵੱਡਾ ਦੁੱਖ ਹੁੰਦਾ ਹੈ। ਇਸ ਲਈ ਵਾਹਿਗੁਰੂ ਨੂੰ ਸਿਮਰਨ ਵਾਲਿਆਂ ਦੇ ਵੱਡੇ ਭਾਗ ਹੁੰਦੇ ਹਨ। ਮਹਾਂਪੁਰਸ਼ਾਂ ਨੇ ਸਮੁੱਚੇ ਸਿੱਖ ਭਾਈਚਾਰੇ ਨੂੰ ਨਾਨਕਸ਼ਾਹੀ ਸੰਮਤ 558 ਦੀ ਆਮਦ ਮੌਕੇ ਵਧਾਈ ਦਿੰਦਿਆਂ ਜ਼ੋਰ ਦਿੱਤਾ ਕਿ ਗੁਰਬਾਣੀ ਨਾਮ ਸਿਮਰਨ ਕਰਦਿਆਂ ਜੀਵਨ ਨੂੰ ਸਫਲ ਕਰੀਏ ਤਦ ਹੀ ਨਵਾਂ ਵਰ੍ਹਾ ਜਾਂ ਸੰਗਰਾਂਦ ਦਾ ਦਿਹਾੜਾ ਮਨਾਉਣਾ ਸਹੀ ਅਰਥਾਂ ਵਿੱਚ ਪ੍ਰਵਾਨ ਹੋਵੇਗਾ।

## ਮਾਡਲ ਟਾਊਨ ਵਿਖੇ ਸਮਾਜਸੇਵੀ ਪਰਵੇਜ਼ ਖਾਨ ਵੱਲੋਂ ਆਯੋਜਿਤ ਇਫ਼ਤਾਰ ਪਾਰਟੀ ਬਣੀ ਆਪਸੀ ਸਾਂਝ ਦੀ ਮਿਸਾਲ

Desi Punjab YouTube www.desipunjab.in

ਮਾਲੇਰਕੋਟਲਾ 13 ਮਾਰਚ (ਗੁਰਤੇਜ ਜੋਸ਼ੀ): ਅਜੋਕੇ ਸਮੇਂ ਵਿੱਚ ਜਿੱਥੇ ਸਮਾਜਿਕ ਦੂਰੀਆਂ ਵਧ ਰਹੀਆਂ ਹਨ, ਉੱਥੇ ਹੀ ਕੁਝ ਅਜਿਹੀਆਂ ਸ਼ਖ਼ਸੀਅਤਾਂ ਵੀ ਹਨ ਜੋ ਸਮਾਜ ਨੂੰ ਜੋੜਨ ਦਾ ਕੰਮ ਕਰ ਰਹੀਆਂ ਹਨ। ਸਥਾਨਕ ਮਾਡਲ ਟਾਊਨ ਇਲਾਕੇ ਦੇ ਪ੍ਰਸਿੱਧ ਸਮਾਜਸੇਵੀ ਪਰਵੇਜ਼ ਅਲੀ ਖਾਨ ਵੱਲੋਂ ਕਰਵਾਈ ਗਈ 'ਰੋਜ਼ਾ ਇਫ਼ਤਾਰ ਪਾਰਟੀ' ਖੇਤਰ ਵਿੱਚ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਇਹ ਸਮਾਗਮ ਸਿਰਫ਼ ਇੱਕ ਧਾਰਮਿਕ ਰਸਮ ਤੱਕ ਸੀਮਤ ਨਹੀਂ ਰਿਹਾ, ਸਗੋਂ ਇਹ ਮਨੁੱਖੀ ਸਾਂਝੀਵਾਲਤਾ ਅਤੇ ਫਿਰਕੂ ਸਦਭਾਵਨਾ ਦੀ ਇੱਕ ਬੇਮਿਸਾਲ ਉਦਾਹਰਣ ਬਣ ਕੇ ਨਿਬੜਿਆ। ਇਫ਼ਤਾਰ ਪਾਰਟੀ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਰਹੀ ਕਿ ਇਸ ਵਿੱਚ ਸਿਰਫ਼ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਹੀ ਨਹੀਂ, ਸਗੋਂ ਹਿੰਦੂ ਅਤੇ ਸਿੱਖ ਵੀਰਾਂ ਨੇ ਵੀ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਮਾਡਲ ਟਾਊਨ ਵਿਖੇ ਸਜਾਈ ਗਈ ਇਸ ਮਹਿਫ਼ਿਲ ਵਿੱਚ ਵੱਖ-ਵੱਖ ਧਰਮਾਂ ਅਤੇ ਵਰਗਾਂ ਦੇ ਲੋਕਾਂ ਨੇ ਇੱਕੋ ਮੇਜ਼ 'ਤੇ ਬੈਠ ਕੇ ਰੋਜ਼ਾ ਇਫ਼ਤਾਰ ਕੀਤਾ। ਇਸ ਦ੍ਰਿਸ਼ ਨੇ ਪੰਜਾਬ ਦੀ ਪੁਰਾਤਨ 'ਸਾਂਝੀਵਾਲਤਾ' ਦੀ ਯਾਦ ਤਾਜ਼ਾ ਕਰ ਦਿੱਤੀ, ਜੋ ਸਾਨੂੰ ਸਿਖਾਉਂਦੀ ਹੈ ਕਿ ਮਨੁੱਖਤਾ ਦਾ ਧਰਮ ਸਭ ਤੋਂ ਉੱਪਰ ਹੈ।ਸਮਾਗਮ ਵਿੱਚ ਸਾਬਕਾ ਵਿਧਾਇਕ ਜੱਸੀ ਖੰਗੂੜਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸ਼ਿਰਕਤ ਕੀਤੀ। ਉਨ੍ਹਾਂ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਬਹੁਤ ਲੋੜ ਹੈ। ਜੱਸੀ ਖੰਗੂੜਾ ਨੇ ਕਿਹਾ, "ਜਦੋਂ ਅਸੀਂ ਇੱਕ ਦੂਜੇ ਦੇ ਤਿਉਹਾਰ ਮਿਲ ਕੇ ਮਨਾਉਂਦੇ ਹਾਂ, ਤਾਂ ਸਾਡੇ ਵਿਚਕਾਰਲੀਆਂ ਕੰਧਾਂ ਢਹਿ ਜਾਂਦੀਆਂ ਹਨ। ਪਰਵੇਜ਼ ਖਾਨ ਵਰਗੇ ਸਮਾਜ ਸੇਵੀ ਲੋਕ ਸਮਾਜਿਕ ਤਾਣੇ-ਬਾਣੇ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।"ਪਰੋਗ੍ਰਮ ਦੇ ਅੰਤ ਚ ਸਾਰਿਆਂ ਦਾ ਧੰਨਵਾਦ ਕਰਦਿਆਂ ਪਰਵੇਜ਼ ਅਲੀ ਖਾਨ ਨੇ ਬਹੁਤ ਹੀ ਭਾਵੁਕ ਸ਼ਬਦਾਂ ਵਿੱਚ ਕਿਹਾ, "ਇਫ਼ਤਾਰ ਦਾ ਮਕਸਦ ਸਿਰਫ਼ ਖਾਣਾ-ਪੀਣਾ ਨਹੀਂ, ਸਗੋਂ ਦਿਲਾਂ ਨੂੰ ਜੋੜਨਾ ਹੈ। ਅਜਿਹੇ ਮੌਕੇ ਸਾਨੂੰ ਇੱਕ-ਦੂਜੇ ਦੇ ਨੇੜੇ ਲਿਆਉਂਦੇ ਹਨ। ਸਾਡਾ ਮਕਸਦ ਸਮਾਜ ਵਿੱਚੋਂ ਨਫ਼ਰਤ ਦਾ ਖ਼ਾਤਮਾ ਕਰਕੇ ਮੁਹੱਬਤ ਦੀ ਖੁਸ਼ਬੂ ਫੈਲਾਉਣਾ ਹੈ।"ਇਹ ਇਫ਼ਤਾਰ ਪਾਰਟੀ ਨਾ ਸਿਰਫ਼ ਇੱਕ ਯਾਦਗਾਰ ਸਮਾਗਮ ਬਣੀ, ਸਗੋਂ ਇਸ ਨੇ ਇਹ ਸਪੱਸ਼ਟ



ਸੁਨੇਹਾ ਦਿੱਤਾ ਕਿ ਭਾਈਚਾਰਕ ਸਾਂਝ ਹੀ ਸਾਡੇ ਦੇਸ਼ ਦੀ ਅਸਲ ਤਾਕਤ ਹੈ। ਆਏ ਹੋਏ ਮਹਿਮਾਨਾਂ ਨੇ ਇਸ ਸ਼ਾਨਦਾਰ ਪ੍ਰਬੰਧ ਲਈ ਪਰਵੇਜ਼ ਖਾਨ ਅਤੇ ਉਨ੍ਹਾਂ ਦੀ ਟੀਮ ਦੀ ਦਿਲੋਂ ਵਡਿਆਈ ਕੀਤੀ।

## ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਖੇੜਾ ਰੋਡ ਵਿਖੇ ਕਰਵਾਇਆ 172ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ



Desi Punjab YouTube www.desipunjab.in

ਫਗਵਾੜਾ 14 ਮਾਰਚ (ਸ਼ਿਵ ਕੌੜਾ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਗਬੋਤਰਾ ਦੇ ਯਤਨਾਂ ਸਦਕਾ ਸ. ਅਜੀਤ ਸਿੰਘ ਢਿੱਲੋਂ ਦੀ ਨਿੱਘੀ ਯਾਦ ਨੂੰ ਸਮਰਪਿਤ 172ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਸੀਨੀਅਰ ਸਿਟੀਜ਼ਨ ਕੇਅਰ ਸੈਂਟਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਰਾਸ਼ਨ ਵੰਡਣ ਦੀ ਸ਼ੁਰੂਆਤ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਜ ਸੇਵਕ ਸਰਬਜੀਤ ਸਿੰਘ ਮਰਵਾਹਾ ਨੇ ਕਰਵਾਈ। ਉਹਨਾਂ ਨੇ 20 ਲੋੜਵੰਦ ਪਰਿਵਾਰਾਂ ਦੀਆਂ ਔਰਤਾਂ ਨੂੰ ਰਾਸ਼ਨ ਦੀ ਵੰਡ ਕਰਦਿਆਂ ਸੁਸਾਇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਜਨਰਲ ਸਕੱਤਰ ਸੁਰਿੰਦਰ ਪਾਲ ਨੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਸਮਾਗਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਸੇਵਾ ਪਿਛਲੇ ਕਰੀਬ 16 ਸਾਲਾਂ ਤੋਂ ਨਿਰੰਤਰ ਜਾਰੀ ਹੈ। ਜਿਸ ਵਿੱਚ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦਾ ਵੱਡਮੁੱਲਾ ਯੋਗਦਾਨ ਮਿਲਦਾ ਹੈ। ਜੋ ਆਪਣੇ ਜੀਵਨ ਕਾਲ ਦੌਰਾਨ ਸਮਾਜ ਸੇਵਾ ਨੂੰ ਸਮਰਪਿਤ ਰਹੇ ਅਤੇ ਲੋੜਵੰਦਾਂ ਦੀ ਮਦਦ ਲਈ ਹਮੇਸ਼ਾ ਅੱਗੇ ਵਧ ਕੇ ਕੰਮ ਕੀਤਾ। ਪ੍ਰੇਮ ਨਗਰ ਮੁਹੱਲੇ ਦੇ ਵਿਕਾਸ ਵਿਚ ਵੀ ਉਹਨਾਂ ਨੇ ਹਮੇਸ਼ਾ ਵੱਧ-ਚੜ੍ਹ ਕੇ ਯਤਨ ਕੀਤੇ। ਇਸ ਮੌਕੇ ਐਸ.ਸੀ. ਚਾਵਲਾ, ਮਨੀਸ਼ ਕਨੌਜੀਆ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਰਮੇਸ਼ ਬਹਿਲ, ਰਵੀਕਾਂਤ ਸਹਿਗਲ, ਰਾਮ ਲੁਭਾਇਆ, ਬ੍ਰਿਜ ਮੋਹਨ ਪੁਰੀ, ਵੰਦਨਾ ਸ਼ਰਮਾ ਆਦਿ ਹਾਜਰ ਸਨ।

## ਸਿੱਧੂਪੁਰ ਦੀ ਅਗਵਾਈ ਹੇਠ ਬੱਸੀ ਪਠਾਣਾਂ ਤੋਂ ਭਾਰੀ ਜਥਾ ਮੋਗਾ ਰੈਲੀ 'ਚ ਪਹੁੰਚਿਆ

### ਅਮਿਤ ਸ਼ਾਹ ਦੀ ਰੈਲੀ ਨੇ ਵਰਕਰਾਂ ਵਿੱਚ ਭਰਿਆ ਨਵਾਂ ਜੋਸ਼, ਪੰਜਾਬ ਵਿੱਚ ਬਦਲਾਅ ਦਾ ਸੰਕੇਤ — ਸਿੱਧੂਪੁਰ

Desi Punjab YouTube www.desipunjab.in



ਬੱਸੀ ਪਠਾਣਾਂ, 14 ਮਾਰਚ (ਚੰਨਪ੍ਰੀਤ ਪਨੇਸਰ):-
ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਮੋਗਾ ਦੇ ਪਿੰਡ ਕਿਲੀ ਚਹਿਲਾ ਵਿਖੇ ਕੀਤੀ ਗਈ ਵਿਸ਼ਾਲ ਰੈਲੀ ਵਿੱਚ ਵਿਧਾਨ ਸਭਾ ਹਲਕਾ ਬੱਸੀ ਪਠਾਣਾਂ ਤੋਂ ਵੀ ਵੱਡੀ ਗਿਣਤੀ ਵਿੱਚ ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ। ਇਹ ਜਥਾ ਹਲਕਾ ਇੰਚਾਰਜ ਕੁਲਦੀਪ ਸਿੰਘ ਸਿੱਧੂਪੁਰ ਦੀ ਅਗਵਾਈ ਹੇਠ ਰੈਲੀ ਸਥਲ 'ਤੇ ਪਹੁੰਚਿਆ। ਰੈਲੀ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੰਬੋਧਨ ਕੀਤਾ, ਜਿਨ੍ਹਾਂ ਨੇ ਪੰਜਾਬ ਦੀ ਰਾਜਨੀਤੀ ਅਤੇ ਮੌਜੂਦਾ ਹਾਲਾਤਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।
ਰੈਲੀ ਦੌਰਾਨ ਹੋਏ ਭਾਰੀ ਇਕੱਠ ਨੇ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਭਰ ਦਿੱਤਾ। ਹਲਕਾ ਇੰਚਾਰਜ ਕੁਲਦੀਪ ਸਿੰਘ ਸਿੱਧੂਪੁਰ ਨੇ ਕਿਹਾ ਕਿ ਮੋਗਾ ਰੈਲੀ ਵਿੱਚ ਲੋਕਾਂ ਦੀ ਭਾਰੀ ਹਾਜ਼ਰੀ ਇਸ ਗੱਲ ਦਾ ਸੰਕੇਤ ਹੈ ਕਿ ਪੰਜਾਬ ਵਿੱਚ ਲੋਕ ਬਦਲਾਅ ਦੀ ਉਮੀਦ ਕਰ ਰਹੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਭਾਰਤੀ ਜਨਤਾ ਪਾਰਟੀ ਹੋਰ ਮਜ਼ਬੂਤੀ ਨਾਲ ਅੱਗੇ ਵਧੇਗੀ।
ਉਨ੍ਹਾਂ ਦੱਸਿਆ ਕਿ ਪਾਰਟੀ ਹਾਈਕਮਾਂਡ ਦੇ ਆਗੂ ਤਰੁਣ ਚੁੱਘ, ਪੰਜਾਬ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਗਤ ਬਿੱਟੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਾਬਕਾ ਮੰਤਰੀ ਡਾ. ਹਰਬੰਸ ਲਾਲ ਅਤੇ ਪ੍ਰਦੀਪ ਕੁਮਾਰ ਗਰਗ ਵੱਲੋਂ ਰੈਲੀ ਦੀਆਂ ਤਿਆਰੀਆਂ ਲਈ ਹਲਕਾ ਬੱਸੀ ਪਠਾਣਾਂ ਵਿੱਚ ਵੱਖ-ਵੱਖ ਡਿਊਟੀਆਂ ਲਗਾਈਆਂ ਗਈਆਂ ਸਨ। ਇਨ੍ਹਾਂ ਤਿਆਰੀਆਂ ਨੂੰ ਸਫਲ ਬਣਾਉਣ ਲਈ ਕੁਲਦੀਪ ਸਿੰਘ ਸਿੱਧੂਪੁਰ ਨੇ ਵੀ ਪੂਰੀ ਤਨਦੇਹੀ ਨਾਲ ਯਤਨ ਕੀਤੇ।
ਸਿੱਧੂਪੁਰ ਨੇ ਹਲਕਾ ਬੱਸੀ ਪਠਾਣਾਂ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਮੋਗਾ ਰੈਲੀ ਨੂੰ ਸਫਲ ਬਣਾਉਣ ਵਿੱਚ ਵੱਡਾ ਯੋਗਦਾਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਵਿੱਚ ਸਰਕਾਰ ਬਣਾਉਣ ਦੇ ਕੀਤੇ ਦਾਅਵੇ ਦਾ ਉਹ ਨਿੱਘਾ ਸਵਾਗਤ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਕਿਸਾਨੀ, ਨੌਜਵਾਨੀ ਅਤੇ ਮਹਿਲਾਵਾਂ ਨਾਲ ਜੁੜੇ ਕਈ ਮੁੱਦੇ ਹਨ, ਜਿਨ੍ਹਾਂ 'ਤੇ ਕੇਂਦਰੀ ਨੇਤ੍ਰਿਤਵ ਨੇ ਆਪਣੀ ਚਿੰਤਾ ਜਤਾਈ ਹੈ ਅਤੇ ਪਾਰਟੀ ਇਨ੍ਹਾਂ ਮੁੱਦਿਆਂ ਦੇ ਹੱਲ ਲਈ ਵਚਨਬੱਧ ਹੈ।
ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਭਾਜਪਾ ਪੰਜਾਬ ਦੇ ਹਰ ਵਰਗ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਲਈ ਮਜ਼ਬੂਤੀ ਨਾਲ ਕੰਮ ਕਰੇਗੀ ਅਤੇ ਵਰਕਰਾਂ ਦੀ ਇਕਜੁੱਟਤਾ ਨਾਲ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।

## ਭਿੱਖੀਵਿੰਡ ਤੋਂ ਮੋਗਾ ਰੈਲੀ ਵਾਸਤੇ ਭਾਜਪਾ ਵਰਕਰਾਂ ਦਾ ਕਾਫਲਾ ਹੋਇਆ ਰਵਾਨਾ

ਭਿੱਖੀ ਵਿੰਡ 14 ਮਾਰਚ ( ਜਗਤਾਰ ਸਿੰਘ ਖਾਲੜਾ ) ਮੋਗਾ ਵਿਖੇ ਭਾਜਪਾ ਦੀ ਬਦਲਾਵ ਪਾਰਟੀ ਰੈਲੀ ਵਿੱਚ ਸ਼ਾਮਿਲ ਹੋਣ ਵਾਸਤੇ ਭਿੱਖੀ ਪਿੰਡ ਤੋਂ ਡਾਕਟਰ ਰਤੇਸ਼ ਚੋਪੜਾ ਦੀ ਅਗਵਾਈ ਹੇਠ ਭਾਜਪਾ ਵਰਕਰਾਂ ਦਾ ਵੱਡਾ ਕਾਫਲਾ ਰਵਾਨਾ ਹੋਇਆ ਡਾਕਟਰ ਰਤੇਸ਼ ਚੋਪੜਾ ਨੇ ਦੱਸਿਆ ਕਿ ਪੰਜਾਬ ਦੇ ਲੋਕ ਭਾਜਪਾ ਵੱਲੋਂ ਕੀਤੇ ਗਏ ਕੰਮਾਂ ਤੋਂ ਸੰਤੁਸ਼ਟ ਨਜ਼ਰ ਆ ਰਹੇ ਹਨ ਜਿਸ ਕਾਰਨ ਵੱਡੀ ਗਿਣਤੀ ਵਿੱਚ ਲੋਕ ਭਾਜਪਾ ਨਾਲ ਜੁੜ ਰਹੇ ਹਨ। ਮੋਗਾ ਵਿਖੇ ਭਾਜਪਾ ਦੀ ਰੈਲੀ ਵਿੱਚ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸੁਣਣ ਵਾਸਤੇ ਦਿਹਾਤੀ ਖੇਤਰਾਂ ਤੋਂ ਲੋਕ ਵੱਡੀ ਗਿਣਤੀ ਵਿੱਚ ਰੈਲੀ ਲਈ ਉਤਸ਼ਾਹ ਨਾਲ ਸ਼ਾਮਿਲ ਹੋਣ ਵਾਸਤੇ ਆਪ ਮੁਹਾਰੇ ਜਾ ਰਹੇ ਹਨ ਜੋ ਪਾਰਟੀ ਵਾਸਤੇ ਸ਼ੁਭ ਸੰਕੇਤ ਮੰਨਿਆ ਜਾ ਰਿਹਾ ਹੈ ਇਸ ਮੌਕੇ ਸਦਾ ਆਨੰਦ ਚੋਪੜਾ ਪ੍ਰਦੀਪ ਧਵਨ ਰਾਜਕੁਮਾਰ ਚੋਪੜਾ ਜਸਪਾਲ ਸਿੰਘ ਖਾਲੜਾ ਅਮਨ ਸ਼ਰਮਾ ਸੁਰੇਸ਼ ਕੁਮਾਰ ਪਿੰਕਾ ਸਾਬਕਾ ਸਰਪੰਚ ਸ਼ਾਂਤੀ ਪ੍ਰਸਾਦ ਅਤੇ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਹਾਜ਼ਰ ਸਨ।



ਫੋਟੋ ਕੈਪਸ਼ਨ ਡਾਕਟਰ ਰਤੇਸ਼ ਚੋਪੜਾ ਦੀ ਅਗਵਾਈ ਹੇਠ ਭਿੱਖੀ ਵਿੰਡ ਤੋਂ ਭਾਜਪਾ ਵਰਕਰਾਂ ਦਾ ਮੋਗਾ ਰੈਲੀ ਦੀ ਕਾਫਲਾ ਰਵਾਨਾ ਹੁੰਦਾ ਹੋਇਆ

## ਐਕਸ ਸਰਵਿਸਮੈਨ ਵੈਲਫੇਅਰ ਯੂਨੀਅਨ (ਰਜਿ.) ਕੋਟਕਪੂਰਾ( ਜਿਲਾ ਫਰੀਦਕੋਟ) ਪੰਜਾਬ ਦੀ ਵਿਸ਼ੇਸ਼ ਮੀਟਿੰਗ ਮਿਉਂਸਪਲ ਕਮੇਟੀ ਕੋਟਕਪੂਰਾ ਦੇ ਕਮਿਊਨਿਟੀ ਹਾਲ ਵਿਖੇ ਹੋਈ

Desi Punjab YouTube www.desipunjab.in

ਫਰੀਦਕੋਟ:14,ਮਾਰਚ ( ਕੰਵਲ ਸਰਾਂ) ਐਕਸ ਸਰਵਿਸਮੈਨ ਵੈਲਫੇਅਰ ਯੂਨੀਅਨ (ਰਜਿ.) ਕੋਟਕਪੂਰਾ( ਜਿਲਾ ਫਰੀਦਕੋਟ) ਪੰਜਾਬ ਦੀ ਕਾਨਫਰੰਸ ਮਿਉਂਸਪਲ ਕਮੇਟੀ ਕੋਟਕਪੂਰਾ ਦੇ ਕਮਿਊਨਿਟੀ ਹਾਲ ਵਿਖੇ ਹਰਦਿਆਲ ਸਿੰਘ ( ਝੱਖੜਵਾਲਾ) ਸਰਪ੍ਰਸਤ, ਦਰਸ਼ਨ ਸਿੰਘ ਭੱਟੀ( ਕੋਟਕਪੂਰਾ) ਪ੍ਰਧਾਨ ਅਤੇ ਪ੍ਰੇਮਜੀਤ ਸਿੰਘ ਬਰਾੜ ( ਚੱਕ ਕਲਿਆਣ) ਜਰਨਲ ਸਕੱਤਰ ਦੀ ਰਹਿਨੁਮਾਈ ਹੇਠ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਜਾਗੋ ਪੰਜਾਬ ਮੰਚ ਦੇ ਨੁਮਾਇੰਦਿਆ ਜਿੰਨਾ ਵਿੱਚ ਸਵਰਨ ਸਿੰਘ ਬੋਪਾਰਾਏ ( IAS) ਕੀਰਤੀ ਚੱਕਰ, ਪਦਮ ਸ਼੍ਰੀ ਸਾਬਕਾ ਸਕੱਤਰ ਭਾਰਤ ਸਰਕਾਰ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਚੇਅਰਮੈਨ ਜਾਗੋ ਪੰਜਾਬ ਮੰਚ, ਕਰਨਲ ਇਕਬਾਲ ਸਿੰਘ ਪੰਨੂੰ ,ਕਰਨਲ ਅਵਤਾਰ ਸਿੰਘ ਹੀਰਾ ਅਤੇ ਕਰਨਲ ਐਲ.ਜੇ. ਐੱਸ ਗਿੱਲ ਨੇ ਭਾਗ ਲਿਆ। ਜਾਗੋ ਪੰਜਾਬ ਮੰਚ ਜੋ ਪਿਛਲੇ ਲੰਮੇ ਸਮੇਂ ਤੋ ਪੰਜਾਬ ਨਾਲ 1947 ਤੋ ਲੈ ਕੇ 1986 ਤੱਕ ਕੀਤੇ ਗਏ ਵਿਤਕਰੇ ,ਪੰਜਾਬ ਦੇ ਦਰਿਆਈ ਪਾਣੀਆਂ ਦੀ ਲੁੱਟ, ਗੈਰ ਸੰਵਿਧਾਨਿਕ ਤਰੀਕੇ ਨਾਲ ਕੀਤੀ ਜਾ ਰਹੀ ਹੈ ਲਈ ਅਵਾਜ ਬੁਲੰਦ ਕਰਦੀ ਰਹੀ ਹੈ। ਜਿਸ ਤਰਾਂ ਰਾਵੀ ਬਿਆਸ ਦਾ 60% ਪਾਣੀ ਦੂਜੇ ਰਾਜਾਂ ਨੂੰ ਦਿੱਤਾ ਗਿਆ ਜੋ ਕਿ ਰਾਇਪੇਰੀਅਨ ਰਾਜ ਨਹੀ ਹਨ। ਇਸੇ ਤਰਾਂ ਰਾਜਸਥਾਨ ਅਤੇ ਹਰਿਆਣਾ (ਦੋਵੇਂ ਰਾਇਪੇਰੀਅਨ ਰਾਜ ਨਹੀ) ਨੂੰ 16 ਲੱਖ ਕਰੋੜ ਰੁਪਏ ਦਾ ਪਾਣੀ ਬਿਨਾ ਮੁਆਵਜੇ ਦਿੱਤਾ ਜਾ ਚੁੱਕਾ ਹੈ।ਇਸੇ ਤਰਾਂ ਦਿੱਲੀ ਸਰਕਾਰ ਹਰ ਸਾਲ ਹਿਮਾਚਲ ਨੂੰ 21 ਕਰੋੜ ਪਾਣੀਆਂ ਦਾ ਮੁਆਵਜਾ ਦੇ ਰਹੀ ਹੈ ਪਰ ਪੰਜਾਬ ਨੂੰ ਨਹੀ ਦੇ ਰਹੀ ਜੋ ਕਿ ਦੇਣਾ ਚਾਹੀਦਾ ਹੈ ਇਸ ਤਰਾਂ ਦੇ ਗੰਭੀਰ ਮੁੱਦਿਆਂ ਨੂੰ ਲੋਕਾ ਵਿੱਚ ਲਿਆਂਦਾ ਹੈ। ਹੁਣ ਇਸ ਮੰਚ ਵੱਲੋ ਇੱਕ ਰਾਜਨੀਤਿਕ ਪਾਰਟੀ" ਜਾਗੋ ਪੰਜਾਬ ਪਾਰਟੀ" ਬਣਾ ਕੇ ਆਉਣ ਵਾਲੀਆ ਵਿਧਾਨ ਸਭਾ ਚੋਣਾ ਵਿੱਚ ਸਾਫ ਅਕਸ ਵਾਲੇ ਉਮੀਦਵਾਰਾਂ ਨੂੰ ਪਾਰਟੀ ਦੀ ਟਿਕਟ ਤੋਂ ਚੋਣ ਲੜਾਉਣ ਤੇ ਵਿਚਾਰ ਕਰ ਰਹੀ ਹੈ ।ਇਸੇ ਹੀ ਮੀਟਿੰਗ ਵਿੱਚ ਫਰੀਦਕੋਟ ਵਿਧਾਨ ਸਭਾ ਹਲਕੇ ਲਈ ਹਰਮੀਤ ਸਿੰਘ ਕੰਗ ਦੇ ਨਾਮ ਦੀ ਚਰਚਾ ਹੋਈ। ਗੁਰਬਚਨ ਸਿੰਘ ਬਰਾੜ ਜੋ ਸ਼ਹਿਰ ਦੀ ਜਾਣੀ ਪਹਿਚਾਣੀ ਹਸਤੀ ਹੈ ਨੇ ਹਰਮੀਤ ਸਿੰਘ ਕੰਗ ਦਾ ਨਾਮ ਫਰੀਦਕੋਟ ਵਿਧਾਨ ਸਭਾ ਹਲਕੇ ਲਈ ਰੱਖਿਆ ਤੇ ਇਸ ਤੇ ਰਾਜਾ ਰਵਿੰਦਰ ਸਿੰਘ ਨਾਇਬ ਤਹਿਸੀਲਦਾਰ (ਸੇਵਾਮੁਕਤ) ਅਤੇ ਨਰਿੰਦਰ ਸਿੰਘ ਗਿੱਲ ਜੋ ਖੇਤੀਬਾੜੀ ਅਫਸਰ ਸੇਵਾਮੁਕਤ ਹੋਏ ਹਨ ਗੁਰਬਚਨ ਸਿੰਘ ਬਰਾੜ ਵੱਲੋ ਰੱਖੇ ਗਏ ਨਾਮ ਤੇ ਆਪਣੀ ਸਹਿਮਤੀ ਪ੍ਰਗਟਾਈ। ਯਾਦ ਰਹੇ ਹਰਮੀਤ ਸਿੰਘ ਕੰਗ ਜੋ ਜਿਲਾ ਰੈਡ ਕਰਾਸ ਸੀਨੀਅਰ ਸਿਟੀਜਨ ਵੈਲਫੇਅਰ ਕਲੱਬ ਫਰੀਦਕੋਟ ਦੇ ਸੀਨੀਅਰ ਮੀਤ ਪ੍ਰਧਾਨ ਹਨ ਤੇ ਸ਼ਹਿਰ ਦੀ ਜਾਣੀ ਪਹਿਚਾਣੀ ਸਖਸ਼ੀਅਤ ਦੇ ਮਾਲਕ ਹਨ। ਇਹਨਾਂ ਦਾ ਨਾਮ ਜੁਬਲੀ ਸਿਨੇਮਾ ਫਰੀਦਕੋਟ ਵਾਲਿਆ ਕਰਕੇ ਵੀ ਜਾਣਿਆ ਜਾਦਾ ਹੈ। ਅੱਜ ਦੀ ਮੀਟਿੰਗ ਜਿਲਾ ਰੈਡ ਕਰਾਸ ਸੀਨੀਅਰ ਸਿਟੀਜਨ ਵੈਲਫੇਅਰ ਕਲੱਬ ਫਰੀਦਕੋਟ ਦੇ ਸੀਨੀਅਰ ਮੈਬਰਾਂ ਨੇ ਸ਼ਿਰਕਤ ਕੀਤੀ ਜਿੰਨਾਂ ਵਿੱਚ ਹਰਮੀਤ ਸਿੰਘ ਕੰਗ ਕਲੱਬ ਸੀਨੀਅਰ ਮੀਤ ਪ੍ਰਧਾਨ, ਨਰਿੰਦਰ ਸਿੰਘ ਗਿੱਲ ਵਿਸ਼ੇਸ਼ ਸਹਿਯੋਗ, ਰਾਜਾ ਰਵਿੰਦਰ ਸਿੰਘ ਨਾਇਬ ਤਹਿਸੀਲਦਾਰ ( ਸੇਵਾਮੁਕਤ) ,ਗੁਰਚਰਨ ਸਿੰਘ ਬਰਾੜ ( ਵਾਸੀ ਕੈਲਗਿਰੀ),ਕਰਨਲ ਬਲਬੀਰ ਸਿੰਘ ਸਰਾਂ,ਡਾ.ਹਰਿੰਦਰਪਾਲ ਸਿੰਘ ਸੰਧੂ ਆਦਿ ਮੌਜੂਦ ਸਨ। ਜਦੋ ਇਹ ਗੱਲ ਸੀਨੀਅਰ ਸਿਟੀਜਨ ਵੈਲਫੇਅਰ ਕਲੱਬ ਫਰੀਦਕੋਟ ਵਿੱਚ ਪਹੁੰਚੀ ਤਾਂ ਸਾਰੇ ਮੈਂਬਰਾਂ ਵਿੱਚ ਖੁਸ਼ੀ ਲਹਿਰ ਉੱਠ ਪਈ ਕਿ ਸਾਡੇ ਕਲੱਬ ਦੇ ਮੈਂਬਰ ਨੂੰ ਆਉਣ ਵਾਲੀ ਵਿਧਾਨ ਸਭਾ ਚੋਣਾਂ ਵਿਚ ਸੰਭਾਵੀ ਉਮੀਦਵਾਰ ਦੇ ਤੌਰ ਤੇ ਵਿਚਾਰ ਚਰਚਾ ਹੋ ਰਹੀ ਹੈ ਤਾਂ ਸਾਰਿਆ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦਿਆ ਹੋਇਆ ਕਿਹਾ ਕਿ ਜੇਕਰ "ਜਾਗੋ ਪੰਜਾਬ ਪਾਰਟੀ" ਹਰਮੀਤ ਸਿੰਘ ਕੰਗ ਨੂੰ ਆਪਣਾ 2027 ਦੀਆ ਚੋਣਾਂ ਵਿੱਚ ਉਮੀਦਵਾਰ ਬਣਾਉਦੀ ਹੈ ਤਾਂ ਸਾਰੇ ਕਲੱਬ ਮੈਂਬਰ ਉਹਨਾਂ ਦੀ ਹਰ ਤਰਾਂ ਨਾਲ ਮੱਦਦ ਕਰਨ ਲਈ ਤਿਆਰ ਹਨ। ਮੈਬਰਾਂ ਨੇ ਹਰਮੀਤ ਸਿੰਘ ਕੰਗ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੀਆ ਵਿਧਾਨ ਸਭਾ ਚੋਣਾਂ ਵਿੱਚ ਉਹਨਾਂ ਨੂੰ ਫਰੀਦਕੋਟ ਤੋਂ ਵਿਧਾਨ ਸਭਾ ਹਲਕੇ ਤੋ ਜਿਤਾ ਕੇ ਪੰਜਾਬ ਵਿਧਾਨ ਸਭਾ ਵਿਚ ਭੇਜਣਗੇ ਤੇ ਇਹ ਜਿੱਤ ਜਾਗੋ ਪੰਜਾਬ ਪਾਰਟੀ ਦੀ ਝੋਲੀ ਵਿਚ ਪਾਉਣਗੇ। ਇਸ ਸਬੰਧ ਵਿੱਚ ਜਾਗੋ ਪੰਜਾਬ ਮੰਚ ਵੱਲੋ ਹਰਮੀਤ ਸਿੰਘ ਕੰਗ ਨੂੰ ਮੰਚ ਦੀਆ ਸ਼ਰਤਾਂ ਮੁਤਾਬਿਕ 100 ਫਾਰਮ ਭਰਕੇ ਨੋਟਰੀ ਤੋ ਤਸਦੀਕ ਕਰਵਾ ਕੇ ਦੇਣ ਲਈ ਕਿਹਾ ਹੈ। ਜਦੋ ਸਾਡੇ ਪ੍ਰਤੀਨਿਧ ਨੇ ਹਰਮੀਤ ਸਿੰਘ ਕੰਗ ਨੂੰ ਜਾਗੋ ਪੰਜਾਬ ਪਾਰਟੀ ਵਿੱਚ 2027 ਦੀਆ ਚੋਣਾਂ ਬਾਰੇ ਪੁੱਛਿਆ ਤਾਂ ਉਹਨਾਂ ਨੇ ਕਿਹਾ ਜੇਕਰ ਜਾਗੋ ਪੰਜਾਬ ਪਾਰਟੀ ਉਹਨਾਂ ਨੂੰ ਉਮੀਦਵਾਰ ਬਣਾਉਦੀ ਹੈ ਤੇ ਲੋਕਾਂ ਦਾ ਪਿਆਰ ਮਿਲਦਾ ਰਿਹਾ ਤਾਂ ਮੈ ਪੰਜਾਬ ਤੇ ਆਪਣੇ ਸ਼ਹਿਰ ਦੀਆ ਸਮੱਸਿਆ ਨੂੰ ਜਰੂਰ ਪੰਜਾਬ ਵਿਧਾਨ ਸਭਾ ਵਿੱਚ




ਉਠਾਵਾਂਗਾ। ਇਥੇ ਵਰਨਣਯੋਗ ਹੈ ਜਿਲਾ ਫਰੀਦਕੋਟ ਵਿੱਚ ਤਿੰਨ ਵਿਧਾਨ ਸਭਾ ਹਲਕੇ ਪੈਂਦੇ ਹਨ ਇੱਕ ਫਰੀਦਕੋਟ ਦੂਸਰਾ ਕੋਟਕਪੂਰਾ ਤੇ ਤੀਸਰਾ ਜੈਤੋ ਹੈ। ਇਹ ਤਿੰਨੇ ਹਲਕੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਇੱਥੋਂ ਜੇਤੂ ਹੋਏ ਹਨ। ਫਰੀਦਕੋਟ ਹਲਕੇ ਤੋਂ ਗੁਰਦਿੱਤ ਸਿੰਘ ਸੇਖੋਂ,ਕੋਟਕਪੂਰਾ ਹਲਕੇ ਤੋ ਕੁਲਤਾਰ ਸਿੰਘ ਸੰਧਵਾਂ ਜੋ ਇਸ ਸਮੇ ਪੰਜਾਬ ਵਿਧਾਨ ਸਭਾ ਵਿੱਚ ਸਪੀਕਰ ਦੇ ਅਹੁਦੇ ਤੇ ਬਿਰਾਜਮਾਨ ਹਨ ਅਤੇ ਜੈਤੋ ਹਲਕੇ ਤੇ ਅਮੋਲਕ ਸਿੰਘ ਆਮ ਆਦਮੀ ਪਾਰਟੀ ਦੇ ਐਮ.ਐਲ. ਏ ਹਨ। ਇਹ ਤਾਂ ਹੁਣ ਆਉਣ ਵਾਲਾ ਸਮਾਂ ਹੀ ਦੱਸੇਗਾ ਕਿ ਫਰੀਦਕੋਟ ਵਿਧਾਨ ਸਭਾ ਹਲਕੇ ਤੋਂ ਕਿਸ ਉਮੀਦਵਾਰ ਨੂੰ ਜਨਤਾ ਆਪਣਾ ਐਮ.ਐਲ.ਏ ਬਣਾ ਕੇ ਪੰਜਾਬ ਵਿਧਾਨ ਸਭਾ ਵਿਚ ਭੇਜਦੀ ਹੈ।

# ਅਮਿਤ ਸ਼ਾਹ ਦੀ ਮੋਗਾ ਰੈਲੀ ਸਿਰਫ ਭਾਸ਼ਣਾਂ ਤੱਕ ਸੀਮਤ , ਸਿੱਖਾਂ ਅਤੇ ਪੰਜਾਬ ਦੇ ਮਸਲਿਆਂ ਦੇ ਹੱਲ ਬਾਰੇ ਕੋਈ ਐਲਾਨ ਨਹੀਂ - ਜਸਮੀਤ ਸਿੰਘ ਪੀਤਮਪੁਰਾ



ਲੁਧਿਆਣਾ 14 ਮਾਰਚ (ਕਰਨੈਲ ਸਿੰਘ ਐੱਮ.ਏ.) ਅੱਜ ਪੰਜਾਬ ਦੇ ਮੋਗਾ ਵਿੱਚ ਭਾਜਪਾ ਦੀ ਹੋਈ "ਬਦਲਾਅ ਰੈਲੀ" ਵਿੱਚ ਕੁੱਝ ਵੀ ਬਦਲਾਅ ਵੇਖਣ ਸੁਣਨ ਨੂੰ ਨਹੀਂ ਮਿਲਿਆ, ਇਹ ਵਿਚਾਰ ਅੱਜ ਜਸਮੀਤ ਸਿੰਘ ਪੀਤਮਪੁਰਾ ਯੂਥ ਅਕਾਲੀ ਦਲ ਦੇ ਸਕੱਤਰ ਜਨਰਲ ਦਿੱਲੀ ਇਕਾਈ ਨੇ ਗੱਲਬਾਤ ਦੌਰਾਨ ਦਿੱਤੇ ਉਹਨਾਂ ਆਖਿਆ ਕਿ ਇਸ ਰੈਲੀ ਵਿੱਚ ਸੰਬੋਧਨ ਦੌਰਾਨ ਭਾਜਪਾ ਦੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਵੱਡੇ-ਵੱਡੇ ਐਲਾਨ ਤਾਂ ਕੀਤੇ ਗਏ, ਪਰ ਹਕੀਕਤ ਵਿੱਚ ਇਹ ਐਲਾਨ ਸਿਰਫ਼ ਫੋਕੇ ਵਾਅਦੇ ਹੀ ਜਾਪੇ । ਪੰਜਾਬ ਦੇ ਲੋਕਾਂ ਨੂੰ ਉਮੀਦ ਸੀ ਕਿ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਦੇ ਅਸਲੀ ਮਸਲਿਆਂ ਬਾਰੇ ਕੋਈ ਠੋਸ ਫੈਸਲਾ ਕਰੇਗੀ, ਪਰ ਰੈਲੀ ਵਿੱਚ ਇਸ ਤਰ੍ਹਾਂ ਦੀ ਕੋਈ ਗੰਭੀਰ ਚਰਚਾ ਜਾਂ ਹੱਲ ਸਾਹਮਣੇ ਨਹੀਂ ਆਇਆ । ਉਹਨਾਂ ਆਖਿਆ ਕਿ ਸਿੱਖ ਕੌਮ ਨਾਲ ਜੁੜੇ ਕਈ ਗੰਭੀਰ ਮੁੱਦੇ ਲੰਬੇ ਸਮੇਂ ਤੋਂ ਅਜੇ ਵੀ ਅਣਸੁਲਝੇ ਪਏ ਹਨ, ਇਨ੍ਹਾਂ ਮਸਲਿਆਂ ਬਾਰੇ ਨਾ ਤਾਂ ਕੋਈ ਸਪਸ਼ਟ ਨੀਤੀ ਦੱਸੀ ਗਈ ਅਤੇ ਨਾ ਹੀ ਕੋਈ ਵਚਨਬੱਧਤਾ ਦਿਖਾਈ ਦਿੱਤੀ। ਇਸੇ ਤਰ੍ਹਾਂ ਕਿਸਾਨਾਂ ਦੇ ਮਸਲੇ ਵੀ ਪੰਜਾਬ ਦੀ ਰਾਜਨੀਤੀ ਦਾ ਕੇਂਦਰ ਰਹੇ ਹਨ, ਪਰ ਰੈਲੀ ਵਿੱਚ ਕਿਸਾਨਾਂ ਲਈ ਕੋਈ ਐਸੀ ਘੋਸ਼ਣਾ ਨਹੀਂ ਕੀਤੀ ਗਈ ਜੋ ਉਨ੍ਹਾਂ ਦੀਆਂ ਅਸਲ ਚਿੰਤਾਵਾਂ ਨੂੰ ਦੂਰ ਕਰ ਸਕੇ । ਪੰਜਾਬ ਦੇ ਹੜ੍ਹ ਪੀੜਤ ਲੋਕਾਂ ਲਈ ਕੇਂਦਰ ਸਰਕਾਰ ਤੋਂ ਮਦਦ ਦੀ ਉਮੀਦ ਕੀਤੀ ਜਾ ਰਹੀ ਸੀ, ਪੰਜਾਬ ਦੇ ਕਈ ਇਲਾਕਿਆਂ ਵਿੱਚ ਹੜ੍ਹਾਂ ਨੇ ਭਾਰੀ ਨੁਕਸਾਨ ਕੀਤਾ ਅਤੇ ਲੋਕ ਅਜੇ ਵੀ ਮੁਆਵਜ਼ੇ ਦੀ ਉਡੀਕ ਕਰ ਰਹੇ ਹਨ, ਪਰ ਦੁੱਖ ਦੀ ਗੱਲ ਹੈ ਕਿ ਕੇਂਦਰ ਵੱਲੋਂ ਦਿੱਤੀ ਜਾਣ ਵਾਲੀ ਗਰਾਂਟ ਜਾਂ ਮਦਦ ਬਾਰੇ ਵੀ ਕੋਈ ਸਪਸ਼ਟ ਐਲਾਨ ਨਹੀਂ ਕੀਤਾ ਗਿਆ ।

ਇਸ ਨਾਲ ਇਹ ਸਵਾਲ ਵੀ ਖੜ੍ਹਾ ਹੁੰਦਾ ਹੈ ਕਿ ਕੀ ਪੰਜਾਬ ਦੇ ਲੋਕਾਂ ਦੀ ਪੀੜ ਅਤੇ ਮੁਸ਼ਕਲਾਂ ਸਿਰਫ਼ ਰੈਲੀਆਂ ਦੇ ਫੋਕੇ ਭਾਸ਼ਣਾਂ ਤੱਕ ਹੀ ਸੀਮਿਤ ਰਹਿ ਗਈਆਂ ਹਨ ਜਸਮੀਤ ਸਿੰਘ ਨੇ ਆਖਿਆ ਕਿ ਪੰਜਾਬ ਦੇ ਲੋਕਾਂ ਨੂੰ ਖਾਲੀ ਐਲਾਨ ਨਹੀਂ, ਸਗੋਂ ਹਕੀਕੀ ਕਦਮ ਅਤੇ ਨਤੀਜੇ ਚਾਹੀਦੇ ਹਨ, ਜੇ ਕੇਂਦਰ ਸਰਕਾਰ ਸੱਚਮੁੱਚ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਗੰਭੀਰ ਹੈ, ਤਾਂ ਫਿਰ ਸਿਰਫ਼ ਰੈਲੀਆਂ ਵਿੱਚ ਭਾਸ਼ਣਾਂ ਦੀ ਬਜਾਏ ਜ਼ਮੀਨੀ ਪੱਧਰ 'ਤੇ ਕੋਈ ਠੋਸ ਕਦਮ ਚੁੱਕੇ, ਐਵੇਂ ਰੈਲੀਆਂ 'ਚ ਖਾਲੀ ਪੀਪੇ ਖੜਕਾਉਣ ਨਾਲ ਕੁੱਝ ਨਹੀਂ ਹੋਣਾ !!

# ਪੀ.ਐੱਮ.ਐੱਨ. ਕਾਲਜ ਵਿੱਚ ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ ਗਿਆ

ਰਾਜਪੁਰਾ,14 ਮਾਰਚ(ਹਿਮਾਂਸ਼ੂ ਹੈਰੀ):ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਰਾਜਪੁਰਾ ਦੇ ਸਿਖਲਾਈ ਅਤੇ ਪਲੇਸਮੈਂਟ ਸੈੱਲ ਨੇ 13 ਮਾਰਚ, 2026 ਨੂੰ ਪ੍ਰਿੰਸੀਪਲ ਡਾ. ਸੀ.ਪੀ. ਗਾਂਧੀ, ਡਾਇਰੈਕਟਰ ਪ੍ਰੋ. ਰਾਜੀਵ ਬਾਹੀਆ, ਅਤੇ ਪਲੇਸਮੈਂਟ ਅਤੇ ਸਿਖਲਾਈ ਅਧਿਕਾਰੀ ਡਾ. ਅਮਿਤਾ ਕੌਂਸ਼ਲ ਦੀ ਅਗਵਾਈ ਹੇਠ ਯੂ.ਜੀ. ਅਤੇ ਪੀ.ਜੀ. ਭਾਗ ਤੀਜਾ ਦੇ ਵਿਦਿਆਰਥੀਆਂ ਲਈ ਪਲੇਸਮੈਂਟ ਡਰਾਈਵ ਦਾ ਆਯੋਜਨ ਕੀਤਾ। ਭਰਤੀ ਪ੍ਰਕਿਰਿਆ ਵਿੱਚ ਐਮ.ਬੀ.ਏ, ਐਮ.ਕਾਮ, ਬੀ.ਕਾਮ, ਬੀਬੀਏ, ਬੀ.ਸੀ.ਏ, ਬੀ.ਐਸ.ਸੀ ਅਤੇ ਬੀ.ਏ. ਭਾਗ ਤੀਜਾ ਅਤੇ ਪਾਸ-ਆਊਟ ਬੈਚਾਂ ਦੇ ਕੁੱਲ 150 ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ।ਜਿਸ ਜਿਸ ਵਿੱਚ ਰਿਲੇਸ਼ਨਸ਼ਿਪ ਮੈਨੇਜਰ ਦੇ ਅਹੁਦੇ ਲਈ ਆਈ.ਸੀ.ਆਈ.ਸੀ.ਆਈ. ਬੈਂਕ, ਗ੍ਰੇ ਯੂ.ਆਰ. ਬਿਜ਼ਨਸ, ਐਮਾਜ਼ਾਨ, ਐਚ.ਡੀ.ਬੀ. ਫਾਈਨੈਂਸ਼ੀਅਲ ਸਰਵਿਸਿਜ਼, ਐਸਬੀਆਈ ਲਾਈਫ ਇੰਸ਼ੋਰੈਂਸ, ਸੋਲੀਟੇਅਰ ਇਨਫੋਸਿਸ, ਅਰਜੀਨਸ, ਫਿਊਚਰ ਫਾਈਂਡਰ, ਪ੍ਰੋ ਏਸ ਇਨਫੋਟੈਕ, ਅਤੇ ਰਾਮਾਇਆ ਹੈਲਥਕੇਅਰ ਆਰਗੇਨਾਈਜ਼ੇਸ਼ਨ ਸਮੇਤ ਪ੍ਰਮੁੱਖ ਸੰਸਥਾਵਾਂ ਨੇ ਪ੍ਰਦਰਸ਼ਨ-ਅਧਾਰਤ ਪ੍ਰੋਤਸਾਹਨਾਂ ਦੇ ਨਾਲ ਆਕਰਸ਼ਕ ਤਨਖਾਹ ਪੈਕੇਜ ਪੇਸ਼ ਕੀਤਾ। ਇਸ ਸੈਸ਼ਨ ਦੌਰਾਨ, ਆਈ.ਸੀ.ਆਈ.ਸੀ.ਆਈ. ਬੈਂਕ ਦੇ ਪ੍ਰਤੀਨਿਧੀਆਂ ਨੇ ਨੌਕਰੀ ਪ੍ਰੋਫਾਈਲਾਂ, ਤਨਖਾਹ ਢਾਂਚੇ ਅਤੇ ਕਰੀਅਰ ਵਿਕਾਸ ਦੇ ਮੌਕਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਜਾਂਚ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਅੰਤਿਮ ਨਤੀਜੇ ਜਲਦੀ ਹੀ ਘੋਸ਼ਿਤ ਕੀਤੇ ਜਾਣਗੇ। ਇਸ ਮੌਕੇ ਕਾਲਜ ਦੇ ਵਿੱਤ ਸਕੱਤਰ ਸਰਿਤੇਸ਼ ਬਾਂਸਲ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਮਿਆਰੀ ਪਲੇਸਮੈਂਟ ਦੇ ਮੌਕੇ ਪ੍ਰਦਾਨ ਕਰਨ




ਲਈ ਸੰਸਥਾ ਦੀ ਵਚਨਬੱਧਤਾ ਨੂੰ ਦੁਹਰਾਇਆ। ਇਹ ਪ੍ਰੋਗਰਾਮ ਡਾ. ਤਰਨਜੀਤ ਸਿੰਘ, ਡਾ. ਗੁਰਨਿੰਦਰ ਸਿੰਘ, ਡਾ. ਹਿਨਾ ਗੁਪਤਾ, ਡਾ. ਦਲਵੀਰ ਕੌਰ, ਪ੍ਰੋ. ਹਰਜਿੰਦਰ ਕੌਰ, ਪ੍ਰੋ. ਮਮਤਾ ਸ਼ਰਮਾ, ਪ੍ਰੋ. ਦੀਕਸ਼ਾ ਜਿੰਦਲ, ਪ੍ਰੋ. ਸੰਦੀਪ, ਪ੍ਰੋ. ਕਿਰਨਪ੍ਰੀਤ ਕੌਰ, ਪ੍ਰੋ. ਰਿਚਾ ਵਰਮਾ, ਪ੍ਰੋ. ਆਂਚਲ ਸੈਨੀ, ਪ੍ਰੋ. ਰਿਤੂ ਵਰਮਾ, ਪ੍ਰੋ. ਡੌਲੀ ਵਰਮਾ, ਪ੍ਰੋ. ਦਲਜੀਤ ਸਿੰਘ, ਪ੍ਰੋ. ਰਾਜਵਿੰਦਰ ਕੌਰ ਅਤੇ ਪ੍ਰੋ. ਹਿਨਾ ਸਮੇਤ ਫੈਕਲਟੀ ਮੈਂਬਰਾਂ ਦੇ ਸਹਿਯੋਗ ਨਾਲ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਗੈਰ-ਅਧਿਆਪਨ ਸਟਾਫ਼ ਨੇ ਵੀ ਇਸ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਆਯੋਜਿਤ ਕਰਨ ਵਿੱਚ ਪੂਰਾ ਸਹਿਯੋਗ ਦਿੱਤਾ।

# ਹਰਚੰਦ ਸਿੰਘ ਗਿੱਲ (ਯੂ.ਐੱਸ.ਏ) ਘੋਲੀਆ ਖੁਰਦ ਨਮਿੱਤ ਸ਼ਰਧਾਂਜ਼ਲੀ ਸਮਾਗਮ ਹੋਇਆ ਵੱਡੀ ਗਿਣਤੀ 'ਚ ਸਿਆਸੀ ਤੇ ਧਾਰਮਿਕ ਸਖਸੀਅਤਾਂ ਨੇ ਭਰੀ ਹਾਜ਼ਰੀ

ਮੋਗਾ/ਅੰਮ੍ਰਿਤਸਰ, 14 ਮਾਰਚ (ਰਣਜੀਤ ਸਿੰਘ ਮਸੌਣ ਰਾਘਵ ਅਰੋੜਾ) ਸਾਬਕਾ ਪੰਚਾਇਤ ਮੈਂਬਰ ਤੇ ਸਮਾਜਸੇਵੀ ਹਰਚੰਦ ਸਿੰਘ ਗਿੱਲ ਯੂ.ਐੱਸ.ਏ. (73) ਨਮਿੱਤ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਸੰਤ ਬਾਬਾ ਗੁਲਾਬ ਸਿੰਘ ਅਨੰਦ ਭਵਨ ਘੋਲੀਆ ਖੁਰਦ ਵਿਖੇ ਹੋਇਆ।

ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਪਾਏ ਗਏ। ਇਸ ਸਮੇਂ ਭਾਈ ਅਜਮੇਰ ਸਿੰਘ ਦੇ ਜੱਥੇ ਨੇ ਕੀਰਤਨ ਦੁਆਰਾ ਮਨੁੱਖ ਦੇ ਜੀਵਨ ਅਤੇ ਮੌਤ ਦੇ ਫ਼ਲਸਫ਼ੇ ਸਬੰਧੀ ਵਿਸਥਾਰ ਪੂਰਵਕ ਚਾਨਣਾ ਪਾਇਆ। ਅੰਤਿਮ ਅਰਦਾਸ ਉਪਰੰਤ ਭੁਪਿੰਦਰ ਸਿੰਘ ਸਾਹੋਕੇ ਇੰਚਾਰਜ਼ ਕਾਂਗਰਸ ਹਲਕਾ ਨਿਹਾਲ ਸਿੰਘ ਵਾਲਾ, ਭੋਲਾ ਸਿੰਘ ਬਰਾੜ ਇੰਚਾਰਜ਼ ਕਾਂਗਰਸ ਹਲਕਾ ਫਿਰੋਜ਼ਪੁਰ ਦਿਹਾਤੀ, ਕਮਲਜੀਤ ਸਿੰਘ ਬਰਾੜ ਆਗੂ ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਦੇ, ਬਲਦੇਵ ਸਿੰਘ ਬੀੜ, ਸਾਬਕਾ ਸਰਪੰਚ ਅਮਰਜੀਤ ਸਿੰਘ ਗਿੱਲ ਅਤੇ ਸਟੇਜ ਸਕੱਤਰ ਮਾਸਟਰ ਨਾਹਰ ਸਿੰਘ ਨੱਥੋਕੇ ਨੇ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਹਰਚੰਦ ਸਿੰਘ ਹਲਕੇ ਦੇ ਸਾਰੇ ਸਿਆਸੀ ਤੇ ਧਾਰਮਿਕ ਆਗੂਆਂ ਨਾਲ ਪ੍ਰੇਮ ਰੱਖਣ ਵਾਲੇ ਅਤੇ ਪਿੰਡ ਦੇ ਸਮਾਜਸੇਵੀ ਕਾਰਜਾਂ ਲਈ ਵੱਧ ਚੜ੍ਹ ਕੇ ਯੋਗਦਾਨ ਪਾਉਣ ਵਾਲੇ ਇਨਸਾਨ ਸਨ।

ਅਮਰੀਕਾ ਵਿੱਚ ਰਹਿੰਦੇ ਹੋਏ ਵੀ ਆਪਣੇ ਸਪੁੱਤਰ ਹਰਮੰਦਰ ਸਿੰਘ ਤੇ ਆਪਣੇ ਦੋਨੋਂ ਪੋਤਰਿਆਂ ਨੂੰ ਪੰਜਾਬ ਤੇ ਪੰਜਾਬੀ ਮਾਂ ਬੋਲੀ ਨਾਲ ਜੋੜ ਕੇ ਰੱਖਣ ਦੀ ਤਾਂਘ ਵਾਲੇ ਹਰਚੰਦ ਸਿੰਘ ਵਰਗੇ ਬਜ਼ੁਰਗਾਂ ਦਾ ਇਸ ਤਰ੍ਹਾਂ ਚਲੇ ਜਾਣਾ ਜਿੱਥੇ ਪਰਿਵਾਰ ਲਈ ਵੱਡਾ ਘਾਟਾ ਹੈ ਉਥੇ ਸਮਾਜ ਨੂੰ ਵੀ ਘਾਟ ਰੜਕਦੀ ਰਹੇਗੀ।

ਇਸ ਮੌਕੇ ਗਿੱਲ ਪਰਿਵਾਰ ਨੇ ਹਰਚੰਦ ਸਿੰਘ ਦੀ ਯਾਦ ਵਿੱਚ ਮ੍ਰਿਤਕ



ਦੇਹ ਸੰਭਾਲ ਘਰ ਬਨਾਉਣ ਦਾ ਐਲਾਨ ਕੀਤਾ ਅਤੇ ਵੱਖ-ਵੱਖ ਵਿਦਿਅਕ ਤੇ ਧਾਰਮਿਕ ਸੰਸਥਾਵਾਂ ਨੂੰ ਦਾਨ ਰਾਸ਼ੀ ਭੇਂਟ ਕੀਤੀ।

ਇਸ ਸਮੇਂ ਰਾਜਵਿੰਦਰ ਸਿੰਘ ਧਰਮਕੋਟ ਇੰਚਾਰਜ਼ ਹਲਕਾ ਸ਼੍ਰੋਮਣੀ ਅਕਾਲੀ ਦਲ ਨਿਹਾਲ ਸਿੰਘ ਵਾਲਾ, ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਧਰਮਪਤਨੀ ਅਮਨਦੀਪ ਕੌਰ, ਖਣਮੁਖ ਭਾਰਤੀ ਪੱਤੋ ਸ਼ਹਿਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ, ਹੌਂਦ ਚਿੱਲੜ ਤਾਲਮੇਲ ਕਮੇਟੀ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ, ਐਡਵੋਕੇਟ ਧਰਮਪਾਲ ਸਿੰਘ ਡੀ.ਪੀ, ਸਾਬਕਾ ਬਲਾਕ ਸੰਮਤੀ ਮੈਂਬਰ ਹਰਪ੍ਰੀਤ ਸਿੰਘ ਲਵਲੀ, ਸਾਬਕਾ ਸਰਪੰਚ ਰਣਧੀਰ ਸਿੰਘ ਫੂਲੇਵਾਲਾ, ਸਾਬਕਾ ਸਰਪੰਚ ਇਕਬਾਲ ਸਿੰਘ, ਸਾਬਕਾ ਸਰਪੰਚ ਜਗਮੋਹਨ ਸਿੰਘ ਜੈ ਸਿੰਘ ਵਾਲਾ, ਸਰਕਲ ਪ੍ਰਧਾਨ ਅਜੀਤਪਾਲ ਸਿੰਘ ਰਣੀਆ, ਸਰਪੰਚ ਅਮਰ ਸਿੰਘ ਘੋਲੀਆ ਖੁਰਦ, ਸੁਰਜੀਤ ਸਿੰਘ ਸੰਘੇੜਾ ਤਲਵੰਡੀ ਖੁਰਦ, ਮਾਸਟਰ ਜਤਿੰਦਰਪਾਲ ਸਿੰਘ ਸੰਘੇੜਾ, ਜਸਵਿੰਦਰ ਸਿੰਘ ਗਰੇਵਾਲ, ਜਸਮਿੰਦਰ ਸਿੰਘ ਸਰਾਂ, ਰਣਦੀਪ ਸਿੰਘ ਸਿੱਧੂ ਦੌਧਰ, ਜਸਵਿੰਦਰ ਸਿੰਘ ਘੋਲੀਆ ਕਨੇਡਾ, ਮਾਸਟਰ ਗੁਰਮੇਲ ਸਿੰਘ ਘੋਲੀਆ, ਗੁਰਪ੍ਰੀਤ ਸਿੰਘ ਬਾਗੜੀ ਯੂ.ਐੱਸ.ਏ, ਸਾਬਕਾ ਸਰਪੰਚ ਗੁਰਮੇਲ ਕੌਰ, ਸਾਬਕਾ ਸਰਪੰਚ ਇਕਬਾਲ ਸਿੰਘ, ਨਰੋਤਮ ਪੁਰੀ, ਜਿੰਦਰ ਪੁਰੀ, ਨੰਬਰਦਾਰ ਗੁਰਮੀਤ ਸਿੰਘ ਘੋਲੀਆ ਕਲਾਂ, ਕਲੱਬ ਪ੍ਰਧਾਨ ਅਰਵਿੰਦਰ ਸਿੰਘ ਕਾਕਾ, ਕੁਲਵੰਤ ਸਿੰਘ ਕੈਨੇਡਾ, ਹਰਬੰਸ ਸਿੰਘ ਗਿੱਲ, ਜਗਦੇਵ ਸਿੰਘ ਗਿੱਲ, ਤੇਜਿੰਦਰ ਸਿੰਘ ਗਿੱਲ, ਪੰਚ ਪਰਵਿੰਦਰ ਗਿੱਲ, ਪੰਚ ਚੰਦ ਸਿੰਘ, ਪੰਚ ਨਵਜੀਤ ਸਿੰਘ, ਜਗਦੀਸ਼ ਸਿੰਘ ਦੀਸਾ, ਆੜਤੀ ਅਭਿਲਾਸ ਚੰਦ ਜੁਗਨੀ, ਕੰਵਰ ਸਿੰਘ ਥਰਾਜ, ਲਖਵੀਰ ਸੀਰਾ, ਹਾਕਮ ਸਿੰਘ ਪੰਜਗਰਾਈ, ਰਛਪਾਲ ਸਿੰਘ ਫੂਲੇਵਾਲਾ, ਜੇ.ਈ. ਕਰਮ ਸਿੰਘ ਸਮਾਧ ਭਾਈ, ਜਸਵਿੰਦਰ ਸਿੰਘ ਕਿੰਗਰਾ, ਰਛਪਾਲ ਸਿੰਘ ਬਾਗੜੀ, ਦਵਿੰਦਰ ਸਿੰਘ ਬਲਾਕ ਸੰਮਤੀ ਮੈਂਬਰ, ਬਲਵਿੰਦਰ ਸਿੰਘ ਖਾਲਸਾ, ਮੇਜਰ ਸਿੰਘ ਬਲਾਕ ਪ੍ਰਧਾਨ ਕਾਦੀਆਂ, ਜਗਤਾਰ ਸਿੰਘ ਤਖਤੂਪੁਰਾ ਆਦਿ ਤੋਂ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਤੇ ਪਿੰਡ ਵਾਸੀ ਹਾਜ਼ਰ

# ਬਲੱਡ ਡੋਨਰਜ ਕਲੱਬ ਮਹਿਤਪੁਰ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੇ ਸੰਕਲਪ ਦਿਵਸ ਨੂੰ ਸਮਰਪਿਤ ਖ਼ੂਨਦਾਨ ਕੈਂਪ ਮਹਿਤਪੁਰ ਵਿੱਚ ਟੁਰਨਾ ਇੰਜਨੀਅਰਿੰਗ ਵਰਕਸ ਵਿਖੇ ਲਗਾਇਆ ਗਿਆ।

ਮਹਿਤਪੁਰ, {ਸੁਰਿੰਦਰ ਛਾਬੜਾ } ਖ਼ੂਨਦਾਨ ਕੈਂਪ ਦੌਰਾਨ 60 ਖ਼ੂਨਦਾਨੀਆਂ ਨੇ ਖ਼ੂਨਦਾਨ ਕੀਤਾ। ਲਗਭਗ 110 ਵਿਅਕਤੀਆਂ ਦੇ ਖ਼ੂਨ ਗਰੁੱਪ ਅਤੇ ਐਚਬੀ ਟੈਸਟ ਫਰੀ ਕੀਤੇ ਗਏ। ਸਾਰੇ ਖ਼ੂਨਦਾਨੀਆਂ ਨੂੰ ਬੂਟਿਆਂ ਦੇ ਨਾਲ ਸਨਮਾਨਿਤ ਕੀਤਾ ਗਿਆ। ਖ਼ੂਨਦਾਨ ਕੈਂਪ ਨੂੰ ਕਾਮਯਾਬ ਬਣਾਉਣ ਵਿੱਚ ਗੁਰਨਾਮ ਸਿੰਘ ਮਹਿਸਮਪੁਰੀ, ਮਹਿੰਦਰਪਾਲ ਸਿੰਘ ਟੁਰਨਾ, ਸੁਰਿੰਦਰ ਪਾਲ ਸਿੰਘ ਨਕੋਦਰ, ਗੁਰਪ੍ਰੀਤ ਸਿੰਘ ਖਾਲਸਾ ਮੋਬਾਇਲ, ਹਰਜਿੰਦਰ ਸਿੰਘ ਸਰਪੰਚ, ਬੱਲੀ ਪ੍ਰਿੰਟਿੰਗ ਪ੍ਰੈਸ ,ਮੰਗਤ ਰਾਮ ਸਰਪੰਚ, ਨਰੇਸ਼ ਕੁਮਾਰ ਕਾਲੀ, ਵਿਜੇ ਮੜ੍ਹਾਸ , ਸੁਖਵਿੰਦਰ ਸਿੰਘ ਮੰਡੇਰ, ਤਰਸੇਮ ਸਿੰਘ ਮੰਡੇਰ, ਕਸ਼ਮੀਰੀ ਲਾਲ ਐਮਸੀ, ਗੌਤਮ ਮਹਿਤਾ, ਲਵਲੀ ਟੈਂਟ ਹਾਊਸ , ਦੀਦਾਰ ਸਿੰਘ ਜੋਸਨ ,ਦਲਜੀਤ ਸਿੰਘ ਬਾਜਵਾ ,ਰਸ਼ਪਾਲ ਸਿੰਘ ਧੰਜੂ , ਜਨਕ ਰਾਜ ਸਰੋਆ ,ਲਾਡੀ ਮਰੋਕ ਐਮਰੋਕ ਡੀਜੇ, ਧਰਮਿੰਦਰ ਕੁਮਾਰ ਰੋਸ਼ਨ , ਮਰੋਕ ਬੂਟ ਹਾਊਸ ਅਤੇ ਸਮਰਾ ਕੰਪਿਊਟਰ ਨੇ ਵਿਸ਼ੇਸ਼ ਸਹਿਯੋਗ ਦਿੱਤਾ।




# ਕੌਂਸਲਰ ਮਨਪ੍ਰੀਤ ਸਿੰਘ ਹੈਪੀ ਦਾ ਵਿਸ਼ੇਸ਼ ਸਨਮਾਨ

ਬੱਸੀ ਪਠਾਣਾਂ, 14 ਮਾਰਚ (ਚੰਨਪ੍ਰੀਤ ਪਨੇਸਰ): ਪਲਵਾਰਡ ਨੰਬਰ 1 ਮੁਹੱਲਾ ਕਿਲ੍ਹਾ ਦੀ ਵਸਨੀਕ ਕੁਲਵੰਤ ਕੌਰ ਵੱਲੋਂ ਕੱਚੇ ਮਕਾਨ ਲਈ ਸਰਕਾਰ ਵੱਲੋਂ ਮਨਜ਼ੂਰ ਹੋਈ ਆਰਥਿਕ ਮਦਦ ਮਿਲਣ ਉਪਰੰਤ ਆਪਣੇ ਨਵੇਂ ਬਣਨ ਵਾਲੇ ਮਕਾਨ ਦੀ ਨੀਂਹ ਸ਼੍ਰੋਮਣੀ ਅਕਾਲੀ ਦਲ ਦੇ ਕੌਂਸਲਰ ਅਤੇ ਸਮਾਜ ਸੇਵੀ ਮਨਪ੍ਰੀਤ ਸਿੰਘ ਹੈਪੀ ਤੋਂ ਰਖਵਾਈ ਗਈ। ਇਸ ਮੌਕੇ ਕੁਲਵੰਤ ਕੌਰ ਵੱਲੋਂ ਕੌਂਸਲਰ ਮਨਪ੍ਰੀਤ ਸਿੰਘ ਹੈਪੀ ਅਤੇ ਉਨ੍ਹਾਂ ਦੀ ਟੀਮ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਇਸ ਦੌਰਾਨ ਕੁਲਵੰਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਪੁਰਾਣੇ ਮਕਾਨ ਦੀ ਹਾਲਤ ਬਹੁਤ ਹੀ ਖਸਤਾਹਾਲ ਸੀ। ਉਨ੍ਹਾਂ ਕਿਹਾ ਕਿ ਜਦੋਂ ਉਹ ਕੌਂਸਲਰ ਮਨਪ੍ਰੀਤ ਸਿੰਘ ਹੈਪੀ ਕੋਲ ਗਏ ਤਾਂ ਉਨ੍ਹਾਂ ਨੇ ਮਕਾਨ ਲਈ ਲੋੜੀਂਦੇ ਫਾਰਮ ਭਰਵਾਉਣ ਤੋਂ



ਲੈ ਕੇ ਸਾਰੇ ਕਾਗਜ਼ਾਤ ਤਿਆਰ ਕਰਵਾਉਣ ਵਿੱਚ ਪੂਰਾ ਸਹਿਯੋਗ ਦਿੱਤਾ। ਉਨ੍ਹਾਂ ਇਹ ਵੀ ਦੱਸਿਆ ਕਿ ਕੌਂਸਲਰ ਹੈਪੀ ਵੱਲੋਂ ਪਹਿਲਾਂ ਉਨ੍ਹਾਂ ਅਤੇ ਉਨ੍ਹਾਂ ਦੇ ਬੱਚਿਆਂ ਲਈ ਪੈਨਸ਼ਨ ਵੀ ਲਗਵਾਈ ਗਈ ਸੀ। ਕੁਲਵੰਤ ਕੌਰ ਨੇ ਕਿਹਾ ਕਿ ਕੌਂਸਲਰ ਮਨਪ੍ਰੀਤ ਸਿੰਘ ਹੈਪੀ ਹਮੇਸ਼ਾ ਹੀ ਗਰੀਬ ਅਤੇ ਲੋੜਵੰਦ ਲੋਕਾਂ ਦੇ ਦੁੱਖ-ਸੁੱਖ ਵਿੱਚ ਨਾਲ ਖੜ੍ਹਦੇ ਹਨ।

ਇਸ ਮੌਕੇ ਕੌਂਸਲਰ ਮਨਪ੍ਰੀਤ ਸਿੰਘ ਹੈਪੀ ਨੇ ਕੁਲਵੰਤ ਕੌਰ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਦਿੱਤੇ ਗਏ ਮਾਣ-ਸਨਮਾਨ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹੀ ਲੋੜਵੰਦ ਪਰਿਵਾਰਾਂ ਦੀ ਸੇਵਾ ਲਈ ਤਤਪਰ ਰਹਿਣਗੇ।

ਇਸ ਮੌਕੇ ਦੀਵਲ ਕੁਮਾਰ ਹੈਰੀ, ਡਾ. ਦਿਵੇਸ਼ ਕੁਮਾਰ, ਨਜ਼ੀਰ ਮੁਹੰਮਦ, ਜਸਮੀਤ ਸਿੰਘ ਬਸਰਾ, ਲਵਦੀਪ ਸਿੰਘ ਬਸਰਾ ਅਤੇ ਕੁਲਵੰਤ ਕੌਰ ਹਾਜ਼ਰ ਸਨ।

# 300 ਸਾਲਾ ਸ਼ਤਾਬਦੀ ਸਮਾਗਮ ਨੂੰ ਸਮਰਪਿਤ ਖਾਲੜਾ ਤੋਂ ਖਾਲਸਾ ਮਾਰਚ ਸਜਾਇਆ

ਭਿੱਖੀਵਿੰਡ ਜਗਤਾਰ ਸਿੰਘ ਖਾਲੜਾ

ਭਾਈ ਤਾਰਾ ਸਿੰਘ ਵਾਂ ਅਤੇ ਉਹਨਾਂ ਨਾਲ ਸ਼ਹੀਦ ਹੋਣ ਵਾਲੇ ਭਾਈ ਸੂਰਾ ਸਿੰਘ ਜੀ ਦੀ 300 ਸਾਲਾ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਭਾਈ ਸੂਰਾ ਸਿੰਘ ਜੀ ਦੇ ਜਨਮ ਅਸਥਾਨ ਖਾਲੜਾ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਖਾਲਸਾ ਮਾਰਚ ਗੁਰੂਦੁਆਰਾ ਲੋਕਲ ਕਮੇਟੀ ਖਾਲੜਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਇਆ ਗਿਆ l ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੁਗਰਾਜ ਸਿੰਘ ਵੱਲੋਂ ਆਰੰਭਤਾ ਦੀ ਅਰਦਾਸ ਕੀਤੀ ਗਈ ਉਪਰੰਤ ਜੈਕਾਰਿਆਂ ਦੀ ਗੂੰਜ ਵਿੱਚ ਖਾਲਸਾ ਮਾਰਚ ਆਰੰਭ ਹੋਇਆ l ਖਾਲਸਾ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਆਪਣੇ ਟਰੈਕਟਰ ਟਰਾਲੀਆਂ,ਮੋਟਰ ਗੱਡੀਆਂ ਸਮੇਤ ਸ਼ਾਮਲ ਹੋਈਆਂ, ਸ਼ਾਮਲ ਸੰਗਤਾਂ ਦੀ ਸੇਵਾ ਲਈ ਪਿੰਡ ਦੋਦੇ, ਕਲਸੀਆਂ ਖੁਰਦ,ਡਲੀਰੀ ਅਤੇ ਮਾੜੀ ਕੰਬੋਕੇਦੀਆਂ ਸੰਗਤਾ ਨੇ ਚਾਹ ਪਕੌੜਿਆ,ਗੁਰੂ ਕੇ ਲੰਗਰ ਅਤੇ ਵੱਖ ਵੱਖ ਪਦਰਥਾ ਨਾਲ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ l ਸਾਰੇ ਪਿੰਡਾਂ ਦੀਆਂ ਸੰਗਤਾਂ ਨੇ ਖਾਲਸਾ ਮਾਰਚ ਦੀ ਅਗਵਾਈ ਕਰ ਰਹੇ ਪੰਜ ਪਿਆਰਿਆਂ ਅਤੇ ਸੇਵਾਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ l ਸੇਵਾ ਕਰਨ ਵਾਲੇ ਪਿੰਡਾਂ ਦੇ ਪ੍ਰਬੰਧਕਾਂ ਦਾ ਗੁਰਦੁਆਰਾ ਲੋਕਲ ਕਮੇਟੀ ਦੇ ਪ੍ਰਧਾਨ ਜਸਵੰਤ ਸਿੰਘ ,ਮੀਤ ਪ੍ਰਧਾਨ ਰੇਸ਼ਮ ,ਮੈਂਬਰ ਅਮਰੀਕ ਸਿੰਘ,ਹਰਵਿੰਦਰ ਸਿੰਘ ਅਤੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੁਗਰਾਜ ਸਿੰਘ ਨੇ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ




ਕੇ ਸਨਮਾਨਿਤ ਕੀਤਾ l ਇਸ ਤਰਾਂ ਇਹ ਖਾਲਸਾ ਮਾਰਚ ਦੇਰ ਸ਼ਾਮ ਗੁਰਦੁਆਰਾ ਭਾਈ ਤਾਰਾ ਸਿੰਘ ਵਾਂ ਵਿਖੇ ਪੁੱਜਾ ਜਿੱਥੇ ਸਮਾਪਤੀ ਦੀ ਅਰਦਾਸ ਕੀਤੀ ਗਈ l ਇਸ ਮੌਕੇ ਭਾਈ ਬਲਰਾਜ ਸਿੰਘ ਅਤੇ ਹੋਰ ਸੇਵਾਦਾਰਾਂ ਵੱਲੋਂ ਸਿੱਖ ਇਤਿਹਾਸ ਨਾਲ ਸੰਬੰਧਿਤ ਲਿਟਰੇਚਰ ਸੰਗਤਾਂ ਨੂੰ ਵੰਡਿਆ ਗਿਆ l ਨਗਰ ਕੀਰਤਨ ਵਿੱਚ ਕੀਰਤਨ ਦੀ ਸੇਵਾ ਮਾਸਟਰ ਵਜ਼ੀਰ ਸਿੰਘ ਅਤੇ ਨਿਰਮਲ ਸਿੰਘ ਤੇ ਜਥੇ ਵੱਲੋਂ ਨਿਭਾਈ ਗਈ l ਇਸ ਮੌਕੇ , ਪਲਵਿੰਦਰ ਸਿੰਘ, ਪਵਨਦੀਪ ਸਿੰਘ, ਜੈਮਲ ਸਿੰਘ, ਗੁਰਪ੍ਰੀਤ ਸਿੰਘ ਬੀਰਾ , ਸਾਰਜ ਸਿੰਘ, ਹਰਜੀਤ ਸਿੰਘ, ਸਰਗੁਨਪ੍ਰੀਤ ਸਿੰਘ ਖਾਲੜਾ , ਗੁਰਦੇਵ ਸਿੰਘ, ਹੈਪੀ ਖਾਲੜਾ, ਸਿਕੰਦਰ ਸਿੰਘ, ਸਿੰਦਰ ਸਿੰਘ, ਰਜਿੰਦਰ ਸਿੰਘ, ਪਾਲ ਸਿੰਘ, ਸੁੱਖਾ ਸਿੰਘ, ਜਸਪਾਲ ਸਿੰਘ, ਸੁਖਵਿੰਦਰ ਸਿੰਘ, ਪ੍ਰਗਟ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ, ਜਸਬੀਰ ਸਿੰਘ, ਗੋਰਾ ਖਾਲੜਾ, ਦੀਪੂ ਖਾਲੜਾ ਅਤੇ ਬੀਬੀ ਗੁਰਸ਼ਰਨ ਕੌਰ ਆਦਿ ਸੇਵਾਦਾਰਾਂ ਨੇ ਖਾਲਸਾ ਮਾਰਚ ਵਿੱਚ ਵੱਖ-ਵੱਖ ਸੇਵਾਵਾਂ ਸ਼ਰਧਾ ਭਾਵਨਾ ਨਾਲ ਨਿਭਾਈਆਂ l ਇਸ ਮੌਕੇ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੁਗਰਾਜ ਸਿੰਘ ਨੇ ਖਾਲਸਾ ਮਾਰਚ ਵਿੱਚ ਸ਼ਾਮਲ ਸਮੁੱਚੀਆਂ ਨਗਰ ਖਾਲੜਾ ਅਤੇ ਆਸ ਪਾਸ ਦੀਆਂ ਸੰਗਤਾਂ ਦਾ ਧੰਨਵਾਦ ਕੀਤਾ।

# ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦਾ ਰਿਟਾਇਰਡ ਡੀ,ਐਸ,ਪੀ ਰਤਨ ਸਿੰਘ ਪੱਖੋਕੇ ਦੇ ਗ੍ਰਹਿ ਪੁੱਜਣ ਤੇ ਸਨਮਾਨ

ਝਬਾਲ (ਪਰਗਟ ਸਿੰਘ ਸਿੱਧਵਾਂ) :- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਸ੍ਰ:ਰਮਨਜੀਤ ਸਿੰਘ ਸਿੱਕੀ ਦਾ ਰਿਟਾਇਰਡ ਡੀ,ਐਸ ਪੀ ਰਤਨ ਸਿੰਘ ਪੱਖੋਕੇ ਦੇ ਗ੍ਰਹਿ ਪਿੰਡ ਪੱਖੋਕੇ ਪੁੱਜਣ ਤੇ ਡੀਐਸਪੀ ਰਤਨ ਸਿੰਘ ਪੱਖੋਕੇ ਅਤੇ ਕਾਂਗਰਸ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਆਦਿ ਵੱਲੋਂ ਭਰਵਾਂ ਸਵਾਗਤ ਕਰਦਿਆਂ ਉਨਾਂ ਨੂੰ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਉਨ੍ਹਾਂ ਨੇ 2027 ਚੋਣਾਂ ਦੇ ਸਬੰਧ ਵਿੱਚ ਮੀਟਿੰਗ ਕੀਤੀ ।ਸ੍ਰ: ਰਤਨ ਸਿੰਘ ਪੱਖੋਕੇ ਅਤੇ ਕਾਂਗਰਸ ਪਾਰਟੀ ਸੂਬਾ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਨੇ ਕਿਹਾ ਕਿ ਸਿੱਕੀ ਸਾਹਿਬ ਬਹੁਤ ਵਧੀਆ ਇਨਸਾਨ ਹਨ। ਹਲਕੇ ਵਿੱਚ ਬਹੁਤ ਜ਼ਿਆਦਾ ਵਿਚਰਦੇ ਹੋਏ ਹਰ ਇੱਕ ਦੇ ਦੁੱਖ ਸੁੱਖ ਵਿੱਚ ਭਾਈਵਾਲ ਬਣਦੇ ਹਨ। ਵਿਧਾਨ ਸਭਾ ਹਲਕਾ ਖਡੂਰ ਸਹਿਬ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਸ੍ਰ



ਰਮਨਜੀਤ ਸਿੰਘ ਸਿੱਕੀ ਅੱਜ ਰਿਟਾਇਰਡ ਡੀ ਐੱਸ ਪੀ ਰਤਨ ਸਿੰਘ ਪੱਖੋਕੇ ਦੇ ਗ੍ਰਹਿ ਵਿਖੇ ਪਹੁੰਚੇ ,ਉਹਨਾਂ ਕਿਹਾ ਕਿ ਸਾਲ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਉਹਨਾਂ ਵੱਲੋਂ ਤਿਆਰੀਆਂ ਅਰੰਭ ਦਿੱਤੀਆਂ ਗਈਆਂ ਹਨ ਅਤੇ ਇਸ ਲਈ ਹਲਕੇ ਦੇ ਲੋਕ ਵੀ ਉਹਨਾਂ ਦਾ ਬਹੁਤ ਸਹਿਯੋਗ ਕਰ ਰਹੇ ਹਨ । ਇਸ ਮੌਕੇ ਡੀ ਐੱਸ ਪੀ ਰਤਨ ਸਿੰਘ ਪੱਖੋਕੇ, ਰਾਜਬੀਰ ਸਿੰਘ ਪੱਖੋਕੇ ਨੇ ਰਮਨਜੀਤ ਸਿੰਘ ਸਿੱਕੀ ਨੂੰ ਭਰੋਸਾ ਦਿਵਾਇਆ ਕਿ ਹਲਕੇ ਦੇ ਲੋਕ ਪੂਰੀ ਤਰ੍ਹਾਂ ਉਹਨਾਂ ਦੇ ਨਾਲ ਹਨ ਅਤੇ ਉਨ੍ਹਾਂ ਦੀ ( ਕਾਂਗਰਸ ਪਾਰਟੀ) ਦੀ ਸਰਕਾਰ ਬਨਾਉਣ ਲਈ ਉਤਾਵਲੇ ਹਨ। ਦੋਵਾਂ ਆਗੂਆਂ ਨੇ ਕਿਹਾ ਕਿ ਉਹਨਾਂ ਸਰਕਾਰ ਵਿੱਚ ਹੁੰਦਿਆਂ ਹੋਇਆਂ ਇਲਾਕੇ ਦਾ ਬਹੁਤ ਵਿਕਾਸ ਕੀਤਾ ਹੈ ਅਤੇ ਹੁਣ ਦੁਬਾਰਾ ਉਹਨਾਂ ਦੀ ਸਰਕਾਰ ਬਣਨ ਤੇ ਉਹ ਇਲਾਕੇ ਵਿੱਚ ਜੰਗੀ ਪੱਧਰ ਤੇ ਵਿਕਾਸ ਦੀਆਂ ਹਨੇਰੀਆਂ ਲਿਆਉਣਗੇ ।ਉਹਨਾਂ ਕਿਹਾ ਕਿ ਉਹ ਸਿੱਖੀ ਸਹਿਬ ਨੂੰ ਜਿਤਾਉਣ ਦਿਨ ਰਾਤ ਮਿਹਨਤ ਕਰਨਗੇ।

# ਬੇਲਨ ਬ੍ਰਿਗੇਡ ਸੰਸਥਾਪਕ ਅਨੀਤਾ ਸ਼ਰਮਾ "ਕੀ ਪੰਜਾਬ ਨਸ਼ਿਆਂ ਦੇ ਖ਼ਿਲਾਫ਼ ਲੜ ਸਕਦਾ ਹੈ ਜਦੋਂ ਸਰਕਾਰੀ ਕਮਾਈ ਸ਼ਰਾਬ ਤੋਂ ਹੋ ਰਹੀ ਹੋਵੇ ?" — ਬੇਲਨ ਬ੍ਰਿਗੇਡ

## ਪੰਜ ਸਾਲਾਂ ਵਿੱਚ ਪੰਜਾਬ ਦੀ ਐਕਸਾਈਜ਼ ਆਮਦਨ ਲਗਭਗ ਦੋਗੁਣੀ — ਸਮਾਜਿਕ ਅਤੇ ਸਿਹਤ ਸੰਬੰਧੀ ਪ੍ਰਭਾਵਾਂ 'ਤੇ ਵਧਦੀ ਚਿੰਤਾ

ਲੁਧਿਆਣਾ (ਕਰਨੈਲ ਸਿੰਘ ਐੱਮ.ਏ.) ਬੇਲਨ ਬ੍ਰਿਗੇਡ ਵੱਲੋਂ ਜਾਰੀ ਇੱਕ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ ਵਿੱਚ ਸ਼ਰਾਬ ਤੋਂ ਮਿਲਣ ਵਾਲੀ ਐਕਸਾਈਜ਼ ਆਮਦਨ ਵਿੱਚ ਮਹੱਤਵਪੂਰਨ ਵਾਧਾ ਦਰਜ ਕੀਤਾ ਗਿਆ ਹੈ। ਜਿੱਥੇ ਕੁਝ ਸਾਲ ਪਹਿਲਾਂ ਇਹ ਆਮਦਨ ਲਗਭਗ ₹6200 ਕਰੋੜ ਦੇ ਆਸ-ਪਾਸ ਸੀ, ਉੱਥੇ ਹੁਣ ਇਹ ਵਧ ਕੇ ₹12000 ਤੋਂ ₹12800 ਕਰੋੜ ਤੱਕ ਪਹੁੰਚਣ ਦੇ ਟੀਚੇ ਵੱਲ ਵਧ ਰਹੀ ਹੈ। ਇਸ ਤਰ੍ਹਾਂ ਸਿਰਫ਼ ਪੰਜ ਸਾਲਾਂ ਵਿੱਚ ਪੰਜਾਬ ਵਿੱਚ ਸ਼ਰਾਬ ਤੋਂ ਹੋਣ ਵਾਲੀ ਸਰਕਾਰੀ ਆਮਦਨ ਲਗਭਗ ਦੋਗੁਣੀ ਹੋ ਚੁੱਕੀ ਹੈ। ਭਾਵੇਂ ਸਰਕਾਰ ਇਸ ਨੂੰ ਰਾਜ ਲਈ ਵਿੱਤੀ ਉਪਲਬਧੀ ਵਜੋਂ ਦਰਸਾ ਰਹੀ ਹੈ, ਪਰ ਸਮਾਜਿਕ ਸੰਸਥਾਵਾਂ ਅਤੇ ਜਨ ਸਿਹਤ ਵਿਸ਼ੇਸ਼ ਗਿਆਨ ਇਸ ਦੇ ਲੰਬੇ ਸਮੇਂ ਦੇ ਪ੍ਰਭਾਵਾਂ ਨੂੰ ਲੈ ਕੇ ਗੰਭੀਰ ਚਿੰਤਾ ਜ਼ਾਹਰ ਕਰ ਰਹੇ ਹਨ। ਪੰਜਾਬ ਪਹਿਲਾਂ ਹੀ ਨਸ਼ਿਆਂ ਦੀ ਸਮੱਸਿਆ ਨਾਲ ਜੂਝ ਰਿਹਾ ਹੈ ਅਤੇ ਅਜਿਹੇ ਸਮੇਂ ਵਿੱਚ ਸ਼ਰਾਬ ਦੀ ਵਿਕਰੀ ਤੋਂ ਵਧਦੀ ਆਮਦਨ ਨੀਤੀਕ ਤੌਰ 'ਤੇ ਵੱਡਾ ਸਵਾਲ ਖੜ੍ਹਾ ਕਰਦੀ ਹੈ।

ਪੰਜ ਸਾਲਾਂ ਵਿੱਚ ਐਕਸਾਈਜ਼ ਆਮਦਨ ਦਾ ਸੰਖੇਪ ਵੇਰਵਾ

- 2021–22: ਲਗਭਗ ₹6200 ਕਰੋੜ
- 2022–23: ਲਗਭਗ ₹8400 ਕਰੋੜ
- 2023–24: ਲਗਭਗ ₹9200 ਕਰੋੜ
- 2024–25: ਲਗਭਗ ₹10700 ਕਰੋੜ
- 2025–26 (ਅਨੁਮਾਨ): ₹12000–₹12800 ਕਰੋੜ

ਇਹ ਅੰਕੜੇ ਦਰਸਾਉਂਦੇ ਹਨ ਕਿ ਪੰਜਾਬ ਵਿੱਚ ਸ਼ਰਾਬ ਤੋਂ ਮਿਲਣ ਵਾਲੀ ਆਮਦਨ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।

- ਨੌਜਵਾਨਾਂ 'ਤੇ ਪ੍ਰਭਾਵ: ਸ਼ਰਾਬ ਦੀ ਵਧਦੀ ਉਪਲਬਧਤਾ ਨੌਜਵਾਨ ਪੀੜ੍ਹੀ ਨੂੰ ਨਸ਼ੇ ਵੱਲ ਧੱਕ ਸਕਦੀ ਹੈ।
- ਪਰਿਵਾਰਕ ਤਣਾਅ: ਸ਼ਰਾਬ ਦੀ ਆਦਤ ਘਰੇਲੂ ਹਿੰਸਾ, ਆਰਥਿਕ ਤੰਗੀ ਅਤੇ ਪਰਿਵਾਰਕ ਟੁੱਟ-ਫੁੱਟ ਨੂੰ ਵਧਾਉਂਦੀ ਹੈ।
- ਸਿਹਤ ਸੰਬੰਧੀ ਖਤਰੇ: ਵਧਦੀ ਸ਼ਰਾਬਖੋਰੀ ਨਾਲ ਜਿਗਰ ਦੀਆਂ ਬਿਮਾਰੀਆਂ, ਮਾਨਸਿਕ ਤਣਾਅ ਅਤੇ ਹੋਰ ਗੰਭੀਰ ਸਿਹਤ ਸਮੱਸਿਆਵਾਂ ਵਧ ਰਹੀਆਂ ਹਨ।
- ਗਰੀਬ ਪਰਿਵਾਰਾਂ 'ਤੇ ਆਰਥਿਕ ਬੋਝ: ਦਿਨ-ਮਜ਼ਦੂਰੀ ਕਰਨ ਵਾਲੇ ਕਈ ਲੋਕ ਆਪਣੀ ਕਮਾਈ ਦਾ ਵੱਡਾ ਹਿੱਸਾ ਸ਼ਰਾਬ 'ਤੇ ਖਰਚ ਕਰਦੇ ਹਨ, ਜਿਸ ਨਾਲ ਪਰਿਵਾਰਕ ਜੀਵਨ ਪ੍ਰਭਾਵਿਤ ਹੁੰਦਾ ਹੈ।
- ਨੀਤੀ ਵਿੱਚ ਵਿਰੋਧਾਭਾਸ: ਇੱਕ ਪਾਸੇ ਪੰਜਾਬ ਵਿੱਚ ਨਸ਼ਿਆਂ ਦੇ ਖ਼ਿਲਾਫ਼ ਮੁਹਿੰਮਾਂ ਚੱਲ ਰਹੀਆਂ ਹਨ, ਦੂਜੇ ਪਾਸੇ ਸ਼ਰਾਬ ਤੋਂ ਵਧਦੀ ਸਰਕਾਰੀ ਆਮਦਨ ਨੀਤੀਕ ਤੌਰ 'ਤੇ ਵੱਡਾ ਸਵਾਲ ਖੜ੍ਹਾ ਕਰਦੀ ਹੈ।

ਬੇਲਨ ਬ੍ਰਿਗੇਡ ਦਾ ਮੰਨਣਾ ਹੈ ਕਿ ਰਾਜ ਦੀ ਆਮਦਨ ਵਧਾਉਣਾ ਜ਼ਰੂਰੀ ਹੈ, ਪਰ ਇਸ ਦੇ ਨਾਲ ਜਨ ਸਿਹਤ, ਨੌਜਵਾਨਾਂ ਦੀ ਸੁਰੱਖਿਆ ਅਤੇ ਸਮਾਜਿਕ ਭਲਾਈ ਨੂੰ ਵੀ ਬਰਾਬਰ ਤਰਜੀਹ ਮਿਲਣੀ ਚਾਹੀਦੀ ਹੈ। ਇਸ ਲਈ ਲੋੜ ਹੈ ਕਿ ਸਰਕਾਰ ਨਸ਼ਾ ਰੋਕਥਾਮ ਪ੍ਰੋਗਰਾਮਾਂ ਨੂੰ ਮਜ਼ਬੂਤ ਕਰੇ,



ਜਾਗਰੂਕਤਾ ਮੁਹਿੰਮਾਂ ਨੂੰ ਵਧਾਏ ਅਤੇ ਨਸ਼ਾ ਮੁਕਤੀ ਅਤੇ ਪੁਨਰਵਾਸ ਕੇਂਦਰਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਏ।

"ਨਸ਼ਿਆਂ ਤੋਂ ਆਉਣ ਵਾਲੀ ਕਮਾਈ ਕਿਸੇ ਵੀ ਸਮਾਜ ਦੀ ਅਸਲ ਤਰੱਕੀ ਦਾ ਮਾਪਦੰਡ ਨਹੀਂ ਹੋ ਸਕਦੀ। ਪੰਜਾਬ ਦੀ ਅਸਲ ਤਾਕਤ ਉਸਦੇ ਸਿਹਤਮੰਦ, ਜਾਗਰੂਕ ਅਤੇ ਨਸ਼ਾ-ਮੁਕਤ ਨੌਜਵਾਨ ਹਨ।"

# ਭਾਈ ਤਾਰਾ ਸਿੰਘ ਜੀ ਵਾਂ ਦੀ 300 ਸਾਲਾ ਸ਼ਹੀਦੀ ਸ਼ਤਾਬਦੀ ਸਬੰਧੀ ਸਮਾਗਮ ਖਾਲਸਾਈ ਜਾਹੋਜਲਾਲ ਨਾਲ ਸੰਪੂਰਨ

## *ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥ ਨੂੰ ਇਕੱਠੇ ਹੋਣ ਦੀ ਲੋੜ - ਐਡਵੋਕੇਟ ਧਾਮੀ*ਸ਼ਹੀਦਾਂ ਦੇ ਸ਼ਤਾਬਦੀ ਦਿਹਾੜੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ ਹਨ- ਜਥੇਦਾਰ ਕੁਲਦੀਪ ਸਿੰਘ ਗੜਗੱਜ ।








ਅੰਮ੍ਰਿਤਸਰ, 14 ਮਾਰਚ ( ਮਹਾਬੀਰ ਸਿੰਘ ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਹੋਰ ਸ਼ਹੀਦ ਸਿੰਘਾਂ ਦੇ 300 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਸਿੱਖ ਪੰਥ ਦੀਆਂ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਗੁਰਦੁਆਰਾ ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੀਵਾਨ ਹਾਲ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਅੱਜ ਜਿਨ੍ਹਾਂ ਸਿੱਖ ਸੂਰਮਿਆਂ ਦੀ ਸ਼ਹੀਦੀ ਸ਼ਤਾਬਦੀ ਮਨਾ ਰਹੇ ਹਾਂ ਉਨ੍ਹਾਂ ਨੇ ਸਿੱਖ ਸਿਧਾਂਤਾਂ ਤੇ ਪਹਿਰਾ ਦਿੰਦਿਆਂ ਕੇਸਾਂ ਦੇ ਸਤਿਕਾਰ ਲਈ ਸ਼ਹਾਦਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਤਿਹਾਸ ਤੋਂ ਪ੍ਰੇਰਨਾ ਲੈ ਕੇ ਅੱਜ ਆਪਣੇ ਬੱਚਿਆਂ ਨੂੰ ਸਾਬਤ ਸੂਰਤ ਰੱਖਣ ਦਾ ਪ੍ਰਣ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਿੱਖ ਕੌਮ ਦੀ ਨੁਮਾਇੰਦਾ ਸੰਸਥਾ ਹੈ ਜੋ ਆਪਣੇ ਸ਼ਹੀਦਾਂ ਨੂੰ ਯਾਦ ਰੱਖਦਿਆਂ ਧਰਮ ਦੇ ਪ੍ਰਚਾਰ ਲਈ ਕਾਰਜਸ਼ੀਲ ਹੈ, ਪ੍ਰੰਤੂ ਕੁਝ ਲੋਕਾਂ ਵੱਲੋਂ ਸੋਸ਼ਲ ਮੀਡੀਆ ਤੇ ਸਿੱਖ ਸੰਸਥਾ ਬਾਰੇ ਗਲਤ ਪ੍ਰਚਾਰ ਕਰਕੇ ਸੰਗਤਾਂ ਅੰਦਰ ਭਰਮ ਪੈਦਾ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਬੰਦੀ ਸਿੰਘਾਂ ਦੇ ਹੱਕ ਵਿੱਚ ਅਵਾਜ਼ ਬੁਲੰਦ ਕਰਦਿਆਂ ਕਿਹਾ ਕਿ ਤਿੰਨ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਨਜ਼ਰਬੰਦ ਇਨ੍ਹਾਂ ਸਿੰਘਾਂ ਪ੍ਰਤੀ ਸਰਕਾਰ ਦੀ ਵਿਤਕਰੇ ਭਰੀ ਨੀਤੀ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੀ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਪੰਥ ਨੂੰ ਇਕੱਠੇ ਹੋਣ ਦੀ ਲੋੜ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਅਕਾਲੀ ਬਾਬਾ ਫੂਲਾ ਸਿੰਘ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਵੀ ਸਤਿਕਾਰ ਭੇਟ ਕੀਤਾ। ਉਨ੍ਹਾਂ ਸ਼ਤਾਬਦੀ ਸਮਾਗਮਾਂ ਵਿੱਚ ਸਹਿਯੋਗ ਕਰਨ ਲਈ ਸੰਗਤਾਂ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮਾਝੇ ਦੀ ਇਸ ਧਰਤੀ `ਤੇ ਅਨੇਕਾਂ ਸੂਰਬੀਰ ਪੈਦਾ ਹੋਏ ਜਿਨ੍ਹਾਂ ਜ਼ੁਲਮ ਵਿਰੁੱਧ ਲੜਦਿਆਂ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਿਧਾਂਤ ਤੇ ਪਹਿਰਾ ਦਿੰਦਿਆਂ ਸ਼ਹਾਦਤ ਪ੍ਰਾਪਤ ਕਰਨ ਵਾਲੇ ਇਨ੍ਹਾਂ ਸੂਰਮਿਆਂ ਦੇ ਮਨਾਏ ਦਿਹਾੜੇ ਨਵੀਂ ਪੀੜ੍ਹੀ ਨੂੰ ਆਪਣੇ ਵਿਰਸੇ ਦੀ ਯਾਦ ਦਿਵਾਉਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਵੀ ਸਿੱਖਾਂ ਸਾਹਮਣੇ ਅਨੇਕਾਂ ਚਣੌਤੀਆਂ ਹਨ। ਸਿੱਖ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਸਮੇਂ ਕਕਾਰ ਪਹਿਨਣ ਤੋਂ ਰੋਕਿਆ ਜਾ ਰਿਹਾ ਹੈ। ਵੱਖ ਵੱਖ ਥਾਵਾਂ ਤੇ ਵਿਤਕਰੇ ਹੋ ਰਹੇ ਹਨ।

ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਬੰਦੀ ਸਿੰਘਾਂ ਦੀ ਗੱਲ ਕਰਦਿਆਂ ਕਿਹਾ ਕਿ ਇੱਕ ਪਾਖੰਡੀ ਸਾਧ ਰਾਮ ਰਹੀਮ ਤੇ ਤਾਂ ਸਰਕਾਰ ਮਿਹਰਬਾਨ ਹੋ ਸਕਦੀ ਹੈ, ਪਰ ਆਪਣੀ ਬਿਮਾਰ ਮਾਂ ਨੂੰ ਮਿਲਣ ਦੀ ਇੱਛਾ ਰੱਖਣ ਵਾਲੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਂ ਨਾਲ ਮਿਲਣ ਤੱਕ ਨਹੀਂ ਦਿੱਤਾ ਜਾ ਰਿਹਾ। ਬੰਦੀ ਸਿੰਘਾਂ ਦੇ ਮਾਮਲੇ ਵਿੱਚ ਸਿੱਖ ਭਾਵਨਾਵਾਂ ਨੂੰ ਹਮੇਸ਼ਾ ਅਨਗੌਲਿਆ ਗਿਆ ਹੈ ਜੋ ਸਰਕਾਰ ਦੀ ਸਿੱਖਾਂ ਪ੍ਰਤੀ ਦੋਹਰੀ ਨੀਤੀ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਹਾਲਾਤ ਅਜਿਹੇ ਹਨ ਕਿ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਲਈ ਵੀ ਸਿੱਖਾਂ ਨੂੰ ਸੰਘਰਸ਼ ਕਰਨਾ ਪੈ ਰਿਹਾ ਹੈ। ਲੰਬੇ ਸੰਘਰਸ਼ ਮਗਰੋਂ ਵੀ ਸਰਕਾਰ ਦੀ ਖਾਮੋਸ਼ੀ ਵੱਡੇ ਸਵਾਲ ਪੈਦਾ ਕਰਦੀ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਤੇ ਕਥਾਵਾਚਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਨੇ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ।ਸਮਾਗਮ ਦੌਰਾਨ ਸ਼੍ਰੋਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ. ਵਿਰਸਾ ਸਿੰਘ ਵਲਟੋਹਾ, ਪਦਮਸ਼੍ਰੀ ਬਾਬਾ ਸੇਵਾ ਸਿੰਘ ਖੰਡੂਰ ਸਾਹਿਬ, ਜਥੇਦਾਰ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਅਵਤਾਰ ਸਿੰਘ ਸੁਰਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਗੁਰਦਿਆਲ ਸਿੰਘ ਤੇ ਭਾਈ ਕੰਵਰਚੜ੍ਹਤ ਸਿੰਘ ਨੇ ਵੀ ਸੰਬੋਧਨ ਕਰਦਿਆਂ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਅਮਰਜੀਤ ਸਿੰਘ ਚਾਵਲਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਅਮਰਜੀਤ ਸਿੰਘ ਭਲਾਈਪੁਰ, ਭਾਈ ਅਜੈਬ ਸਿੰਘ ਅਭਿਆਸੀ, ਭਾਈ ਮਨਜੀਤ ਸਿੰਘ ਭੂਰਾ ਕੋਹਨਾ, ਬਾਬਾ ਅਵਤਾਰ ਸਿੰਘ ਧੱਤਲ, ਬਾਬਾ ਸੁਖਵਿੰਦਰ ਸਿੰਘ ਭੂਰੀਵਾਲੇ, ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ, ਓਐਸਡੀ ਸ. ਸਤਬੀਰ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ. ਸਾਹਬਾਜ਼ ਸਿੰਘ, ਵਧੀਕ ਸਕੱਤਰ ਸ. ਬਿਜੈ ਸਿੰਘ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਅਕਾਲੀ ਆਗੂ ਬੀਬੀ ਕੰਚਨਪ੍ਰੀਤ ਕੌਰ, ਸਾਬਕਾ ਸਕੱਤਰ ਸ. ਹਰਭਜਨ ਸਿੰਘ ਮਨਾਵਾਂ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ਼੍ਰੋਮਣੀ ਕਮੇਟੀ ਦੇ ਕਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਸੁਪਰਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਰਜਿੰਦਰ ਸਿੰਘ ਰੂਬੀ, ਬਾਬਾ ਜੋਗਾ ਸਿੰਘ ਭਿੱਖੀਵਿੰਡ, ਬਾਬਾ ਚੜ੍ਹਤ ਸਿੰਘ, ਬਾਬਾ ਭੋਲਾ ਸਿੰਘ, ਬਾਬਾ ਸੱਜਣ ਸਿੰਘ, ਬਾਬਾ ਪ੍ਰਗਟ ਸਿੰਘ, ਬਾਬਾ ਜੀਵਾ ਸਿੰਘ ਹਾਂਗਕਾਂਗ, ਬਾਬਾ ਛਿੰਦਾ ਸਿੰਘ, ਬਾਬਾ ਜੁਗਰਾਜ ਸਿੰਘ, ਬਾਬਾ ਜਸਕਰਨ ਸਿੰਘ, ਬਾਬਾ ਸੁੱਖਾ ਸਿੰਘ ਸਰਹਾਲੀ ਵਾਲਿਆਂ ਵੱਲੋਂ ਬਾਬਾ ਮਿਲਖਾ ਸਿੰਘ, ਭਾਈ ਨਿਸ਼ਾਨ ਸਿੰਘ ਤਰਨਤਾਰਨ, ਭਾਈ ਸੁਖਜੀਤ ਸਿੰਘ ਘੱਨਈਆ, ਬਾਬਾ ਹਰਭਜਨ ਸਿੰਘ, ਬਾਬਾ ਇੰਦਰਜੀਤ ਸਿੰਘ, ਗਿਆਨੀ ਅਵਤਾਰ ਸਿੰਘ ਆਸਟ੍ਰੇਲੀਆ, ਬਾਬਾ ਗੁਰਸੇਵਕ ਸਿੰਘ, ਗਿਆ. ਕੁਲਵੰਤ ਸਿੰਘ, ਗਿ: ਅੱਛਰ ਸਿੰਘ, ਸ. ਭਗਵਾਨ ਸਿੰਘ ਜੌਹਲ, ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਦੇ ਮੈਨੇਜਰ ਸ. ਧਰਮਿੰਦਰ ਸਿੰਘ, ਮੈਨੇਜਰ ਸ. ਜੱਜ ਸਿੰਘ, ਪ੍ਰਚਾਰਕ ਭਾਈ ਲਖਬੀਰ ਸਿੰਘ ਕੱਕਾ ਕੰਡਿਆਲਾ, ਭਾਈ ਗੁਰਬਚਨ ਸਿੰਘ ਕਲਸੀਆ, ਭਾਈ ਸੁਖਪਾਲ ਸਿੰਘ ਠੱਠਾ, ਸ. ਬਲਜੀਤ ਸਿੰਘ, ਸਰਪੰਚ ਸ. ਰਣਜੀਤ ਸਿੰਘ, ਸਾਬਕਾ ਸਰਪੰਚ ਸ. ਮੁਖ਼ਤਿਆਰ ਸਿੰਘ, ਸ. ਸੁਰਜੀਤ ਸਿੰਘ, ਸ. ਕਰਨੈਲ ਸਿੰਘ, ਸ. ਰਾਜਿੰਦਰ ਸਿੰਘ, ਜਥੇਦਾਰ ਵਜੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਮੌਜੂਦ ਸਨ।

# ਡਰੋਨ ਤਸਕਰੀ ਅਤੇ ਸਰਹੱਦੀ ਸੁਰੱਖਿਆ ਨੂੰ ਲੈ ਕੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਅਮਿਤ ਸ਼ਾਹ ਨੂੰ ਲਿਖਿਆ ਪੱਤਰ




ਅੰਮ੍ਰਿਤਸਰ: ਮਿਤੀ 14 ਮਾਰਚ ( ਮਹਾਬੀਰ ਸਿੰਘ ) ਸਾਂਸਦ ਗੁਰਜੀਤ ਸਿੰਘ ਔਜਲਾ ਨੇ ਪੰਜਾਬ ਵਿੱਚ ਡਰੋਨ ਰਾਹੀਂ ਵੱਧ ਰਹੀ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਹੈ। ਇਸ ਸਬੰਧੀ ਉਨ੍ਹਾਂ ਨੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਅੰਮ੍ਰਿਤਸਰ ਸਮੇਤ ਪੰਜਾਬ ਦੇ ਸਰਹੱਦੀ ਇਲਾਕਿਆਂ ਵਿੱਚ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਅੱਜ ਗ੍ਰਹਿ ਮੰਤਰੀ ਪੰਜਾਬ ਵਿੱਚ ਹਨ ਤਾਂ ਉਹ ਪੰਜਾਬ ਵਾਸੀਆਂ ਲਈ ਸੁਰੱਖਿਆ ਦਾ ਇਹ ਤੋਹਫ਼ਾ ਦੇ ਕੇ ਜਰੂਰ ਜਾਣ।ਸੰਸਦ ਮੈਂਬਰ ਔਜਲਾ ਨੇ ਕਿਹਾ ਕਿ ਪੰਜਾਬ ਸਰਹੱਦ, ਖਾਸ ਕਰਕੇ ਅਟਾਰੀ ਇਲਾਕੇ ਵਿੱਚ ਪਿਛਲੇ ਕੁਝ ਸਮੇਂ ਤੋਂ ਡਰੋਨ ਰਾਹੀਂ ਨਸ਼ਿਆਂ, ਹਥਿਆਰਾਂ ਅਤੇ ਗੋਲਾ-ਬਾਰੂਦ ਦੀ ਤਸਕਰੀ ਦੇ ਮਾਮਲਿਆਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮਸਲੇ ਨੂੰ ਪਹਿਲਾਂ ਵੀ ਕਈ ਵਾਰ ਉਠਾਇਆ ਜਾ ਚੁੱਕਾ ਹੈ, ਪਰ ਜ਼ਮੀਨੀ ਪੱਧਰ 'ਤੇ ਹਾਲਾਤ ਅਜੇ ਵੀ ਚਿੰਤਾਜਨਕ ਹਨ ਅਤੇ ਤੁਰੰਤ ਠੋਸ ਕਦਮ ਚੁੱਕਣ ਦੀ ਲੋੜ ਹੈ।ਔਜਲਾ ਨੇ ਕਿਹਾ ਕਿ ਬੀਐਸਐਫ ਦੇ 50 ਕਿਲੋਮੀਟਰ ਦੇ ਡਿਪਲੋਇਮੈਂਟ ਬੈਲਟ ਅੰਦਰ ਅਜਿਹੀਆਂ ਕਈ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਜਿਸ ਕਾਰਨ ਕਾਨੂੰਨ-ਵਿਵਸਥਾ ਦੀ ਸਥਿਤੀ ਪ੍ਰਭਾਵਿਤ ਹੋ ਰਹੀ ਹੈ। ਡਰੋਨ ਰਾਹੀਂ ਗੈਰਕਾਨੂੰਨੀ ਹਥਿਆਰਾਂ ਦੀ ਆਸਾਨ ਪਹੁੰਚ ਕਾਰਨ ਸੂਬੇ ਵਿੱਚ ਅਗਵਾ, ਫਿਰੌਤੀ, ਗੈਂਗ ਗਤੀਵਿਧੀਆਂ, ਕਤਲ ਅਤੇ ਬੰਬ ਧਮਕੀਆਂ ਵਰਗੀਆਂ ਘਟਨਾਵਾਂ ਵਿੱਚ ਵੀ ਵਾਧਾ ਦੇਖਿਆ ਜਾ ਰਿਹਾ ਹੈ।ਉਨ੍ਹਾਂ ਇਹ ਵੀ ਜ਼ਿਕਰ ਕੀਤਾ ਕਿ ਸਰਹੱਦ ਦੇ ਕੁਝ ਇਲਾਕਿਆਂ ਵਿੱਚ ਹਾਲ ਹੀ ਵਿੱਚ ਲਗਾਈ ਗਈ ਕਾਂਟੇਦਾਰ ਤਾਰ (ਫੈਂਸਿੰਗ) ਕਾਰਨ ਸਥਾਨਕ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਸਥਾਨਕ ਲੋਕਾਂ ਅਤੇ ਸੁਰੱਖਿਆ ਏਜੰਸੀਆਂ ਨਾਲ ਸਲਾਹ ਕਰਕੇ ਕੁਝ ਥਾਵਾਂ 'ਤੇ ਫੈਂਸਿੰਗ ਦੀ ਸਮੀਖਿਆ ਕਰਨ ਦੀ ਲੋੜ ਹੈ।ਔਜਲਾ ਨੇ ਕਿਹਾ ਕਿ ਪੰਜਾਬ ਦੇ ਸਰਹੱਦੀ ਇਲਾਕੇ ਪਿਛਲੇ ਚਾਰ ਦਹਾਕਿਆਂ ਤੋਂ ਦਹਿਸ਼ਤਗਰਦੀ ਅਤੇ ਨਸ਼ਿਆਂ ਨਾਲ ਜੁੜੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਅੰਮ੍ਰਿਤਸਰ, ਜੋ ਸਿੱਖ ਧਰਮ ਦੀ ਆਧਿਆਤਮਿਕ ਰਾਜਧਾਨੀ ਹੈ ਅਤੇ ਜਿੱਥੇ ਸ੍ਰੀ ਹਰਿਮੰਦਰ ਸਾਹਿਬ ਸਥਿਤ ਹੈ, ਹਮੇਸ਼ਾਂ ਤੋਂ ਰਾਸ਼ਟਰੀ ਸੁਰੱਖਿਆ ਦੀ ਅੱਗੇਲੀ ਪੰਤੀ ਵਿੱਚ ਰਿਹਾ ਹੈ।

ਅੰਤ ਵਿੱਚ ਸੰਸਦ ਮੈਂਬਰ ਨੇ ਕੇਂਦਰ ਸਰਕਾਰ ਤੋਂ ਅਪੀਲ ਕੀਤੀ ਕਿ ਸਰਹੱਦ 'ਤੇ ਨਿਗਰਾਨੀ ਹੋਰ ਮਜ਼ਬੂਤ ਕੀਤੀ ਜਾਵੇ, ਆਧੁਨਿਕ ਐਂਟੀ-ਡਰੋਨ ਸਿਸਟਮ ਤਾਇਨਾਤ ਕੀਤੇ ਜਾਣ ਅਤੇ ਸਾਰੀਆਂ ਸੁਰੱਖਿਆ ਏਜੰਸੀਆਂ ਵਿਚਕਾਰ ਬਿਹਤਰ ਤਾਲਮੇਲ ਬਣਾਕੇ ਪੰਜਾਬ ਅਤੇ ਦੇਸ਼ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ।

ਡੀਪ ਫੇਕ ਟੈਕਨੋਲੋਜੀ ਅਤੇ ਆਰਟੀਫਿਸ਼ਲ ਇੰਟੈਲੀਜੈਂਸ ਮਨੁੱਖੀ ਬੁੱਧੀ ਦੀ ਇਕ ਸ਼ਾਨਦਾਰ ਉਪਲਬਧੀ ਹੈ, ਪਰ ਜੇ ਇਹ ਅਨੈਤਿਕ ਹੱਥਾਂ ਵਿੱਚ ਚਲੀ ਜਾਵੇ, ਤਾਂ ਇਹ ਸਮਾਜ ਲਈ ਬਰਬਾਦੀ ਦਾ ਕਾਰਨ ਬਣ ਸਕਦੀ ਹੈ। ਤਕਨਾਲੋਜੀ ਦਾ ਸਹੀ ਮਤਲਬ ਤਦ ਹੀ ਹੈ ਜਦੋਂ ਇਹ ਮਨੁੱਖਤਾ ਦੀ ਸੇਵਾ ਕਰੇ, ਨਾ ਕਿ ਉਸਨੂੰ ਧੋਖਾ ਦੇਵੇ। ਅਸਲ ਜ਼ਿੰਮੇਵਾਰੀ ਸਾਡੇ ਹੱਥਾਂ ਵਿੱਚ ਹੈ ਕਿ — ਅਸੀਂ ਇਸ ਤਕਨਾਲੋਜੀ ਦੇ ਗੁਲਾਮ ਨਹੀਂ, ਮਾਲਕ ਬਣੀਏ। ਭਵਿੱਖ ਦੀ ਤਸਵੀਰ ਨੂੰ ਅਗਰ ਪ੍ਰਭਾਸ਼ਿਤ ਕਰਨਾ ਚਾਹੀਏ ਤਾਂ ਭਵਿੱਖ ਵਿੱਚ ਏਆਈ ਸਾਡੀ ਜ਼ਿੰਦਗੀ ਨੂੰ ਹੋਰ ਵੀ ਸੁਗਮ ਬਣਾਏਗੀ। ਪਰ ਜੇ ਇਸ ਦੀ ਵਰਤੋਂ 'ਤੇ ਨਿਯੰਤਰਣ ਨਾ ਕੀਤਾ ਗਿਆ, ਤਾਂ ਇਹ ਸੱਚ ਅਤੇ ਵਿਸ਼ਵਾਸ ਦੀ ਮੂਲ ਧਾਰਣਾ ਨੂੰ ਕਮਜ਼ੋਰ ਕਰ ਸਕਦੀ ਹੈ। ਆਰਟੀਫ਼ਿਸ਼ਲ ਇੰਟੈਲੀਜੈਂਸ ਅਤੇ ਡੀਪ ਫੇਕ ਟੈਕਨੋਲੋਜੀ ਇੱਕ ਵੱਡੀ ਤਾਕਤ ਹਨ। ਇਹ ਤਾਕਤ ਮਨੁੱਖਤਾ ਦੀ ਭਲਾਈ ਲਈ ਵੀ ਵਰਤੀ ਜਾ ਸਕਦੀ ਹੈ ਅਤੇ ਵਿਨਾਸ਼ ਲਈ ਵੀ। ਸਮਾਜ ਦੀ ਸੁਰੱਖਿਆ ਲਈ ਲੋੜ ਹੈ ਸਾਵਧਾਨੀ, ਨੈਤਿਕਤਾ ਅਤੇ ਸਹੀ ਜਾਣਕਾਰੀ ਦੀ। ਡਿਜ਼ੀਟਲ ਯੁੱਗ ਵਿੱਚ ਸਿਰਫ਼ ਤਕਨੀਕ ਨਹੀਂ, ਸੱਚ ਦੀ ਰੱਖਿਆ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਡੀਪ ਫੇਕ ਟੈਕਨੋਲੋਜੀ ਦੇ ਖਤਰਿਆਂ ਤੋਂ ਬਚਾਅ ਲਈ ਕੁਝ ਅਹਿਮ ਕਦਮ ਇਹ ਹਨ ਕਿ ਉਸ ਸਰੋਤ ਦੀ ਪੁਸ਼ਟੀ ਕੀਤੀ ਜਾਵੇ, ਅਤੇ ਕਿਸੇ ਵੀ ਸੰਦੇਸ਼ ਜਾਂ ਵੀਡੀਓ ਨੂੰ ਸਾਂਝਾ ਕਰਨ ਤੋਂ ਪਹਿਲਾਂ ਉਸਦਾ ਅਧਿਕਾਰਕ ਸਰੋਤ ਚੈਕ ਕੀਤਾ ਜਾਵੇ। ਕਿਸੇ ਵੀ ਘਟਨਾ ਦੀ ਸਮਾਨਤਾਵਾਂ ਅਤੇ ਅਸਮਾਨਤਾਵਾਂ ਦੀ ਪਛਾਣ ਕਰਨੀ ਚਾਹੀਦੀ ਹੈ। ਜਿਸ ਵਿੱਚ ਮੁੱਖ ਰੂਪ ਨਾਲ ਕਿਸੇ ਵੀਡੀਓ ਵਿਚ ਬੋਲਣ ਸਮੇਂ ਹੋਂਠਾਂ ਅਤੇ ਅਵਾਜ਼ ਵਿੱਚ ਅੰਤਰ ਹੋਣਾ, ਅੱਖਾਂ ਦੀ ਅਸੁਭਾਵਿਕ ਹਿੱਲਜੁਲ ਕਰਨਾ, ਵੀਡੀਓ ਜਾਂ ਫੋਟੋਆਂ ਅੰਦਰ ਚਿਹਰੇ 'ਤੇ ਰੋਸ਼ਨੀ ਦੀ ਗ਼ਲਤ ਦਿਸ਼ਾ ਤੋਂ ਪੈਣਾ ਮੁੱਖ ਹਨ।

ਇਸ ਤੋਂ ਉਨ੍ਹਾ ਅਧਿਕਾਰਕ ਚੈਨਲਾਂ ਦੀ ਪਛਾਣ ਚੰਗੀ ਤਰ੍ਹਾ ਕੀਤੀ ਜਾਵੇ ਕਿ ਇਹ ਸਹੀ ਜਾਂ ਗ਼ਲਤ ਹਾਂ, ਜੋ ਇਹ ਖਬਰ ਜਾਂ ਵੀਡੀਓ ਪ੍ਰਸਾਰਿਤ ਕਰਦੇ ਹਨ। ਖਾਸਕਰ ਕਿਸੇ ਪ੍ਰਕਾਰ ਦੀ ਧਾਰਮਿਕ ਜਾਂ ਸਰਕਾਰੀ ਜਾਣਕਾਰੀ ਸਿਰਫ਼ ਅਧਿਕਾਰਕ ਵੈੱਬਸਾਈਟਾਂ ਜਾਂ ਪ੍ਰਮਾਣਿਤ ਸੋਸ਼ਲ ਮੀਡੀਆ ਖਾਤਿਆਂ/ਚੈਨਲਾਂ ਤੋਂ ਹੀ ਲੈਣੀ ਚਾਹੀਦੀ ਹੈ। ਜੇ ਕੋਈ ਸ਼ੱਕੀ ਮਾਮਲਾ ਮਿਲੇ, ਤਾਂ ਤੁਰੰਤ ਸਾਈਬਰ ਕ੍ਰਾਈਮ ਪੋਰਟਲ ਜਾਂ ਸਥਾਨਕ ਪੁਲਿਸ ਨੂੰ ਸੂਚਿਤ ਕਰਨਾ ਚਾਹੀਦਾ ਹੈ। ਇਸ ਸਬੰਧੀ ਸਮਾਜ ਅੰਦਰ ਜਾਗਰੂਕਤਾ ਕਿਵੇਂ ਫੈਲਾਈ ਜਾਵੇ, ਇਸ ਬਾਰੇ ਸਕੂਲਾਂ ਅਤੇ ਕਾਲਜਾਂ ਵਿੱਚ ਡਿਜ਼ੀਟਲ ਲਿਟਰੇਸੀ ਸੈਸ਼ਨ, ਗੁਰਦੁਆਰਿਆਂ ਅਤੇ ਸਮਾਜਿਕ ਮੰਚਾਂ ਰਾਹੀਂ ਸੂਚਨਾਵਾਂ ਭਰਪੂਰ ਕੈਂਪ ਆਦਿ ਅਤੇ ਸੋਸ਼ਲ ਮੀਡੀਆ ਜਾਗਰੂਕਤਾ ਮੁਹਿੰਮ ਦੇ ਨਾਲ-ਨਾਲ ਅਖਬਾਰਾਂ ਅਤੇ ਮੈਗਜ਼ੀਨਾਂ ਵਿੱਚ ਵਿਸ਼ਲੇਸ਼ਣਾਤਮਕ ਲੇਖ ਛਪਵਾ ਕੇ ਨੌਜਵਾਨਾਂ ਅਤੇ ਸਮਾਜ ਨੂੰ ਇਸ ਬਾਰੇ ਜਾਣਕਾਰੀ ਦੇਣ ਅਤੇ ਸਮਝਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ।

# 533 ਦਿਨਾਂ ਤੋਂ ਸਮਾਣਾ ਟਾਵਰ ਮੋਰਚੇ ਤੇ ਡਟੇ ਭਾਈ ਗੁਰਜੀਤ ਸਿੰਘ ਖਾਲਸਾ ਦਾ ਵੱਡਾ ਐਲਾਨ

## ਉੱਨਾਂ ਆਪਣੀ ਅਤੇ ਟਾਵਰ ਮੋਰਚੇ ਦੀ ਦੇਣਦਾਰੀ ਸਾਬਤ ਕਰਨ ਵਾਲੇ ਨੂੰ 5 ਲੱਖ ਦੇ ਇਨਾਮ ਦੀ ਕੀਤੀ ਪੇਸ਼ਕਸ਼

### ਝੂਠੀਆਂ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਦਿੱਤੀ ਚਿਤਾਵਨੀ, ਕਿਹਾ— ਮੋਰਚੇ ਨੂੰ ਬਦਨਾਮ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ



ਸਮਾਣਾ 14 ਮਾਰਚ (ਹਰਜਿੰਦਰ ਸਿੰਘ ਜਵੰਦਾ) ਪਿਛਲੇ 533 ਦਿਨਾਂ ਤੋਂ ਸਮੂਹ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ 'ਤੇ ਚੜ੍ਹੇ ਭਾਈ ਗੁਰਜੀਤ ਸਿੰਘ ਨੇ ਅੱਜ ਇੱਕ ਅਹਿਮ ਅਤੇ ਵੱਡਾ ਐਲਾਨ ਕਰਦਿਆਂ ਵਿਰੋਧੀਆਂ ਨੂੰ ਕਰਾਰਾ ਜਵਾਬ ਦਿੱਤਾ ਹੈ। ਗੁਰਜੀਤ ਸਿੰਘ ਨੇ ਸਪੱਸ਼ਟ ਕੀਤਾ ਹੈ ਕਿ ਜੇਕਰ ਕੋਈ ਵੀ ਵਿਅਕਤੀ ਇਹ ਸਾਬਤ ਕਰ ਦੇਵੇ ਕਿ ਉਸ ਦੀ ਜਾਂ ਟਾਵਰ ਮੋਰਚੇ ਦੀ ਕਿਸੇ ਨਾਲ ਕੋਈ ਵੀ ਪੈਸੇ ਦੀ ਦੇਣਦਾਰੀ (ਲੈਣ-ਦੇਣ) ਬਾਕੀ ਹੈ, ਤਾਂ ਉਸ ਨੂੰ ਮੋਰਚੇ ਵੱਲੋਂ 5 ਲੱਖ ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਲਵਿੰਦਰ ਸਿੰਘ ਔਲਖ ਨੇ ਕਿਹਾ ਕਿ ਭਾਈ ਗੁਰਜੀਤ ਸਿੰਘ ਨੇ ਗਲਤ ਅਫ਼ਵਾਹਾਂ ਫੈਲਾਉਣ ਵਾਲਿਆਂ ਬਾਰੇ ਕਿਹਾ ਕਿ ਕੁਝ ਸ਼ਰਾਰਤੀ ਅਨਸਰ ਮੋਰਚੇ ਦੀ ਚੜ੍ਹਦੀ ਕਲਾ ਨੂੰ ਦੇਖ ਕੇ ਬੁਖਲਾਹਟ ਵਿੱਚ ਹਨ ਅਤੇ ਸੋਸ਼ਲ ਮੀਡੀਆ ਜਾਂ ਹੋਰ ਸਾਧਨਾਂ ਰਾਹੀਂ ਝੂਠੀਆਂ ਅਫ਼ਵਾਹਾਂ ਫੈਲਾ ਕੇ ਸੰਘਰਸ਼ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਗੱਲਾਂ ਫੈਲਾਈਆਂ ਜਾ ਰਹੀਆਂ ਹਨ ਕਿ ਮੋਰਚੇ ਸਿਰ ਕੋਈ ਦੇਣਦਾਰੀ ਹੈ, ਜੋ ਕਿ ਪੂਰੀ ਤਰ੍ਹਾਂ ਬੇਬੁਨਿਆਦ ਹੈ।

ਮੋਰਚੇ ਦੇ ਆਗੂਆਂ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਕਿਹਾ ਕਿ ਹੁਣ ਅਫ਼ਵਾਹਾਂ ਫੈਲਾਉਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਮੋਰਚਾ ਪੂਰੀ ਤਰ੍ਹਾਂ ਪਾਰਦਰਸ਼ੀ ਤਰੀਕੇ ਨਾਲ ਚੱਲ ਰਿਹਾ ਹੈ ਅਤੇ ਝੂਠੀ ਬਿਆਨਬਾਜ਼ੀ ਕਰਨ ਵਾਲਿਆਂ ਵਿਰੁੱਧ ਮੋਰਚੇ ਵੱਲੋਂ ਜਲਦ ਹੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਜ਼ਿਕਰਯੋਗ ਹੈ ਕਿ ਗੁਰਜੀਤ ਸਿੰਘ ਲੰਬੇ ਸਮੇਂ ਤੋਂ ਟਾਵਰ 'ਤੇ ਡਟੇ ਹੋਏ ਹਨ ਅਤੇ ਉਨ੍ਹਾਂ ਦਾ ਕਹਿਣਾ ਹੈ ਕਿ ਜਦੋਂ ਤੱਕ ਬੇਅਦਬੀ ਤੇ ਕੋਈ ਕਾਨੂੰਨ ਬਣਾਉਣ ਦੀ ਮੰਗ ਨਹੀਂ ਹੁੰਦੀ, ਸੰਘਰਸ਼ ਜਾਰੀ ਰਹੇਗਾ।

# ਸ਼੍ਰੋਮਣੀ ਕਮੇਟੀ ਵੱਲੋਂ ਨਵੇਂ ਵਰ੍ਹੇ ਨਾਨਕਸ਼ਾਹੀ ਸੰਮਤ 558 ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ , ਐਡਵੋਕੇਟ ਧਾਮੀ ਨੇ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਲਈ 4 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਕੀਤਾ ਐਲਾਨ , ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਲਈ ਆਖਿਆ



ਨਵੀਂ ਦਿੱਲੀ, 14 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦੇ ਸਮੂਹ ਮੁਲਾਜ਼ਮਾਂ ਨੂੰ ਆਪਣੀ ਡਿਊਟੀ ਦੌਰਾਨ ਰਵਾਇਤੀ ਸਿੱਖ ਪਹਿਰਾਵੇ ਅਨੁਸਾਰ ਕੁੜਤਾ ਪਜਾਮਾ ਪਹਿਨਣ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਵਿੱਚ ਸੇਵਾ ਨਿਭਾਉਣ ਵਾਲੇ ਹਰ ਸੇਵਾਦਾਰ ਅਤੇ ਮੁਲਾਜ਼ਮ ਦੀ ਜ਼ਿੰਮੇਵਾਰੀ ਹੈ ਕਿ ਉਹ ਆਪਣੀ ਦਿੱਖ ਅਤੇ ਆਚਾਰ ਵਿਹਾਰ ਰਾਹੀਂ ਸਿੱਖ ਪਰੰਪਰਾਵਾਂ ਦੀ ਮਰਯਾਦਾ ਨੂੰ ਮਜ਼ਬੂਤ ਬਣਾਉਣ। ਇਹ ਵਿਚਾਰ ਉਨ੍ਹਾਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਮਤ ਨਾਨਕਸ਼ਾਹੀ 558 ਦੀ ਆਮਦ ਸਬੰਧੀ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਪਣੇ ਸੰਬੋਧਨ ਦੌਰਾਨ ਪ੍ਰਗਟ ਕੀਤੇ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਦੀਆਂ ਰਵਾਇਤਾਂ ਅਤੇ ਪਰੰਪਰਾਵਾਂ ਬਹੁਤ ਸ਼ਾਨਦਾਰ ਹਨ ਅਤੇ ਇਹ ਸਾਡੀ ਪਛਾਣ ਦਾ ਅਹਿਮ ਹਿੱਸਾ ਹਨ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਦਾ ਪ੍ਰਬੰਧ ਸੰਗਤ ਦੇ ਸਹਿਯੋਗ ਨਾਲ ਚੱਲਦਾ ਹੈ ਅਤੇ ਇਸ ਕਰਕੇ ਗੁਰਦੁਆਰਾ ਸਾਹਿਬਾਨ ਵਿੱਚ ਸੇਵਾ ਨਿਭਾਉਣ ਵਾਲੇ ਸੇਵਾਦਾਰ, ਮੁਲਾਜ਼ਮ ਅਤੇ ਅਧਿਕਾਰੀ ਸਾਦਗੀ ਭਰਿਆ ਅਤੇ ਰਵਾਇਤੀ ਪਹਿਰਾਵਾ ਅਪਣਾਉਣ। ਇਸ ਨਾਲ ਗੁਰੂ ਘਰਾਂ ਦੀ ਮਰਯਾਦਾ ਅਤੇ ਸਿੱਖੀ ਅਸੂਲਾਂ ਦੀ ਝਲਕ ਪ੍ਰਗਟ ਹੁੰਦੀ ਹੈ। ਉਨ੍ਹਾਂ ਸਮੂਹ ਮੁਲਾਜ਼ਮਾਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਡਿਊਟੀ ਦੀ ਸ਼ੁਰੂਆਤ ਹਰ ਰੋਜ਼ ਸਮੂਹਿਕ ਤੌਰ 'ਤੇ ਮੂਲ ਮੰਤਰ ਅਤੇ ਵਾਹਿਗੁਰੂ ਗੁਰਮੰਤਰ ਦੇ ਜਾਪ ਨਾਲ ਕੀਤੀ ਜਾਵੇ। ਇਸ ਮੌਕੇ ਪ੍ਰਧਾਨ ਧਾਮੀ ਨੇ ਸ਼੍ਰੋਮਣੀ ਕਮੇਟੀ ਅਤੇ ਇਸ ਦੇ ਪ੍ਰਬੰਧ ਹੇਠ ਕੰਮ ਕਰਦੇ ਮੁਲਾਜ਼ਮਾਂ ਲਈ 1 ਅਪ੍ਰੈਲ ਤੋਂ 4 ਫੀਸਦੀ ਮਹਿੰਗਾਈ ਭੱਤਾ ਵਧਾਉਣ ਦਾ ਐਲਾਨ ਵੀ ਕੀਤਾ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਦੀ ਭਲਾਈ ਅਤੇ ਸਹੂਲਤਾਂ ਦਾ ਧਿਆਨ ਰੱਖਣਾ ਸ਼੍ਰੋਮਣੀ ਕਮੇਟੀ ਦੀ ਜ਼ੁੰਮੇਵਾਰੀ ਹੈ, ਲੇਕਿਨ ਮੁਲਾਜ਼ਮਾਂ ਦੀ ਸੰਗਤਾਂ ਅਤੇ ਸੰਸਥਾ ਦੀ ਮਾਣ ਮਰਿਆਦਾ ਪ੍ਰਤੀ ਸਮਰਪਣ ਸਭ ਤੋਂ ਪਹਿਲਾਂ ਹੈ। ਇਸ ਮੌਕੇ ਉਨ੍ਹਾਂ ਸੰਗਤ ਨੂੰ ਨਾਨਕਸ਼ਾਹੀ ਨਵੇਂ ਸਾਲ ਦੀਆਂ ਵਧਾਈਆਂ ਦਿੰਦਿਆਂ ਅਰਦਾਸ ਕੀਤੀ ਕਿ ਅਕਾਲ ਪੁਰਖ ਸਾਰੀ ਮਨੁੱਖਤਾ 'ਤੇ ਆਪਣੀ ਕਿਰਪਾ ਬਣਾਈ ਰੱਖਣ ਅਤੇ ਸਿੱਖ ਕੌਮ ਨੂੰ ਗੁਰੂ ਸਾਹਿਬਾਨ ਦੀਆਂ ਸਿਖਿਆਵਾਂ ਅਨੁਸਾਰ ਜੀਵਨ ਜੀਊਣ ਦੀ ਪ੍ਰੇਰਣਾ ਬਖ਼ਸ਼ਣ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਪਾਵਨ ਹੁਕਮਨਾਮਾ ਤੋਂ ਬਾਅਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਥਾ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਜਸਮੇਰ ਸਿੰਘ ਲਾਛੜੂ, ਭਾਈ ਅਜੈਬ ਸਿੰਘ ਅਭਿਆਸੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਹਿਬਾਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਵਧੀਕ ਮੈਨੇਜਰ ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ, ਮੀਤ ਮੈਨੇਜਰ ਸ. ਦਿਲਬਾਗ ਸਿੰਘ, ਸ. ਬਲਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।


## ਸ਼ਹੀਦ ਪਰਿਵਾਰਾਂ ਦੇ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।

(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।

(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.

(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank, Tripuri, Patiala - 14701